ਚੰਡੀਗੜ੍ਹ ਦਫ਼ਤਰ
ਐਸ.ਸੀ.ਓ. 1136
ਸੈਕਟਰ 22 ਬੀ,

Chandigarh Office
S.C.O. 1136
SECTOR 22-B
email: advtdeshpardesh.com

ਰੋਜ਼ਾਨਾ
ਦੇਸ਼ ਪ੍ਰਦੇਸ਼
ਸੱਚੀ ਖ਼ਬਰ, ਸਹੀ ਡਗਰ, ਸਦਾ ਨਿਡਰ
ਪ੍ਰਕਾਸ਼ਨ ਦਾ 36ਵਾਂ ਸਾਲ
ਚੰਡੀਗੜ੍ਹ ਸੰਸਕਰਣ
CHANDIGARH EDITION
Email - deshpardeshchd@gmail.com
ਮੁੱਖ ਸੰਪਾਦਕ
ਸ਼ਸ਼ੀ ਪਾਲ ਜੈਨ
Des Pardes

ਕਿਸਾਨਾਂ ਦੀ ਫ਼ਸਲ ਰੱਖਣ ਲਈ ਮੰਡੀਆਂ ਤੋਂ ਇਲਾਵਾ ਪੁੱਲ੍ਹੀਆਂ ਥਾਂਵਾਂ ਦੀ ਵੀ ਨਿਸ਼ਾਨਦੇਹੀ ਲਾਜ਼ਮੀ : ਸੀਐਮ ਸੈਣੀ 03

ਸਾਲ 2, ਅੰਕ 14 Ph (Mohali Office) : 0160-2990739; (M) : +91-98156-16078 ਬੁੱਧਵਾਰ, 14 ਅਕਤੂਬਰ 2026 (28 ਅੱਸੂ, ਨਾਨਕਸ਼ਾਹੀ ਸੰਮਤ 558) RNI NO. CHPUN/25/A1263. ਸਫ਼ੇ - 8 ਮੁੱਲ :₹2

ਹਵਾਰਾ ਦੀ ਰਿਹਾਈ ਨਾਲ ਪੰਜਾਬ ਦੇ ਅਮਨ-ਕਾਨੂੰਨ ਨੂੰ ਕੋਈ ਖ਼ਤਰਾ ਨਹੀਂ : ਮੁੱਖ ਮੰਤਰੀ ਭਗਵੰਤ ਮਾਨ

ਕਿਹਾ- ਬੰਦੀ ਸਿੰਘਾਂ ਦੀ ਰਿਹਾਈ ਲਈ ਹਰ ਕਾਨੂੰਨੀ ਰਾਹ ਅਪਣਾਵਾਂਗੇ

ਦੇਸ਼ ਪ੍ਰਦੇਸ਼ **ਚੰਡੀਗੜ੍ਹ, 13 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ)** : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਹੈ ਕਿ ਜਗਤਾਰ ਸਿੰਘ ਹਵਾਰਾ ਦੀ ਰਿਹਾਈ ਨਾਲ ਪੰਜਾਬ ਵਿੱਚ ਅਮਨ-ਕਾਨੂੰਨ ਦੀ ਸਥਿਤੀ ਖ਼ਰਾਬ ਹੋਣ ਦਾ ਕੋਈ ਖ਼ਦਸ਼ਾ ਨਹੀਂ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਬੰਦੀ ਸਿੰਘਾਂ ਦੀ ਰਿਹਾਈ ਲਈ ਕਾਨੂੰਨ ਅਤੇ ਸੰਵਿਧਾਨ ਦੇ ਦਾਇਰੇ ਵਿੱਚ ਰਹਿ ਕੇ ਹਰ ਸੰਭਵ ਕੋਸ਼ਿਸ਼ ਕਰੇਗੀ। ਉਨ੍ਹਾਂ ਦਾ ਕਹਿਣਾ ਹੈ ਕਿ ਕਿਸੇ ਵੀ ਵਿਅਕਤੀ ਨੂੰ ਇਨਸਾਫ਼ ਮਿਲਣ ਦੀ ਉਡੀਕ ਬੇਵਜ਼ਾ ਲੰਮੇ ਸਮੇਂ ਤੱਕ ਨਹੀਂ ਕਰਵਾਈ ਜਾਣੀ ਚਾਹੀਦੀ।

ਮੁੱਖ ਮੰਤਰੀ ਨੇ ਇਹ ਗੱਲ ਕੌਮੀ ਇਨਸਾਫ਼ ਮੋਰਚੇ ਦੇ ਨੁਮਾਇੰਦਿਆਂ, ਸਿੱਖ ਜਥੇਬੰਦੀਆਂ, ਕਿਸਾਨ ਯੂਨੀਅਨਾਂ ਅਤੇ ਹੋਰ ਧਿਰਾਂ ਨਾਲ ਹੋਈ ਮੀਟਿੰਗ ਦੌਰਾਨ ਕਹੀ। ਮੀਟਿੰਗ ਵਿੱਚ ਬੰਦੀ ਸਿੰਘਾਂ ਦੀ ਰਿਹਾਈ ਨਾਲ ਜੁੜੇ ਮਾਮਲਿਆਂ 'ਤੇ ਵਿਚਾਰ ਕੀਤਾ ਗਿਆ। ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਇਨ੍ਹਾਂ ਮਾਮਲਿਆਂ ਦਾ ਹੱਲ ਕੱਢਣ ਲਈ ਲਗਾਤਾਰ ਯਤਨ ਕਰ ਰਹੀ ਹੈ ਅਤੇ ਕਾਨੂੰਨੀ ਰਾਹੀਂ ਅੱਗੇ ਵਧਣਾ ਚਾਹੁੰਦੀ ਹੈ।

ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਜਗਤਾਰ ਸਿੰਘ ਹਵਾਰਾ ਨੂੰ ਆਪਣੀ ਬਿਮਾਰ ਮਾਂ ਨੂੰ ਮਿਲਣ ਲਈ ਪੈਰੋਲ ਦੇਣ ਦਾ ਮਾਮਲਾ ਸਰਕਾਰ ਵੱਲੋਂ ਉਠਾਇਆ ਗਿਆ ਹੈ। ਇਸ ਸਬੰਧੀ ਪੰਜਾਬ ਸਰਕਾਰ ਨੇ ਕੇਂਦਰ ਸਰਕਾਰ ਅਤੇ ਪੰਜਾਬ ਦੇ ਰਾਜਪਾਲ ਨੂੰ ਭਰੋਸਾ ਦਿੱਤਾ ਹੋਇਆ ਹੈ ਕਿ ਪੈਰੋਲ ਮਿਲਣ ਦੀ ਸੂਰਤ ਵਿੱਚ ਸੂਬੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਕਾਇਮ ਰੱਖੀ ਜਾਵੇਗੀ।

ਇਸ ਦੇ ਬਾਵਜੂਦ ਕੇਂਦਰ ਸਰਕਾਰ ਵੱਲੋਂ ਹਾਲੇ ਤੱਕ ਪੈਰੋਲ ਨੂੰ ਮਨਜ਼ੂਰੀ ਨਹੀਂ ਦਿੱਤੀ ਗਈ। ਮੁੱਖ ਮੰਤਰੀ ਨੇ ਇਸ ਮਾਮਲੇ 'ਤੇ ਆਪਣੀ ਗੱਲ ਰੱਖਦਿਆਂ ਕਿਹਾ ਕਿ ਸਰਕਾਰ ਚਾਹੁੰਦੀ ਹੈ ਕਿ ਇਸ ਬਾਰੇ ਜਲਦੀ ਫ਼ੈਸਲਾ ਹੋਵੇ। ਪੈਰੋਲ ਦਾ ਮਤਲਬ ਹੈ ਕਿ ਕਿਸੇ ਕੈਦੀ ਨੂੰ ਖ਼ਾਸ ਕਾਰਨਾਂ ਕਰਕੇ ਕੁਝ ਸਮੇਂ ਲਈ ਜੇਲ੍ਹ ਤੋਂ ਬਾਹਰ ਰਹਿਣ ਦੀ ਇਜਾਜ਼ਤ ਦਿੱਤੀ ਜਾ ਸਕਦੀ ਹੈ। ਇਹ ਇਜਾਜ਼ਤ ਸਬੰਧਤ ਕਾਨੂੰਨੀ ਨਿਯਮਾਂ ਅਤੇ ਅਧਿਕਾਰੀਆਂ ਦੇ ਫ਼ੈਸਲੇ ਅਨੁਸਾਰ ਦਿੱਤੀ ਜਾਂਦੀ ਹੈ। ਹਵਾਰਾ ਦੇ ਮਾਮਲੇ ਵਿੱਚ ਪੰਜਾਬ ਸਰਕਾਰ ਵੱਲੋਂ ਪੈਰੋਲ ਲਈ ਕੀਤੇ ਜਾ ਰਹੇ ਯਤਨਾਂ ਦੇ ਬਾਵਜੂਦ ਅੰਤਿਮ ਮਨਜ਼ੂਰੀ ਮਿਲਣੀ ਬਾਕੀ ਹੈ। ਮੁੱਖ ਮੰਤਰੀ ਨੇ ਇਹ ਵੀ ਕਿਹਾ ਕਿ ਪਰਮਜੀਤ ਸਿੰਘ ਭਿਓਰਾ ਅਤੇ ਜਗਤਾਰ ਸਿੰਘ ਤਾਰਾ ਨਾਲ ਜੁੜੇ ਪੈਰੋਲ ਦੇ ਮਾਮਲੇ ਵੀ ਪੰਜਾਬ ਦੇ ਰਾਜਪਾਲ ਕੋਲ ਉਠਾਏ ਜਾਣਗੇ। ਇਸ ਬਾਕੀ ਸਫ਼ਾ 7 'ਤੇ

ਪਰਵਿੰਦਰ ਸਿੰਘ ਝੋਟਾ ਕਤਲ ਸਬੰਧੀ ਸੀਐਮ ਮਾਨ ਨੇ ਸੱਦੀ ਉੱਚ-ਪੱਧਰੀ ਮੀਟਿੰਗ

ਚੰਡੀਗੜ੍ਹ, 13 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ) : ਮਾਨਸਾ ਵਿੱਚ ਨਸ਼ਾ-ਵਿਰੋਧੀ ਕਾਰਕੁਨ ਪਰਵਿੰਦਰ ਸਿੰਘ ਝੋਟਾ ਦੇ ਕਤਲ ਤੋਂ ਬਾਅਦ ਅਤੇ ਸੂਬੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਲੈ ਕੇ ਪੈਦਾ ਹੋਈ ਚਿੰਤਾ ਦੇ ਮੱਦੇਨਜ਼ਰ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇੱਕ ਉੱਚ-ਪੱਧਰੀ ਮੀਟਿੰਗ ਸੱਦੀ ਹੈ। ਪ੍ਰਾਪਤ ਜਾਣਕਾਰੀ ਅਨੁਸਾਰ, ਇਸ ਘਟਨਾ ਤੋਂ ਬਾਅਦ ਮੁੱਖ ਮੰਤਰੀ ਨੇ ਉੱਚ ਅਧਿਕਾਰੀਆਂ ਨਾਲ ਗੱਲਬਾਤ ਸ਼ੁਰੂ ਕਰ ਦਿੱਤੀ ਹੈ। ਉਨ੍ਹਾਂ ਵੱਲੋਂ ਸਾਰੇ ਜ਼ਿਲ੍ਹਿਆਂ ਦੇ ਸੀਨੀਅਰ ਪੁਲਿਸ ਕਪਤਾਨਾਂ ਅਤੇ ਡਿਪਟੀ ਕਮਿਸ਼ਨਰਾਂ ਨਾਲ ਮੀਟਿੰਗ ਕਰਨ ਦੀ ਵੀ ਸੰਭਾਵਨਾ ਹੈ, ਜਿਸ ਵਿੱਚ ਅਮਨ-ਕਾਨੂੰਨ ਦੇ ਪ੍ਰਬੰਧਾਂ ਦੀ ਸਮੀਖਿਆ ਕੀਤੀ ਜਾਵੇਗੀ ਅਤੇ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਉਪਾਵਾਂ ਦਾ ਜਾਇਜ਼ਾ ਲਿਆ ਜਾਵੇਗਾ। ਇਸ ਕਤਲ ਬਾਕੀ ਸਫ਼ਾ 7 'ਤੇ

ਪਰਵਿੰਦਰ ਸਿੰਘ ਝੋਟਾ ਦੇ ਕਤਲ ਮਗਰੋਂ ਭਖੀ ਪੰਜਾਬ ਦੀ ਸਿਆਸਤ

ਕੇਵਲ ਸਿੰਘ ਢਿੱਲੋਂ ਤੇ ਸੁਨੀਲ ਜਾਖੜ ਨੇ ਸਰਕਾਰ ਨੂੰ ਘੇਰਿਆ

ਦੇਸ਼ ਪ੍ਰਦੇਸ਼ **ਚੰਡੀਗੜ੍ਹ / ਮਾਨਸਾ, 13 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ)** : ਪੰਜਾਬ ਦੇ ਮਾਨਸਾ ਸ਼ਹਿਰ ਵਿੱਚ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲੇ ਪਰਵਿੰਦਰ ਸਿੰਘ ਝੋਟਾ ਦੀ ਗੋਲੀ ਮਾਰ ਕੇ ਹੱਤਿਆ ਕੀਤੇ ਜਾਣ ਤੋਂ ਬਾਅਦ ਸੂਬੇ ਦੀ ਸਿਆਸਤ ਗਰਮਾ ਗਈ ਹੈ। ਇਸ ਘਟਨਾ ਨੂੰ ਲੈ ਕੇ ਭਾਜਪਾ ਆਗੂ ਕੇਵਲ ਸਿੰਘ ਢਿੱਲੋਂ ਅਤੇ ਪੰਜਾਬ ਭਾਜਪਾ ਦੇ ਪ੍ਰਧਾਨ ਸੁਨੀਲ ਜਾਖੜ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਸਰਕਾਰ 'ਤੇ ਸਵਾਲ ਚੁੱਕੇ ਹਨ। ਦੋਵਾਂ ਆਗੂਆਂ ਨੇ ਪੰਜਾਬ ਵਿੱਚ ਕਾਨੂੰਨ-ਵਿਵਸਥਾ ਅਤੇ ਨਸ਼ਿਆਂ ਨੂੰ ਰੋਕਣ ਲਈ ਚੁੱਕੇ ਜਾ ਰਹੇ ਕਦਮਾਂ ਬਾਰੇ ਸਰਕਾਰ ਤੋਂ ਜਵਾਬ ਮੰਗਿਆ ਹੈ। ਪਰਵਿੰਦਰ ਸਿੰਘ ਝੋਟਾ ਦੇ ਕਤਲ ਤੋਂ ਬਾਅਦ ਭਾਜਪਾ ਆਗੂ ਕੇਵਲ ਸਿੰਘ ਢਿੱਲੋਂ ਨੇ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਘੇਰਿਆ ਹੈ। ਉਨ੍ਹਾਂ ਨੇ ਇਸ ਘਟਨਾ ਨੂੰ ਸੂਬੇ ਦੀ ਕਾਨੂੰਨ-ਵਿਵਸਥਾ ਨਾਲ ਜੋੜਦਿਆਂ ਕਿਹਾ ਕਿ ਪੰਜਾਬ ਵਿੱਚ ਕਤਲਾਂ, ਗੈਂਗਸਟਰਾਂ ਅਤੇ ਨਸ਼ਿਆਂ ਦੀ ਸਮੱਸਿਆ ਗੰਭੀਰ ਬਣੀ ਹੋਈ ਹੈ। ਢਿੱਲੋਂ ਨੇ ਸਵਾਲ ਕੀਤਾ ਕਿ ਜੇਕਰ ਸੂਬੇ ਵਿੱਚ ਕਾਨੂੰਨ-ਵਿਵਸਥਾ ਠੀਕ ਹੈ, ਤਾਂ ਅਜਿਹੀਆਂ ਘਟਨਾਵਾਂ ਕਿਉਂ ਵਾਪਰ ਰਹੀਆਂ ਹਨ। ਉਨ੍ਹਾਂ ਨੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਨਿਸ਼ਾਨਾ ਬਣਾਉਂਦਿਆਂ ਸਰਕਾਰ ਦੇ ਬਦਲਾਅ ਦੇ ਦਾਅਵਿਆਂ 'ਤੇ ਵੀ ਸਵਾਲ ਚੁੱਕੇ। ਉਨ੍ਹਾਂ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਸੁਰੱਖਿਅਤ ਮਾਹੌਲ ਮਿਲਣਾ ਚਾਹੀਦਾ ਹੈ ਅਤੇ ਸਰਕਾਰ ਨੂੰ ਇਸ ਮਾਮਲੇ ਵਿੱਚ ਆਪਣੀ ਜਵਾਬਦੇਹੀ ਨਿਭਾਉਣੀ ਚਾਹੀਦੀ ਹੈ। ਢਿੱਲੋਂ ਨੇ ਮੁੱਖ ਮੰਤਰੀ ਤੋਂ ਅਸਤੀਫ਼ੇ ਦੀ ਮੰਗ ਵੀ ਕੀਤੀ। ਪੰਜਾਬ ਭਾਜਪਾ ਦੇ ਪ੍ਰਧਾਨ ਸੁਨੀਲ ਜਾਖੜ ਨੇ ਵੀ ਪਰਵਿੰਦਰ ਸਿੰਘ ਝੋਟਾ ਦੀ ਹੱਤਿਆ ਨੂੰ ਲੈ ਕੇ ਸੂਬਾ ਸਰਕਾਰ 'ਤੇ ਨਿਸ਼ਾਨਾ ਸਾਧਿਆ ਹੈ। ਜਾਖੜ ਨੇ ਦਾਅਵਾ ਕੀਤਾ ਕਿ ਪੰਜਾਬ ਵਿੱਚ ਨਸ਼ਿਆਂ ਦੀ ਸਮੱਸਿਆ, ਖ਼ਾਸ ਕਰਕੇ ਦਵਾਈਆਂ ਰਾਹੀਂ ਨਸ਼ਾ ਕਰਨ ਦਾ ਮਾਮਲਾ, ਚਿੰਤਾ ਦਾ ਵਿਸ਼ਾ ਬਣਿਆ ਹੋਇਆ ਹੈ। ਉਨ੍ਹਾਂ ਨੇ ਕਿਹਾ ਕਿ ਜਦੋਂ ਪੁਲਿਸ ਦੇ ਉੱਚ ਅਧਿਕਾਰੀ ਵੀ ਮੈਡੀਕਲ ਨਸ਼ਿਆਂ ਦੇ ਵਧਣ ਬਾਰੇ ਗੱਲ ਕਰ ਚੁੱਕੇ ਹਨ, ਤਾਂ ਸਰਕਾਰ ਨੂੰ ਦੱਸਣਾ ਚਾਹੀਦਾ ਹੈ ਕਿ ਇਸ ਸਮੱਸਿਆ ਨੂੰ ਰੋਕਣ ਲਈ ਹੁਣ ਤੱਕ ਕੀ ਕਦਮ ਚੁੱਕੇ ਗਏ ਹਨ। ਸੁਨੀਲ ਜਾਖੜ ਨੇ ਦਵਾਈਆਂ ਦੀ ਵਿਕਰੀ 'ਤੇ ਨਿਗਰਾਨੀ ਰੱਖਣ ਵਾਲੇ ਡਰੱਗ ਇੰਸਪੈਕਟਰਾਂ ਦੀ ਭੂਮਿਕਾ ਬਾਰੇ ਵੀ ਸਵਾਲ ਕੀਤੇ ਹਨ। ਉਨ੍ਹਾਂ ਦਾ ਕਹਿਣਾ ਹੈ ਕਿ ਮੈਡੀਕਲ ਸਟੋਰਾਂ 'ਤੇ ਬਾਕੀ ਸਫ਼ਾ 7 'ਤੇ

ਮਾਨਸਾ 'ਚ ਐਂਟੀ ਡਰੱਗ ਟਾਸਕ ਫੋਰਸ ਦੇ ਸੰਚਾਲਕ ਪਰਵਿੰਦਰ ਸਿੰਘ ਝੋਟਾ ਦਾ ਗੋਲੀਆਂ ਮਾਰ ਕੇ ਕਤਲ

ਦੇਸ਼ ਪ੍ਰਦੇਸ਼

ਮਾਨਸਾ, 13 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ) : ਪੰਜਾਬ ਦੇ ਮਾਨਸਾ ਵਿੱਚ ਐਂਟੀ ਡਰੱਗ ਟਾਸਕ ਫੋਰਸ ਦੇ ਸੰਚਾਲਕ ਪਰਵਿੰਦਰ ਸਿੰਘ ਝੋਟਾ ਦੀ ਹੱਤਿਆ ਕਰ ਦਿੱਤੀ ਗਈ ਹੈ। ਜਾਣਕਾਰੀ ਅਨੁਸਾਰ ਇਹ ਖ਼ੌਫ਼ਨਾਕ ਕਾਂਡ ਇੱਕ ਮੈਡੀਕਲ ਸਟੋਰ ਦੇ ਮਾਲਕ ਵੱਲੋਂ ਅੰਜਾਮ ਦਿੱਤਾ ਗਿਆ ਹੈ। ਦੱਸ ਦੇਈਏ ਕਿ ਨਸ਼ਿਆਂ ਖ਼ਿਲਾਫ਼ ਮੁਹਿੰਮ ਦੀ ਸ਼ੁਰੂਆਤ ਕਰਨ ਵਾਲੇ ਮਾਨਸਾ ਦੇ ਨੌਜਵਾਨ ਪਰਵਿੰਦਰ ਸਿੰਘ ਝੋਟਾ ਦਾ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਗਿਆ ਹੈ। ਮੁੱਢਲੀ ਜਾਣਕਾਰੀ ਅਨੁਸਾਰ ਅੱਜ ਸਵੇਰੇ ਇੱਕ ਵਿਅਕਤੀ ਵੱਲੋਂ ਗੋਲੀਆਂ ਚਲਾਏ ਜਾਣ ਦੀ ਗੱਲ ਸਾਹਮਣੇ ਆ ਰਹੀ ਹੈ। ਇਸ ਘਟਨਾ ਦੌਰਾਨ ਦੋ ਹੋਰ ਵਿਅਕਤੀਆਂ ਦੇ ਜ਼ਖ਼ਮੀ ਹੋਣ ਦੀ ਵੀ ਸੂਚਨਾ ਹੈ। ਦੱਸ ਦੇਈਏ ਕਿ ਪਰਵਿੰਦਰ ਸਿੰਘ ਝੋਟਾ ਨਸ਼ਿਆਂ ਵਿਰੁੱਧ ਲੜਾਈ ਲੜ ਰਹੇ ਸਨ। ਇੱਕ ਮੈਡੀਕਲ ਸਟੋਰ ਮਾਲਕ 'ਤੇ ਪਰਵਿੰਦਰ ਝੋਟੇ ਨੂੰ ਗੋਲੀਆਂ ਮਾਰਨ ਦੇ ਇਲਜ਼ਾਮ ਸਾਹਮਣੇ ਆ ਰਹੇ ਹਨ। ਜਦੋਂ ਪਰਵਿੰਦਰ ਸਿੰਘ ਝੋਟਾ ਨੂੰ ਹਸਪਤਾਲ ਲਿਆਂਦਾ ਗਿਆ ਤਾਂ ਉਸਦੀ ਮੌਤ ਹੋ ਚੁੱਕੀ ਸੀ। ਘਟਨਾ ਦੀ ਜਾਣਕਾਰੀ ਮਿਲਦਿਆਂ ਹੀ ਵੱਡੀ ਗਿਣਤੀ ਵਿੱਚ ਪੁਲਿਸ ਮੁਲਾਜ਼ਮ ਬਾਕੀ ਸਫ਼ਾ 7 'ਤੇ

ਮਾਨਸਾ 'ਚ ਪਰਵਿੰਦਰ ਸਿੰਘ ਝੋਟਾ ਦੇ ਕਤਲ ਪਿੱਛੋਂ ਬੇਕਾਬੂ ਹੋਏ ਹਾਲਾਤ, ਰੋਸ ਵਜੋਂ ਪਿਤਾ ਵਲੋਂ ਧਰਨਾ

ਦੇਸ਼ ਪ੍ਰਦੇਸ਼ **ਮਾਨਸਾ, 13 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ)** : ਪਰਵਿੰਦਰ ਸਿੰਘ ਝੋਟਾ ਦੀ ਮੌਤ ਤੋਂ ਬਾਅਦ ਮਾਨਸਾ ਵਿੱਚ ਤਣਾਅ ਵਾਲਾ ਮਾਹੌਲ ਬਣਿਆ ਹੋਇਆ ਹੈ ਅਤੇ ਹਾਲਾਤ ਬੇਕਾਬੂ ਹੋਣ ਲੱਗੇ ਹਨ। ਮਾਨਸਾ ਦੇ ਸਿਵਲ ਹਸਪਤਾਲ ਦੀ ਮੋਰਚਰੀ ਵਿੱਚ ਰੱਖੀ ਉਸ ਦੀ ਲਾਸ਼ ਨੂੰ ਬਾਹਰ ਲਿਜਾਣ ਲਈ ਵੱਡੀ ਗਿਣਤੀ ਵਿੱਚ ਲੋਕ ਇਕੱਠੇ ਹੋ ਗਏ। ਪੁਲਿਸ ਵੱਲੋਂ ਲੋਕਾਂ ਨੂੰ ਰੋਕਣ ਲਈ ਮੋਰਚਰੀ ਦੇ ਗੇਟ 'ਤੇ ਸੁਰੱਖਿਆ ਦੇ ਸਖ਼ਤ ਪ੍ਰਬੰਧ ਕੀਤੇ ਗਏ ਸਨ, ਪਰ ਇਕੱਠੇ ਹੋਏ ਲੋਕਾਂ ਨੇ ਧੱਕਾ-ਮੁੱਕੀ ਕਰਦਿਆਂ ਗੇਟ ਖੋਲ੍ਹ ਦਿੱਤਾ ਅਤੇ ਅੰਦਰ ਦਾਖ਼ਲ ਹੋ ਗਏ। ਇਸ ਦੌਰਾਨ ਪੁਲਿਸ ਮੁਲਾਜ਼ਮਾਂ ਨੇ ਭੀੜ ਨੂੰ ਰੋਕਣ ਦੀ ਕੋਸ਼ਿਸ਼ ਕੀਤੀ, ਪਰ ਲੋਕਾਂ ਦੀ ਵੱਡੀ ਗਿਣਤੀ ਕਾਰਨ ਉਨ੍ਹਾਂ ਨੂੰ ਕਾਫ਼ੀ ਮੁਸ਼ਕਲ ਦਾ ਸਾਹਮਣਾ ਕਰਨਾ ਪਿਆ। ਮੋਰਚਰੀ ਦੇ ਅੰਦਰ ਅਤੇ ਬਾਹਰ ਲੋਕਾਂ ਵੱਲੋਂ ਪੁਲਿਸ ਪ੍ਰਸ਼ਾਸਨ ਖ਼ਿਲਾਫ਼ ਨਾਅਰੇਬਾਜ਼ੀ ਵੀ ਕੀਤੀ ਗਈ। ਲੋਕਾਂ ਦੀ ਮੰਗ ਹੈ ਕਿ ਪਰਵਿੰਦਰ ਸਿੰਘ ਝੋਟਾ ਦੀ ਲਾਸ਼ ਉਨ੍ਹਾਂ ਦੇ ਹਵਾਲੇ ਕੀਤੀ ਜਾਵੇ, ਤਾਂ ਜੋ ਲਾਸ਼ ਨੂੰ ਰੱਖ ਕੇ ਧਰਨਾ ਦਿੱਤਾ ਜਾ ਸਕੇ। ਇਸੇ ਦੌਰਾਨ ਮਾਨਸਾ ਦੇ ਸਿਵਲ ਹਸਪਤਾਲ ਵਿੱਚ ਬਠਿੰਡਾ ਰੇਂਜ ਦੇ ਡੀਆਈਜੀ ਹਰਜੀਤ ਸਿੰਘ ਅਤੇ ਐੱਸਐੱਸਪੀ ਵੈਭਵ ਚੌਧਰੀ ਵੀ ਪਹੁੰਚੇ ਹੋਏ ਸਨ। ਦੋਵਾਂ ਅਧਿਕਾਰੀਆਂ ਨੇ ਲੋਕਾਂ ਨੂੰ ਸ਼ਾਂਤ ਕਰਨ ਅਤੇ ਮਾਮਲੇ ਨੂੰ ਸੁਲਝਾਉਣ ਦੀ ਕੋਸ਼ਿਸ਼ ਕੀਤੀ, ਪਰ ਹਾਲੇ ਵੀ ਮਾਹੌਲ ਤਣਾਅਪੂਰਨ ਬਣਿਆ ਹੋਇਆ ਸੀ। ਪਰਵਿੰਦਰ ਝੋਟਾ ਦੇ ਸਮਰਥਕਾਂ ਤੋਂ ਇਲਾਵਾ ਭਾਨਾ ਸਿੱਧੂ ਸਮੇਤ ਕਈ ਹੋਰ ਲੋਕ ਵੀ ਮੋਰਚਰੀ ਵਿੱਚ ਪਹੁੰਚੇ ਹੋਏ ਸਨ। ਲੋਕਾਂ ਦੀ ਭੀੜ ਨੂੰ ਦੇਖਦਿਆਂ ਪੁਲਿਸ ਪ੍ਰਸ਼ਾਸਨ ਵੱਲੋਂ ਸਥਿਤੀ ਨੂੰ ਕਾਬੂ ਵਿੱਚ ਰੱਖਣ ਦੀ ਕੋਸ਼ਿਸ਼ ਕੀਤੀ ਜਾ ਰਹੀ ਸੀ। ਪਰਵਿੰਦਰ ਸਿੰਘ ਝੋਟਾ ਦੀ ਮੌਤ ਦੇ ਵਿਰੋਧ ਵਿੱਚ ਮਾਨਸਾ ਸ਼ਹਿਰ ਵਿੱਚ ਰੋਸ ਵੀ ਦੇਖਣ ਨੂੰ ਮਿਲਿਆ। ਲੋਕਾਂ ਵੱਲੋਂ ਬਾਜ਼ਾਰ ਦੀਆਂ ਦੁਕਾਨਾਂ ਬੰਦ ਕਰਵਾਈਆਂ ਗਈਆਂ। ਇਸ ਦੇ ਨਾਲ ਹੀ ਸ਼ਹਿਰ ਦੇ ਬਾਰਾਂ ਹੱਟਾ ਬਾਕੀ ਸਫ਼ਾ 7 'ਤੇ

ਪਰਵਿੰਦਰ ਸਿੰਘ ਝੋਟਾ ਕਤਲ ਮਾਮਲੇ 'ਚ ਪਹਿਲੀ ਗ੍ਰਿਫ਼ਤਾਰੀ, ਮੁੱਖ ਮੁਲਜ਼ਮ ਫ਼ਰਾਰ

ਦੇਸ਼ ਪ੍ਰਦੇਸ਼

ਮਾਨਸਾ, 13 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ) : ਪੰਜਾਬ ਦੇ ਮਾਨਸਾ ਵਿੱਚ ਨਸ਼ਿਆਂ ਵਿਰੁੱਧ ਮੁਹਿੰਮ ਚਲਾਉਣ ਵਾਲੇ ਪਰਵਿੰਦਰ ਸਿੰਘ ਝੋਟਾ ਦੇ ਕਤਲ ਮਾਮਲੇ ਵਿੱਚ ਪੁਲਿਸ ਨੇ ਪਹਿਲੀ ਗ੍ਰਿਫ਼ਤਾਰੀ ਕੀਤੀ ਹੈ। ਬਠਿੰਡਾ ਰੇਂਜ ਦੇ ਡੀਆਈਜੀ ਹਰਜੀਤ ਸਿੰਘ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀ 'ਤੇ ਮੁੱਖ ਮੁਲਜ਼ਮ ਅਸ਼ਵਨੀ ਨੂੰ ਵਾਰਦਾਤ ਤੋਂ ਬਾਅਦ ਫ਼ਰਾਰ ਹੋਣ ਵਿੱਚ ਮਦਦ ਕਰਨ ਦਾ ਦੋਸ਼ ਹੈ। ਪੁਲਿਸ ਮੁਤਾਬਕ, ਮੁੱਖ ਮੁਲਜ਼ਮ ਦੀ ਭਾਲ ਲਈ ਵੱਖ-ਵੱਖ ਟੀਮਾਂ ਬਣਾਈਆਂ ਗਈਆਂ ਹਨ। ਇਸ ਕਤਲ ਤੋਂ ਬਾਅਦ ਮਾਨਸਾ ਸਮੇਤ ਪੰਜਾਬ ਦੇ ਹੋਰ ਹਿੱਸਿਆਂ ਵਿੱਚ ਵੀ ਨਸ਼ਿਆਂ ਦੀ ਗ਼ੈਰ-ਕਾਨੂੰਨੀ ਵਿਕਰੀ ਅਤੇ ਇਸ ਵਿਰੁੱਧ ਆਵਾਜ਼ ਚੁੱਕਣ ਵਾਲੇ ਲੋਕਾਂ ਦੀ ਸੁਰੱਖਿਆ ਦਾ ਮੁੱਦਾ ਚਰਚਾ ਵਿੱਚ ਆ ਗਿਆ ਹੈ। ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ ਨੇ ਵੀ ਇਸ ਘਟਨਾ 'ਤੇ ਬਾਕੀ ਸਫ਼ਾ 7 'ਤੇ

ਮਾਲੇਰਕੋਟਲਾ ਪੁਲਿਸ ਵੱਲੋਂ ਪਾਕਿਸਤਾਨ ਸਮਰਥਿਤ ਸਰਹੱਦ ਪਾਰੋਂ ਫਿਰੌਤੀ ਤੇ ਜਾਨੋਂ ਮਾਰਨ ਦੀਆਂ ਧਮਕੀਆਂ ਦੇ ਨੈੱਟਵਰਕ ਦਾ ਪਰਦਾਫਾਸ਼

ਦੋ ਮੁਲਜ਼ਮ ਗ੍ਰਿਫ਼ਤਾਰ, ਇੱਕ ਨਾਬਾਲਗ ਹਿਰਾਸਤ 'ਚ ਲਿਆ

ਖਾਲਸਾ ਕਾਲਜ ਵਿਖੇ ਸੱਤ ਰੋਜ਼ਾ ਫੈਕਲਟੀ ਡਿਵੈਲਪਮੈਂਟ ਪ੍ਰੋਗਰਾਮ ਸਫ਼ਲਤਾਪੂਰਵਕ ਸੰਪੰਨ

• ਏਆਈ ਤਕਨੀਕਾਂ, ਸਾਈਬਰ ਸੁਰੱਖਿਆ ਅਤੇ ਡਿਜੀਟਲ ਯੁੱਗ ਦੀਆਂ ਚੁਣੌਤੀਆਂ ਬਾਰੇ ਦਿੱਤੀ ਹੋਈਆਂ ਵਿਚਾਰਾਂ

ਸ੍ਰੀ ਅਨੰਦਪੁਰ ਸਾਹਿਬ, 13 ਅਕਤੂਬਰ (ਦਮਨ ਅਰੋੜਾ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ, ਸ੍ਰੀ ਅਨੰਦਪੁਰ ਸਾਹਿਬ ਦੇ ਕੰਪਿਊਟਰ ਸਾਇੰਸ ਵਿਭਾਗ ਵੱਲੋਂ ਆਲ ਇੰਡੀਆ ਕੌਂਸਲ ਫਾਰ ਟੈਕਨੀਕਲ ਐਜੂਕੇਸ਼ਨ (ਏਆਈਸੀਟੀਈ) ਦੀ ਟ੍ਰੇਨਿੰਗ ਅੈਂਡ ਲਰਨਿੰਗ ਅਕੈਡਮੀ (ਏਟੀਏਐਲ) ਦੇ ਸਹਿਯੋਗ ਨਾਲ ਕਰਵਾਇਆ ਗਿਆ ਸੱਤ ਰੋਜ਼ਾ ਫੈਕਲਟੀ ਡਿਵੈਲਪਮੈਂਟ ਪ੍ਰੋਗਰਾਮ ਸਫ਼ਲਤਾਪੂਰਵਕ ਸੰਪੰਨ ਹੋ ਗਿਆ। 7 ਤੋਂ 13 ਅਕਤੂਬਰ ਤੱਕ ਚੱਲੇ ਇਸ ਪ੍ਰੋਗਰਾਮ ਦਾ ਮੁੱਖ ਵਿਸ਼ਾ 'ਸਮਾਰਟ ਡਿਜੀਟਲ ਇੰਡੀਆ ਲਈ ਏਆਈ ਸਾਧਨਾਂ ਅਤੇ ਸਾਈਬਰ ਸੁਰੱਖਿਆ ਰਾਹੀਂ ਅਧਿਆਪਕਾਂ ਨੂੰ ਸਮਰੱਥ ਬਣਾਉਣਾ' ਸੀ। ਇਸ ਵਿੱਚ ਵੱਖ-ਵੱਖ ਕਾਲਜਾਂ ਦੇ 60 ਅਧਿਆਪਕਾਂ ਨੇ ਹਿੱਸਾ ਲਿਆ। ਪ੍ਰੋਗਰਾਮ ਦੇ ਆਖ਼ਰੀ ਦਿਨ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੇ ਕੰਪਿਊਟਰ ਸਾਇੰਸ ਵਿਭਾਗ ਦੇ ਪ੍ਰੋਫੈਸਰ ਡਾ. ਗੁਰਵਿੰਦਰ ਸਿੰਘ ਨੇ 'ਇੰਟੈਲੀਜੈਂਸ ਐਂਡ ਸਟ੍ਰੈਂਥ ਮੈਨੇਜਮੈਂਟ ਇਨ ਦਾ ਡਿਜੀਟਲ ਏਜ' ਵਿਸ਼ੇ 'ਤੇ ਵਿਸ਼ੇਸ਼ ਲੈਕਚਰ ਦਿੱਤਾ। ਉਨ੍ਹਾਂ ਨੇ ਡਿਜੀਟਲ ਯੁੱਗ ਵਿੱਚ ਬੌਧਿਕ ਸਮਰੱਥਾ ਦੀ ਮਹੱਤਤਾ, ਸਟ੍ਰੈੱਸ ਮੈਨੇਜਮੈਂਟ ਅਤੇ ਟੈਕਨੋਲੋਜੀ ਦੀ ਤੇਜ਼ੀ ਨਾਲ ਬਦਲ ਰਹੀ ਦੁਨੀਆ ਵਿੱਚ ਪੈਦਾ ਹੋਣ ਵਾਲੀਆਂ ਚੁਣੌਤੀਆਂ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਨੇ ਅਧਿਆਪਕਾਂ ਨੂੰ ਡਿਜੀਟਲ ਸਾਧਨਾਂ ਦੀ ਸੁਚੱਜੀ ਵਰਤੋਂ ਕਰਨ ਅਤੇ ਮਾਨਸਿਕ ਸੰਤੁਲਨ ਬਣਾਈ ਰੱਖਣ ਦੀ ਮਹੱਤਤਾ ਤੋਂ ਜਾਣੂ ਕਰਵਾਇਆ। ਉਪਰੰਤ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਕੰਪਿਊਟਰ ਸਾਇੰਸ ਵਿਭਾਗ ਦੇ ਪ੍ਰੋਫੈਸਰ ਪ੍ਰਿਥਵੀ ਪਾਲ ਸਿੰਘ ਵੱਲੋਂ ਵੀ ਏ.ਆਈ ਦੇ ਵਿਸ਼ੇ ਤੇ ਲੈਕਚਰ ਦਿੱਤਾ ਗਿਆ।ਇਸ ਸੱਤ ਰੋਜ਼ਾ ਪ੍ਰੋਗਰਾਮ ਦੌਰਾਨ ਦੇਸ਼ ਦੀਆਂ ਵੱਖ-ਵੱਖ ਆਈਆਈਟੀਜ਼, ਯੂਨੀਵਰਸਿਟੀਆਂ ਅਤੇ ਪ੍ਰਮੁੱਖ ਵਿਦਿਅਕ ਸੰਸਥਾਵਾਂ ਦੇ ਮਾਹਿਰਾਂ ਨੇ ਵੱਖ-ਵੱਖ ਵਿਸ਼ਿਆਂ 'ਤੇ ਲੈਕਚਰ ਦਿੱਤੇ। ਇਸ ਦੌਰਾਨ ਅਧਿਆਪਕਾਂ ਨੂੰ ਸਿੱਖਿਆ ਦੇ ਖੇਤਰ ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸ ਦੀ ਵਰਤੋਂ, ਆਧੁਨਿਕ ਏਆਈ ਸਾਧਨਾਂ, ਸਾਈਬਰ ਸੁਰੱਖਿਆ ਅਤੇ ਡਿਜੀਟਲ ਟੈਕਨੋਲੋਜੀ ਦੇ ਵੱਖ-ਵੱਖ ਪਹਿਲੂਆਂ ਬਾਰੇ ਜਾਣਕਾਰੀ ਦਿੱਤੀ ਗਈ। ਕਾਲਜ ਦੇ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਪ੍ਰੋਗਰਾਮ ਦੀ ਸਫ਼ਲਤਾ 'ਤੇ ਖ਼ੁਸ਼ੀ ਪ੍ਰਗਟ ਕਰਦਿਆਂ ਕਿਹਾ ਕਿ ਅਜਿਹੇ ਅਕਾਦਮਿਕ ਪ੍ਰੋਗਰਾਮ ਅਧਿਆਪਕਾਂ ਦੇ ਗਿਆਨ ਅਤੇ ਹੁਨਰ ਵਿੱਚ ਵਾਧਾ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਸਿੱਖਿਆ ਦੇ ਖੇਤਰ ਵਿੱਚ ਹੋ ਰਹੀਆਂ ਨਵੀਆਂ ਤਬਦੀਲੀਆਂ ਨਾਲ ਜੋੜਦੇ ਹਨ। ਉਨ੍ਹਾਂ ਕਿਹਾ ਕਿ ਕਾਲਜ ਦੇ ਕੰਪਿਊਟਰ ਸਾਇੰਸ ਵਿਭਾਗ ਨੂੰ ਦੇਸ਼ ਪੱਧਰ ਦਾ ਇਹ ਪ੍ਰੋਗਰਾਮ ਕਰਵਾਉਣ ਦਾ ਮੌਕਾ ਮਿਲਣਾ ਮਾਣ ਵਾਲੀ ਗੱਲ ਹੈ।ਵਿਭਾਗ ਦੇ ਮੁਖੀ ਤੇ ਪ੍ਰੋਗਰਾਮ ਕੋਆਰਡੀਨੇਟਰ ਡਾ. ਸੁਰਿੰਦਰ ਕੁਮਾਰ ਨੇ ਪ੍ਰੋਗਰਾਮ ਦੀ ਸਫ਼ਲਤਾ ਲਈ ਕਾਲਜ ਦੀ ਮੈਨੇਜਮੈਂਟ, ਪ੍ਰਿੰਸੀਪਲ ਸਾਹਿਬ, ਮਾਹਿਰਾਂ, ਭਾਗ ਲੈਣ ਵਾਲੇ ਪ੍ਰੋਫੈਸਰ ਅਤੇ ਪ੍ਰਬੰਧਕੀ ਟੀਮ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਸ ਪ੍ਰੋਗਰਾਮ ਰਾਹੀਂ ਅਧਿਆਪਕਾਂ ਨੂੰ ਆਧੁਨਿਕ ਟੈਕਨੋਲੋਜੀ ਨਾਲ ਜੁੜੇ ਗਿਆਨ ਅਤੇ ਤਜਰਬਿਆਂ ਦਾ ਆਦਾਨ-ਪ੍ਰਦਾਨ ਕਰਨ ਦਾ ਮੌਕਾ ਮਿਲਿਆ ਹੈ। ਇਸ ਮੌਕੇ ਮੰਚ ਸੰਚਾਲਨ ਪ੍ਰੋਗਰਾਮ ਦੀ ਕੋ- ਕੋਆਰਡੀਨੇਟਰ ਪ੍ਰੋਫੈਸਰ ਤਜਿੰਦਰ ਕੌਰ ਵੱਲੋਂ ਅਤੇ ਪ੍ਰੋਗਰਾਮ ਦੇ ਅੰਤ ਵਿੱਚ ਬਾਹਰੋਂ ਆਏ ਮਹਿਮਾਨਾਂ, ਪ੍ਰੋਫੈਸਰ ਸਾਹਿਬਾਨ ਦਾ ਧੰਨਵਾਦ ਪ੍ਰੋ. ਪਰਮਜੀਤ ਕੌਰ ਵੱਲੋਂ ਕੀਤਾ ਗਿਆ। ਇਸ ਮੌਕੇ ਕੰਪਿਊਟਰ ਸਾਇੰਸ ਵਿਭਾਗ ਦਾ ਸਮੁੱਚਾ ਸਟਾਫ ਮੌਜੂਦ ਸੀ।

ਗੁਰੂ ਤੇਗ ਬਹਾਦਰ ਕਾਲਜ ਆਫ ਐਜੂਕੇਸ਼ਨ ਲੇਹਲ ਖੁਰਦ ਦਾ ਬੀ.ਐਡ ਦੇ ਦੂਜੇ ਸਮੈਸਟਰ ਦਾ ਨਤੀਜਾ ਰਿਹਾ ਸ਼ਾਨਦਾਰ

ਲਹਿਰਾਗਾਗਾ 13 ਅਕਤੂਬਰ (ਮਨਪ੍ਰੀਤ ਕੌਰ ਸੈਣੀ ਚੂੜਲ ਕਲਾਂ)
ਗੁਰੂ ਤੇਗ ਬਹਾਦਰ ਕਾਲਜ ਆਫ ਐਜੂਕੇਸ਼ਨ ਲੇਹਲ ਖੁਰਦ ਦਾ ਬੀ.ਐਡ ਦੇ ਦੂਜੇ ਸਮੈਸਟਰ ਦਾ ਨਤੀਜਾ ਸ਼ਾਨਦਾਰ ਰਿਹਾ। ਇਸ ਮੌਕੇ ਤੇ ਕਾਲਜ ਦੀ ਪ੍ਰਬੰਧਕੀ ਕਮੇਟੀ ਦੇ ਚੇਅਰਮੈਨ ਰਾਜੇਸ਼ ਕੁਮਾਰ ਗਰਗ, ਨਗਰ ਕੌਂਸਲ ਦੀ ਸਾਬਕਾ ਪ੍ਰਧਾਨ ਰਵੀਨਾ ਗਰਗ, ਵਾਈਸ ਚੇਅਰਮੈਨ ਵਿਜੇ ਕੁਮਾਰ ਕਾਂਸਲ, ਜਰਨਲ ਸੈਕਟਰੀ ਪ੍ਰੇਮ ਗਰਗ, ਮੈਨੇਜਮੈਂਟ ਮੈਂਬਰ ਪ੍ਰੋਫੈਸਰ ਮੋਨਿਕਾ ਗੁਪਤਾ ਅਤੇ ਕਾਲਜ ਦੀ ਡਾਇਰੈਕਟਰ ਡਾਕਟਰ ਰਮਨਦੀਪ ਕੌਰ ਧਾਲੀਵਾਲ ਨੇ ਕਿਹਾ ਕਿ ਕਿਸੇ ਵੀ ਕੰਮ ਚ ਸਫਲ ਹੋਣ ਲਈ ਲਗਨ ਅਤੇ ਮਿਹਨਤ ਦਾ ਹੋਣਾ ਬਹੁਤ ਜ਼ਰੂਰੀ ਹੈ ਮਿਹਨਤ ਹੀ ਸਫਲਤਾ ਦੀ ਕੁੰਜੀ ਹੈ ਇਹ ਨਤੀਜਾ ਵਿਦਿਆਰਥੀਆਂ ਦੀ ਸਖਤ ਮਿਹਨਤ ਦਾ ਨਤੀਜਾ ਹੈ। ਇਸ ਮੌਕੇ ਤੇ ਕਾਲਜ ਦੀ ਪ੍ਰਿੰਸੀਪਲ ਡਾਕਟਰ ਸੀਮਾ ਗਰਗ ਨੇ ਕਿਹਾ ਕਿ ਸਾਡੀ ਸੰਸਥਾ ਦਾ ਮੁੱਖ ਉਦੇਸ਼ ਵਿਦਿਆਰਥੀਆਂ ਦੇ ਵਿੱਚ ਹੁਨਰਾਂ ਦਾ ਵਿਕਾਸ ਕਰਨਾ ਹੈ ਤੇ ਨਾਲ ਹੀ ਉਹਨਾਂ ਨੂੰ ਇੱਕ ਸਫਲ ਵਿਦਿਆਰਥੀ ਬਣਾਉਣਾ ਹੈ ਤੇ ਇਹ ਸਫਲਤਾ ਉਹਨਾਂ ਦੇ ਹੁਨਰਾਂ ਕਰਕੇ ਹੀ ਆਈ ਹੈ। ਇਸ ਨਤੀਜੇ ਵਿੱਚੋਂ ਕੁਸ਼ਲਜੋਤ ਕੌਰ ਪੁੱਤਰੀ ਜਸਮੇਲ ਸਿੰਘ ਨੇ 80.2% ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ, ਮਨਪ੍ਰੀਤ ਕੌਰ ਪੁੱਤਰੀ ਬਲਵੀਰ ਸਿੰਘ ਨੇ 80% ਅੰਕ ਪ੍ਰਾਪਤ ਕਰਕੇ ਦੂਸਰਾ ਸਥਾਨ ਤੇ ਲਵਪ੍ਰੀਤ ਕੌਰ ਪੁੱਤਰੀ ਕਰਮਜੀਤ ਸਿੰਘ ਨੇ 78.4% ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਹਾਸਿਲ ਕੀਤਾ। ਬਾਕੀ ਵਿਦਿਆਰਥੀਆਂ ਨੇ 70ਪਤੀਸ਼ਤ ਤੋਂ ਵੱਧ ਅੰਕ ਪ੍ਰਾਪਤ ਕਰਕੇ ਸ਼ਾਨਦਾਰ ਨਤੀਜਾ ਹਾਸਿਲ ਕੀਤਾ। ਇਸ ਮੌਕੇ ਤੇ ਸਮੂਹ ਮੈਨੇਜਮੈਂਟ, ਸਮੂਹ ਸਟਾਫ ਮੈਂਬਰਾਂ ਨੇ ਅਵਲ ਰਹਿਣ ਵਾਲੇ ਅਤੇ ਚੰਗੇ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਉਹਨਾਂ ਦੇ ਉਜਵਲ ਭਵਿੱਖ ਦੀ ਕਾਮਨਾ ਕੀਤੀ।

ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਪਿੰਡ ਚੌਰਾ ਵਿਖੇ ਜੰਝ ਘਰ ਦਾ ਰੱਖਿਆ ਨੀਂਹ ਪੱਥਰ

ਪਿੰਡ ਵਾਸੀਆਂ ਨੂੰ ਸਾਂਝੀਆਂ ਸਹੂਲਤਾਂ ਦੇਣਾ ਮਾਨ ਸਰਕਾਰ ਦੀ ਮੁੱਖ ਤਰਜੀਹ: ਹਡਾਣਾ

ਸਨੌਰ, 13 ਅਕਤੂਬਰ (ਰਾਜਿੰਦਰ ਸਿੰਘ ਥਿੰਦ): ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਅੱਜ ਪਿੰਡ ਚੌਰਾ ਵਿਖੇ ਪਹੁੰਚ ਕੇ ਨਵੇਂ ਬਣਨ ਵਾਲੇ ਜੰਝ ਘਰ ਦਾ ਰਸਮੀ ਨੀਂਹ ਪੱਥਰ ਰੱਖਿਆ। ਦੱਸ ਦੇਈਏ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਚੱਲ ਰਹੇ ਵਿਕਾਸ ਕਾਰਜਾਂ ਦੀ ਲੜੀ ਤਹਿਤ ਪਿੰਡ ਵਾਸੀਆਂ ਨੂੰ ਸਾਂਝੇ ਸਮਾਗਮਾਂ ਲਈ ਇਹ ਵੱਡੀ ਸਹੂਲਤ ਮੁਹੱਈਆ ਕਰਵਾਈ ਜਾ ਰਹੀ ਹੈ। ਇਕੱਠ ਨੂੰ ਸੰਬੋਧਨ ਕਰਦਿਆਂ ਹਡਾਣਾ ਨੇ ਕਿਹਾ ਕਿ ਪਿੰਡਾਂ ਵਿੱਚ ਸਾਂਝੀ ਥਾਂ ਦੀ ਘਾਟ ਕਾਰਨ ਲੋਕਾਂ ਨੂੰ ਭਾਰੀ ਦਿੱਕਤਾਂ ਆਉਂਦੀਆਂ ਸਨ ਅਤੇ ਮਹਿੰਗੇ ਪੈਲੇਸਾਂ ਦਾ ਖ਼ਰਚਾ ਕਰਨਾ ਪੈਂਦਾ ਸੀ। ਇਸ ਜੰਝ ਘਰ ਦੇ ਨਿਰਮਾਣ ਨਾਲ ਪਿੰਡ ਵਾਸੀ ਆਪਣੇ ਸਮਾਜਿਕ ਤੇ ਪਰਿਵਾਰਕ ਸਮਾਗਮ ਆਸਾਨੀ ਨਾਲ ਅਤੇ ਘੱਟ ਖ਼ਰਚੇ ਵਿੱਚ ਕਰ ਸਕਣਗੇ। ਉਨ੍ਹਾਂ ਦੱਸਿਆ ਕਿ ਮਾਨ ਸਰਕਾਰ ਸਨੌਰ ਹਲਕੇ ਦੇ ਹਰ ਪਿੰਡ ਨੂੰ ਸ਼ਹਿਰਾਂ ਵਰਗੀਆਂ ਸਹੂਲਤਾਂ ਦੇਣ ਲਈ ਵਚਨਬੱਧ ਹੈ ਅਤੇ ਨਿਰਮਾਣ ਕਾਰਜਾਂ ਵਿੱਚ ਮਿਆਰੀ ਸਮੱਗਰੀ ਵਰਤੋਂ ਯਕੀਨੀ ਬਣਾਈ ਜਾਵੇਗੀ। ਇਸ ਮੌਕੇ ਹਡਾਣਾ ਨੇ ਪਿੰਡ ਵਾਸੀਆਂ ਦੀਆਂ ਸਥਾਨਕ ਮੁਸ਼ਕਲਾਂ ਵੀ ਸੁਣੀਆਂ ਅਤੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜੰਝ ਘਰ ਦੇ ਨਿਰਮਾਣ ਕਾਰਜ ਨੂੰ ਬਿਨਾਂ ਕਿਸੇ ਦੇਰੀ ਦੇ ਨਿਰਧਾਰਿਤ ਸਮੇਂ ਅੰਦਰ ਮੁਕੰਮਲ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਹਲਕੇ ਅੰਦਰ ਪੀਣ ਵਾਲੇ ਸਾਫ਼ ਪਾਣੀ, ਪੱਕੀਆਂ ਗਲੀਆਂ-ਨਾਲੀਆਂ, ਸਕੂਲਾਂ ਦੇ ਸੁਧਾਰ ਅਤੇ ਸਿਹਤ ਸਹੂਲਤਾਂ ਲਈ ਫ਼ੰਡਾਂ ਦੀ ਕੋਈ ਘਾਟ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਵਿਕਾਸ ਪੱਖੋਂ ਪਛੜੇ ਇਲਾਕਿਆਂ ਨੂੰ ਮੋਹਰੀ ਬਣਾਉਣਾ ਹੀ ਸਾਡਾ ਮੁੱਖ ਟੀਚਾ ਹੈ। ਪਿੰਡ ਦੀ ਪੰਚਾਇਤ ਅਤੇ ਪਿੰਡ ਵਾਸੀਆਂ ਨੇ ਇਸ ਸਹੂਲਤ ਲਈ ਪੰਜਾਬ ਸਰਕਾਰ ਅਤੇ ਹਲਕਾ ਇੰਚਾਰਜ ਦਾ ਤਹਿ ਦਿਲੋਂ ਧੰਨਵਾਦ ਪ੍ਰਗਟਾਇਆ। ਇਸ ਮੌਕੇ ਪਾਰਟੀ ਚੇਅਰਮੈਨ ਹਰਪ੍ਰੀਤ ਸਿੰਘ ਘੁੰਮਣ, ਬਲਾਕ ਇੰਚਾਰਜ ਸਨੌਰ ਗੁਰਪ੍ਰੀਤ ਸਰਪੰਚ, ਪ੍ਰਿੰਸੀਪਲ ਕਰਮ ਸਿੰਘ, ਸਰਪੰਚ ਗੁਰਵਿੰਦਰ ਸਿੰਘ, ਕਰਮਜੀਤ ਸਿੰਘ, ਬਲਵਿੰਦਰ ਸਿੰਘ ਸਾਬਕਾ ਸਰਪੰਚ, ਮੈਂਬਰ ਸ਼ੇਰ ਸਿੰਘ, ਮੈਂਬਰ ਦਰਸ਼ਨ ਸਿੰਘ, ਮੈਂਬਰ ਅਮਨ ਸੋਹਣਾ, ਮੈਂਬਰ ਸਰਬਜੀਤ ਸਿੰਘ, ਗੁਰਮੀਤ ਸਿੰਘ ਪੰਜੋਲਾ ਤੋਂ ਇਲਾਵਾ ਬਲਾਕ ਪ੍ਰਧਾਨ, ਬੂਥ ਇੰਚਾਰਜ, ਪੰਚਾਇਤ ਮੈਂਬਰ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

ਮਾਨਸਾ 'ਚ ਗੋਲੀਕਾਂਡ ਦੌਰਾਨ ਪਰਮਿੰਦਰ ਸਿੰਘ ਝੋਟਾ ਦੀ ਮੌਤ, ਹਿੰਮਤ ਸਿੰਘ ਕੁੱਤੀਵਾਲ ਨੇ ਪ੍ਰਗਟਾਇਆ ਦੁੱਖ

ਮੌੜ ਮੰਡੀ, 13 ਅਕਤੂਬਰ (ਸੰਦੀਪ ਕੁਮਾਰ) — ਮਾਨਸਾ ਸ਼ਹਿਰ ਵਿੱਚ ਇੱਕ ਮੈਡੀਕਲ ਸਟੋਰ 'ਤੇ ਨਸ਼ਿਆਂ ਵਿਰੁੱਧ ਕਾਰਵਾਈ ਦੌਰਾਨ ਹੋਏ ਕਥਿਤ ਗੋਲੀਕਾਂਡ ਵਿੱਚ ਪਰਮਿੰਦਰ ਸਿੰਘ ਝੋਟਾ ਦੀ ਮੌਤ ਹੋਣ ਦੀ ਖ਼ਬਰ ਨਾਲ ਇਲਾਕੇ ਵਿੱਚ ਸਹਿਮ ਦਾ ਮਾਹੌਲ ਬਣ ਗਿਆ। ਪਰਮਿੰਦਰ ਸਿੰਘ ਝੋਟਾ ਲੰਮੇ ਸਮੇਂ ਤੋਂ ਨਸ਼ਿਆਂ ਵਿਰੁੱਧ ਮੁਹਿੰਮ ਚਲਾ ਰਿਹਾ ਸੀ। ਮਿਲੀ ਜਾਣਕਾਰੀ ਅਨੁਸਾਰ, ਮੈਡੀਕਲ ਸਟੋਰ 'ਤੇ ਨਸ਼ਾ ਵੇਚਣ ਦੇ ਦੋਸ਼ਾਂ ਨੂੰ ਲੈ ਕੇ ਹੋਈ ਬਹਿਸ ਦੌਰਾਨ ਦੁਕਾਨ ਦੇ ਮਾਲਕ ਵੱਲੋਂ ਕਥਿਤ ਤੌਰ 'ਤੇ ਲੋਡਡ ਪਿਸਤੌਲ ਕੱਢ ਕੇ ਪਰਮਿੰਦਰ ਸਿੰਘ ਝੋਟਾ ਅਤੇ ਦੋ ਹੋਰ ਵਿਅਕਤੀ 'ਤੇ ਹਮਲਾ ਕੀਤਾ ਗਿਆ, ਜਿਸ ਦੌਰਾਨ ਪਰਮਿੰਦਰ ਸਿੰਘ ਝੋਟਾ ਦੀ ਮੌਤ ਹੋ ਗਈ। ਘਟਨਾ ਦੇ ਵੇਰਵਿਆਂ ਅਤੇ ਦੋਸ਼ਾਂ ਦੀ ਅਧਿਕਾਰਤ ਪੁਸ਼ਟੀ ਹੋਣੀ ਬਾਕੀ ਹੈ।ਇਸ ਦੁਖਦਾਈ ਘਟਨਾ 'ਤੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ ਆਗੂ ਹਿੰਮਤ ਸਿੰਘ ਕੁੱਤੀਵਾਲ ਨੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਕਿਹਾ ਕਿ ਪਰਮਿੰਦਰ ਸਿੰਘ ਝੋਟਾ ਲੰਮੇ ਸਮੇਂ ਤੋਂ ਨਸ਼ਿਆਂ ਵਿਰੁੱਧ ਲੜਾਈ ਲੜ ਰਿਹਾ ਸੀ, ਪਰ ਅੱਜ ਉਹ ਆਪਣੀ ਜ਼ਿੰਦਗੀ ਦੀ ਜੰਗ ਹਾਰ ਗਿਆ। ਉਨ੍ਹਾਂ ਇਸ ਘਟਨਾ ਨੂੰ ਬੇਹੱਦ ਮੰਦਭਾਗਾ ਕਰਾਰ ਦਿੱਤਾ। ਹਿੰਮਤ ਸਿੰਘ ਕੁੱਤੀਵਾਲ ਨੇ ਇਸ ਘਟਨਾ ਦੇ ਮੱਦੇਨਜ਼ਰ 14 ਤਰੀਕ ਨੂੰ ਉਲੀਕਿਆ ਆਪਣਾ ਪ੍ਰੋਗਰਾਮ ਵੀ ਅਗਲੇ ਹੁਕਮਾਂ ਤੱਕ ਮੁਲਤਵੀ ਕਰ ਦਿੱਤਾ। ਇਸ ਘਟਨਾ ਤੋਂ ਬਾਅਦ ਮਾਨਸਾ ਸ਼ਹਿਰ ਵਿੱਚ ਚਿੰਤਾ ਅਤੇ ਸਹਿਮ ਦਾ ਮਾਹੌਲ ਬਣਿਆ ਹੋਇਆ ਹੈ।

ਸ੍ਰੀ ਮਹਾਲਕਸ਼ਮੀ ਰਾਮਲੀਲਾ ਕਲੱਬ ਵਿੱਚ ਤੀਜੇ ਦਿਨ ਸਮਾਜ ਸੇਵੀ ਸੁਭਾਸ਼ ਬਾਂਸਲ ਦੀ ਤਰਫੋਂ ਜੋਤੀ ਪ੍ਰਚੰਡ

ਨਾਭਾ 13 ਅਕਤੂਬਰ ਰਾਕੇਸ਼ ਜਿੰਦਲ ਸ਼ੁਭਮ ਜਿੰਦਲ ਪਿਛਲੇ ਕਈ ਸਾਲਾਂ ਤੋਂ ਕਲੱਬ ਦੇ ਸਰਪ੍ਰਸਤ ਅਮਰਦੀਪ ਸਿੰਘ ਖੰਨਾ ਦੀ ਅਗਵਾਈ ਹੇਠ ਨਾਭਾ ਦੀ ਪੁਰਾਣੀ ਹਾਈਕੋਰਟ ਸਥਿਤ ਸ਼੍ਰੀ ਮਹਾਲਕਸ਼ਮੀ ਰਾਮਲੀਲਾ ਕਲੱਬ ਵੱਲੋਂ ਹਰ ਸਾਲ ਰਾਮਲੀਲਾ ਦਾ ਆਯੋਜਨ ਕੀਤਾ ਜਾਂਦਾ ਹੈ। ਜਿਸ ਕਾਰਨ ਇਸ ਵਾਰ ਵੀ ਭਗਵਾਨ ਸ਼੍ਰੀ ਰਾਮ ਦੀ ਲੀਲਾ ਦੇ ਤੀਸਰੇ ਦਿਨ ਮੁੱਖ ਮਹਿਮਾਨ ਸਮਾਜ ਸੇਵੀ ਸੇਵਾਮੁਕਤ ਬੈਂਕ ਮੈਨੇਜਰ ਸੁਭਾਸ਼ ਬਾਂਸਲ ਵੱਲੋਂ ਜੋਤੀ ਪ੍ਰਚੰਡ ਦੀ ਅਗਵਾਈ ਵਿੱਚ ਲੀਲਾ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਕਲੱਬ ਦੀ ਤਰਫੋਂ ਸੁਭਾਸ਼ ਬਾਂਸਲ ਦਾ ਪੁੱਜਣ 'ਤੇ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਸੁਭਾਸ਼ ਬਾਂਸਲ ਨੇ ਵੱਡੀ ਗਿਣਤੀ @ਚ ਹਾਜ਼ਰ ਸ਼ਹਿਰ ਵਾਸੀਆਂ ਨੂੰ ਦੱਸਿਆ ਕਿ ਸ਼੍ਰੀ ਮਹਾਲਕਸ਼ਮੀ ਰਾਮਲੀਲਾ ਕਲੱਬ ਜੋ ਕਿ ਨਾਭਾ ਦਾ ਸਭ ਤੋਂ ਪੁਰਾਣਾ ਕਲੱਬ ਹੈ, ਦੇ ਕਲਾਕਾਰ ਭਗਵਾਨ ਸ਼੍ਰੀ ਰਾਮ ਦੀਆਂ ਲੀਲਾਂਵਾ @ਦਾ ਸੁੰਦਰ ਵਰਨਣ ਕਰਦੇ ਹਨ। ਇਸ ਮੌਕੇ ਸੁਭਾਸ਼ ਬਾਂਸਲ ਨੇ ਆਪਣੇ ਸੰਬੋਧਨ ਵਿੱਚ ਸਾਰਿਆਂ ਨੂੰ ਕਿਹਾ ਕਿ ਜੋ ਲੋਕ ਅਯੁੱਧਿਆ ਸ਼੍ਰੀ ਰਾਮ ਮੰਦਰ ਦੇ ਦਰਸ਼ਨ ਨਹੀਂ ਕਰ ਸਕੇ, ਉਨ੍ਹਾਂ ਨੂੰ ਜੀਵਨ ਵਿੱਚ ਇੱਕ ਵਾਰ ਜ਼ਰੂਰ ਜਾਣਾ ਚਾਹੀਦਾ ਹੈ ਅਤੇ ਭਗਵਾਨ ਸ਼੍ਰੀ ਰਾਮ ਦੇ ਦਰਸਾਏ ਮਾਰਗ @ਤੇ ਚੱਲਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ। ਇਸ ਮੌਕੇ ਸਟੇਜ ਦਾ ਸੰਚਾਲਨ ਸੰਜੀਵ ਸ਼ਰਮਾ ਨੇ ਬਾਖੂਬੀ ਨਿਭਾਇਆ। ਇਸ ਮੌਕੇ ਮਹੰਤ ਕਾਲਾ ਦਾਸ ਪ੍ਰਧਾਨ, ਹਿਮਾਸ਼ੂ ਜ਼ਖਮੀ, ਲਵਲੀ ਅਰੋੜਾ, ਰਾਜੇਸ਼ ਕੁਮਾਰ ਅਰੋੜਾ, ਨਰੇਸ਼ ਕੁਮਾਰ ਡਾਕਟਰ, ਰਮਨਦੀਪ ਪਟਵਾਗੀ, ਤਜਿੰਦਰ ਕੁਮਾਰ ਗੁਪਤਾ, ਜੋਨੀ ਗੋਇਲ ਆਦਿ ਹਾਜ਼ਰ ਸਨ ।

ਸੇਵਾ ਕੇਂਦਰਾਂ ਦੇ ਮੁਲਾਜ਼ਮਾਂ ਦੀ ਹੜਤਾਲ ਕਾਰਨ ਲੋਕ ਲਈ ਸੇਵਾ ਕੇਂਦਰ ਬਣਿਆ

ਕਿਸਾਨਾਂ ਦੀ ਫ਼ਸਲ ਰੱਖਣ ਲਈ ਮੰਡੀਆਂ ਤੋਂ ਇਲਾਵਾ ਖੁੱਲ੍ਹੀਆਂ ਥਾਂਵਾਂ ਦੀ ਵੀ ਨਿਸ਼ਾਨਦੇਹੀ ਲਾਜ਼ਮੀ : ਮੁੱਖ ਮੰਤਰੀ ਨਾਇਬ ਸਿੰਘ ਸੈਣੀ

ਚੰਡੀਗੜ੍ਹ, 13 ਅਕਤੂਬਰ (ਰਾਜੇਂਦਰ ਸਿੰਘ ਜਾਦੌਂ):-: ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਖ਼ਰੀਫ਼ ਖ਼ਰੀਦ ਸੀਜ਼ਨ-2026 ਦੌਰਾਨ ਕਿਸਾਨਾਂ ਦੀ ਫ਼ਸਲ ਰੱਖਣ ਲਈ ਮੰਡੀਆਂ ਤੋਂ ਇਲਾਵਾ ਹੋਰ ਢੁਕਵੇਂ ਖੁੱਲ੍ਹੇ ਸਥਾਨ ਵੀ ਧਿਆਨ ਵਿੱਚ ਰੱਖੇ ਜਾਣ। ਇਨ੍ਹਾਂ ਸਥਾਨਾਂ 'ਤੇ ਕਿਸਾਨਾਂ ਦੀ ਸਹੂਲਤ ਲਈ ਲੋੜੀਂਦੇ ਪ੍ਰਬੰਧ ਕੀਤੇ ਜਾਣ ਅਤੇ ਫ਼ਸਲ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਫੈਂਸਿੰਗ ਸਮੇਤ ਹੋਰ ਜ਼ਰੂਰੀ ਵਿਵਸਥਾਵਾਂ ਕੀਤੀਆਂ ਜਾਣ। ਉਨ੍ਹਾਂ ਕਿਹਾ ਕਿ ਮੀਂਹ ਕਾਰਨ ਕਿਸਾਨਾਂ ਦੀ ਫ਼ਸਲ ਨੂੰ ਕਿਸੇ ਕਿਸਮ ਦਾ ਨੁਕਸਾਨ ਨਾ ਹੋਵੇ ਅਤੇ ਮੰਡੀਆਂ ਵਿੱਚ ਫ਼ਸਲ ਦੀ ਚੁਕਾਈ ਵਿੱਚ ਵੀ ਕੋਈ ਰੁਕਾਵਟ ਨਾ ਆਵੇ। ਅਧਿਕਾਰੀ ਖ਼ਰੀਦ ਸੀਜ਼ਨ ਦੇ ਮੱਦੇਨਜ਼ਰ ਸਾਰੇ ਲੋੜੀਂਦੇ ਪ੍ਰਬੰਧ ਸਮਾਂ ਰਹਿੰਦਿਆਂ ਪੂਰੇ ਕਰਨ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਇਹ ਨਿਰਦੇਸ਼ ਮੰਗਲਵਾਰ ਨੂੰ ਚੰਡੀਗੜ੍ਹ ਵਿੱਚ ਖ਼ਾਦ, ਨਾਗਰਿਕ ਸਪਲਾਈ ਅਤੇ ਖਪਤਕਾਰ ਮਾਮਲੇ ਵਿਭਾਗ ਦੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਦਿੱਤੇ। ਉਨ੍ਹਾਂ ਕਿਹਾ ਕਿ ਰਾਜ ਸਰਕਾਰ ਕਿਸਾਨਾਂ ਦੀ ਸਹੂਲਤ ਅਤੇ ਉਨ੍ਹਾਂ ਦੀ ਮਿਹਨਤ ਨਾਲ ਤਿਆਰ ਫ਼ਸਲ ਦੀ ਸੁਰੱਖਿਆ ਲਈ ਵਚਨਬੱਧ ਹੈ। ਖ਼ਰੀਦ ਪ੍ਰਕਿਰਿਆ ਦੌਰਾਨ ਕਿਸਾਨਾਂ ਨੂੰ ਫ਼ਸਲ ਉਤਾਰਨ ਅਤੇ ਰੱਖਣ ਲਈ ਲੋੜੀਂਦਾ ਸਥਾਨ ਉਪਲੱਬਧ ਕਰਵਾਇਆ ਜਾਵੇ, ਤਾਂ ਜੋ ਮੰਡੀਆਂ ਵਿੱਚ ਵਿਵਸਥਾ ਬਣੀ ਰਹੇ ਅਤੇ ਕਿਸਾਨਾਂ ਨੂੰ ਆਪਣੀ ਉਪਜ ਵੇਚਣ ਵਿੱਚ ਕਿਸੇ ਕਿਸਮ ਦੀ ਪ੍ਰੇਸ਼ਾਨੀ ਨਾ ਆਵੇ। ਮੀਟਿੰਗ ਵਿੱਚ ਖ਼ਾਦ, ਨਾਗਰਿਕ ਸਪਲਾਈ ਅਤੇ ਖਪਤਕਾਰ ਮਾਮਲੇ ਵਿਭਾਗ ਦੇ ਰਾਜ ਮੰਤਰੀ ਰਾਜੇਸ਼ ਨਾਗਰ, ਖ਼ਾਦ, ਨਾਗਰਿਕ ਸਪਲਾਈ ਅਤੇ ਖਪਤਕਾਰ ਮਾਮਲੇ ਵਿਭਾਗ ਦੀ ਪ੍ਰਧਾਨ ਸਕੱਤਰ ਸ਼੍ਰੀਮਤੀ ਅਮਨੀਤ ਪੀ. ਕੁਮਾਰ, ਵਿਭਾਗ ਦੇ ਡਾਇਰੈਕਟਰ ਅਤੇ ਸਕੱਤਰ ਅੰਸ਼ਜ ਸਿੰਘ, ਮੁੱਖ ਮੰਤਰੀ ਦੇ ਉਪ ਪ੍ਰਧਾਨ ਸਕੱਤਰ ਡਾ. ਯਸ਼ਪਾਲ ਅਤੇ ਵਿਭਾਗ ਦੇ ਹੋਰ ਸੀਨੀਅਰ ਅਧਿਕਾਰੀ ਹਾਜ਼ਰ ਸਨ। ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਮੰਡੀਆਂ ਤੋਂ ਇਲਾਵਾ ਹੋਰ ਥਾਵਾਂ ਨੂੰ ਧਿਆਨ ਵਿੱਚ ਰੱਖਿਆ ਜਾਵੇ ਖੁੱਲ੍ਹੇ ਸਥਾਨਾਂ 'ਤੇ ਫ਼ਸਲ ਦੇ ਸੁਰੱਖਿਅਤ ਰੱਖ-ਰਖਾਅ ਲਈ ਉਚਿਤ ਪ੍ਰਬੰਧ ਕੀਤੇ ਜਾਣ। ਖਾਸ ਤੌਰ 'ਤੇ ਮੀਂਹ ਦੀ ਸੰਭਾਵਨਾ ਨੂੰ ਦੇਖਦਿਆਂ ਫ਼ਸਲ ਨੂੰ ਭਿੱਜਣ ਤੋਂ ਬਚਾਉਣ ਅਤੇ ਸਮੇਂ ਸਿਰ ਚੁਕਾਈ ਯਕੀਨੀ ਬਣਾਉਣ ਲਈ ਪ੍ਰਭਾਵਸ਼ਾਲੀ ਵਿਵਸਥਾ ਕੀਤੀ ਜਾਵੇ। ਸਬੰਧਤ ਅਧਿਕਾਰੀ ਆਪਸੀ ਤਾਲਮੇਲ ਨਾਲ ਕੰਮ ਕਰਨ, ਤਾਂ ਜੋ ਖ਼ਰੀਦ ਪ੍ਰਕਿਰਿਆ ਸੁਚਾਰੂ ਰੂਪ ਨਾਲ ਚੱਲਦੀ ਰਹੇ ਅਤੇ ਕਿਸਾਨਾਂ ਨੂੰ ਬੇਲੋੜਾ ਇੰਤਜ਼ਾਰ ਨਾ ਕਰਨਾ ਪਵੇ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੀ ਫ਼ਸਲ ਤੈਅਸ਼ੁਦਾ ਸਥਾਨਾਂ 'ਤੇ ਹੀ ਉਤਾਰਨ ਅਤੇ ਇਸ ਨੂੰ ਇੱਧਰ-ਉੱਧਰ ਰੱਖਣ ਤੋਂ ਬਚਣ। ਇਸ ਨਾਲ ਫ਼ਸਲ ਦਾ ਸੁਰੱਖਿਅਤ ਰੱਖ-ਰਖਾਅ ਯਕੀਨੀ ਬਣਾਉਣ ਦੇ ਨਾਲ-ਨਾਲ ਮੰਡੀਆਂ ਵਿੱਚ ਖ਼ਰੀਦ ਵਿਵਸਥਾ ਨੂੰ ਵਿਵਸਥਿਤ ਬਣਾਈ ਰੱਖਣ ਵਿੱਚ ਵੀ ਮਦਦ ਮਿਲੇਗੀ। ਮੁੱਖ ਮੰਤਰੀ ਨੇ ਕਿਹਾ ਕਿ ਖ਼ਰੀਫ਼ ਖ਼ਰੀਦ ਸੀਜ਼ਨ ਦੌਰਾਨ ਕਿਸਾਨਾਂ ਨੂੰ ਬਿਹਤਰ ਸਹੂਲਤਾਂ ਉਪਲਬਧ ਕਰਵਾਉਣਾ ਅਤੇ ਉਨ੍ਹਾਂ ਦੀ ਉਪਜ ਦੀ ਸੁਰੱਖਿਆ ਯਕੀਨੀ ਬਣਾਉਣਾ ਸਰਕਾਰ ਦੀ ਸਰਵਉੱਚ ਤਰਜੀਹਾਂ ਵਿੱਚ ਸ਼ਾਮਲ ਹੈ। ਇਸ ਲਈ ਅਧਿਕਾਰੀ ਸਾਰੇ ਪ੍ਰਬੰਧਾਂ ਦੀ ਨਿਯਮਤ ਨਿਗਰਾਨੀ ਕਰਨ ਅਤੇ ਇਹ ਯਕੀਨੀ ਬਣਾਉਣ ਕਿ ਕਿਸਾਨਾਂ ਨੂੰ ਫ਼ਸਲ ਵੇਚਣ ਤੋਂ ਲੈ ਕੇ ਉਸ ਦੀ ਚੁਕਾਈ ਤੱਕ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।

ਆਂਗਣਵਾੜੀ ਮੁਲਾਜ਼ਮ ਜਥੇਬੰਦੀ ਸੀਟੂ ਵੱਲੋਂ ਚੇਅਰਮੈਨ ਗੋਲਡੀ ਨੂੰ ਮੰਗ ਪੱਤਰ ਸੌਂਪਿਆ

ਕੁਰਾਲੀ, 13 ਅਕਤੂਬਰ (ਪ੍ਰਭਦੀਪ ਸਿੰਘ ਸੋਢੀ)- ਆਂਗਣਵਾੜੀ ਮੁਲਾਜ਼ਮ ਜਥੇਬੰਦੀ ਸੀਟੂ ਦੇ ਆਗੂਆਂ ਵੱਲੋਂ ਸੀਨੀਅਰ ਆਗੂ ਗੁਰਦੀਪ ਕੌਰ ਦੀ ਅਗਵਾਈ ਹੇਠ ਅੱਜ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਇੱਕ ਮੰਗ ਪੱਤਰ ਪਰਮਿੰਦਰ ਸਿੰਘ ਗੋਲਡੀ ਚੇਅਰਮੈਨ ਯੂਥ ਵਿਕਾਸ ਬੋਰਡ ਨੂੰ ਦਿੱਤਾ ਗਿਆ। ਇਸ ਮੰਗ ਪੱਤਰ ਰਾਹੀਂ ਉਹਨਾਂ ਨੂੰ ਮੁੱਖ ਮੰਤਰੀ ਨੂੰ ਯਾਦ ਕਰਾਉਣ ਲਈ ਆਂਗਣਵਾੜੀ ਮੁਲਾਜ਼ਮ ਲੰਬੇ ਸਮੇਂ ਤੋਂ ਲਟਕਦੀ ਆ ਰਹੀਆਂ ਮੰਗਾਂ ਜਿਵੇਂ ਕਿ ਤਿੰਨ ਤੋਂ ਛੇ ਸਾਲ ਦੇ ਬੱਚੇ ਆਂਗਨਵਾੜੀ ਸੈਂਟਰਾਂ ਨੂੰ ਵਾਪਸ ਕਰਨ ਤਾਂ ਜੋ ਬੱਚਿਆਂ ਦੀ ਮੁਢਲੀ ਸਿੱਖਿਆ ਦੀ ਸਹੂਲਤਾਂ ਦਾ ਲਾਭ ਮਿਲ ਸਕੇ, ਇਸ ਤੋਂ ਇਲਾਵਾ ਆਂਗਣਵਾੜੀ ਵਰਕਰਾਂ ਹੈਲਪਰਾਂ ਦਾ ਮਾਣ ਭੱਤਾ ਚੋਣ ਮੈਨੀਫੈਸਟੋ ਦੇ ਮੁਤਾਬਕ ਦੁਗਣਾ ਕਰਨਾ ਮਾਵਾਂ ਧੀਆਂ ਸਕੀਮ ਦੇ ਫਾਰਮਾ ਸੰਬੰਧੀ ਆਨਲਾਈਨ ਫਾਰਮ ਕਰਨ ਲਈ, ਆਂਗਣਵਾੜੀ ਵਰਕਰਾਂ ਦੀ ਲਗਾਈ ਹੋਈ ਡਿਊਟੀ, ਮਾਨ ਭੱਤਾ ਤੁਰੰਤ ਦੇਣ ਸਬੰਧੀ ਆਗਣਵਾੜੀ ਵਰਕਰਾਂ ਹੈਲਪਰਾ ਨੂੰ ਦਰਜਾ ਤਿੰਨ ਅਤੇ ਦਰਜਾ ਚਾਰ ਦੇ ਗ੍ਰੇਡ ਦੇਣ ਸਬੰਧੀ ਗੁਜਰਾਤ ਪੈਟਰਨ ਤੇ ਆਂਗਨਵਾੜੀ ਵਰਕਰਾਂ ਨੂੰ ਪੰਜ ਲੱਖ ਅਤੇ ਹੈਲਪਰਾਂ ਨੂੰ 3 ਲੱਖ ਰੁਪਏ ਗਰੈਜਏਟੀ ਅਤੇ ਪੈਨਸ਼ਨ ਸਕੀਮ ਲਾਗੂ ਕਰਨ ਸਬੰਧੀ ਆਂਗਣਵਾੜੀ ਸੈਂਟਰਾਂ ਦੇ ਬੱਚਿਆਂ ਲਈ ਵਧੀਆ ਭੋਜਨ ਮੁਹੱਈਆ ਕਰਾਉਣ ਸਬੰਧੀ ਸੈਂਟਰਾਂ ਦੀ ਬਿਲਡਿੰਗਾਂ ਵਿੱਚ ਸੁਧਾਰ ਕਰਨ ਸਬੰਧੀ ਜ਼ਿਕਰ ਕੀਤਾ ਗਿਆ ਹੈ। ਇਸ ਮੌਕੇ ਸਬੰਧੀ ਜਸਪਾਲ ਕੌਰ ਅੰਧਹੇੜੀ, ਅਵਤਾਰ ਕੌਰ ਕਾਦੀਮਾਜਰਾ, ਬਲਜੀਤ ਕੌਰ ਬੜੋਦੀ, ਅਵਤਾਰ ਕੌਰ ਧਨੌੜਾ, ਜਸਵਿੰਦਰ ਕੌਰ ਚਾਹੜ ਮਾਜਰਾ, ਰਜਿੰਦਰ ਕੌਰ ਮਸਤਗੜ ਸਮੇਤ ਵੱਡੀ ਗਿਣਤੀ ਵਿੱਚ ਵਰਕਰ ਹਾਜ਼ਰ ਸਨ।

ਬਿਜਲੀ ਕਾਮਿਆਂ ਵਲੋਂ ਆਪਣੇ ਆਪ ਨੂੰ ਕਾਂਗਰਸ ਦਾ ਪ੍ਰਧਾਨ ਦੱਸਣ ਵਾਲੇ ਵਿਅਕਤੀ ਵਿਰੁੱਧ ਕਾਰਵਾਈ ਦੀ ਮੰਗ ਨੂੰ ਲੈ ਕੇ ਕੀਤੀ ਗਈ ਰੈਲੀ

ਸ਼ਸ਼ੀ ਪਾਲ ਜੈਨ

ਖਰੜ 13 ਅਕਤੂਬਰ- ਆਪਣੇ ਆਪ ਨੂੰ ਕਾਂਗਰਸ ਦਾ ਪ੍ਰਧਾਨ ਦੱਸਣ ਵਾਲੇ ਵਿਅਕਤੀ ਦੀ ਕਥਿਤ ਗੁੰਡਾਗਰਦੀ ਦੇ ਖਿਲਾਫ ਬਿਜਲੀ ਕਾਮਿਆ ਵੱਲੋਂ ਸਬ ਡਿਵੀਜ਼ਨ ਸਿਟੀ -2 ਖਰੜ ਵਿਖੇ ਸਬ ਡਿਵੀਜ਼ਨ ਪ੍ਰਧਾਨ ਬਿਕਰਮਜੀਤ ਸਿੰਘ ਦੀ ਅਗਵਾਈ ਹੇਠ ਰੈਲੀ ਕੀਤੀ ਗਈ।

ਰੈਲੀ ਵਿੱਚ ਮੁੱਖ ਬੁਲਾਰੇ ਟੈਕਨੀਕਲ ਸਰਵਿਸ ਯੂਨੀਅਨ ਸਰਕਲ ਪ੍ਰਧਾਨ ਬਲਵਿੰਦਰ ਸਿੰਘ ਗਡਿਆਲਾ, ਯੋਗਰਾਜ ਸਿੰਘ ਜੌਨ ਆਗੂ, ਗੋਪੀ ਚੰਦ ਪ੍ਰਧਾਨ ਐਸ ਸੀ ਵਿੰਗ, ਕੇਵਲ ਸਿੰਘ ਸਕੱਤਰ ਟੀ ਐਸ ਯੂ, ਅਜੇ ਲੂੰਬਾ ਨੇ ਕਿਹਾ ਕਿ ਸਵਾਮੀ ਇਨਕਲੇਵ ਦੇ ਵਿੱਚ ਉੱਚ ਅਧਿਕਾਰੀਆਂ ਦੇ ਹੁਕਮਾਂ ਅਨੁਸਾਰ ਸਤਨਾਮ ਸਿੰਘ ਸਹਾਇਕ ਲਾਈਨ ਮੈਨ, ਗੁਰਿਦਰ ਸਿੰਘ ਸਹਾਇਕ ਲਾਈਨ ਮੈਨ, ਸੀ ਐਚ ਵੀ ਰਵਿੰਦਰ ਸਿੰਘ ਨੂੰ ਡਿਊਟੀ ਦੌਰਾਨ ਬਿਜਲੀ ਦੇ ਖਾਤੇ ਚੈੱਕ ਕਰਨ ਲਈ ਭੇਜਿਆ ਗਿਆ ਸੀ। ਉਥੇ ਇੱਕ ਵਿਅਕਤੀ ਜੋ ਆਪਣੇ ਆਪ ਨੂੰ ਕਾਂਗਰਸ ਦਾ ਪ੍ਰਧਾਨ ਦੱਸ ਰਿਹਾ ਸੀ ਅਤੇ ਉਸਦੇ ਇੱਕ ਸਾਥੀ ਨੇ ਬਿਜਲੀ ਬੋਰਡ ਦੇ ਕਰਮਚਾਰੀਆਂ ਨਾਲ ਮੰਦੀ ਸ਼ਬਦਾਵਲੀ ਵਰਤੀ ਅਤੇ ਆਪਣਾ ਕਨੈਕਸ਼ਨ ਚੈੱਕ ਕਰਨ ਤੋਂ ਸਾਫ ਇਨਕਾਰ ਕਰ ਦਿੱਤਾ ਅਤੇ ਕਰਮਚਾਰੀਆਂ ਦੇ ਹੱਥੋਂ ਸਰਕਾਰੀ ਦਸਤਾਵੇਜ਼ ਲੈ ਕੇ ਫਾੜ ਦਿੱਤੇ ਅਤੇ ਕਰਮਚਾਰੀਆਂ ਨੂੰ ਧਮਕੀਆਂ ਦਿੱਤੀਆਂ। ਜਦੋਂ ਇਸ ਘਟਨਾ ਬਾਰੇ ਕਰਮਚਾਰੀਆਂ ਨੇ ਆਪਣੇ ਇੰਚਾਰਜ ਜੇ ਈ ਰਣਜੀਤ ਸਿੰਘ ਢਿੱਲੋਂ ਨੂੰ ਦੱਸਿਆ ਤਾਂ ਉਹ ਮੌਕੇ ਤੇ ਪਹੁੰਚੇ ਤਾਂ ਉਹਨਾਂ ਵਿਅਕਤੀਆਂ ਨੇ ਜੇ ਈ ਨੂੰ ਵੀ ਬੁਰਾ ਭਲਾ ਕਿਹਾ। ਜਥੇਬੰਦੀ ਨੇ ਅਧਿਕਾਰੀਆਂ ਨੂੰ ਲਿਖਤੀ ਰੂਪ ਵਿੱਚ ਦਿੱਤਾ ਕਿ ਕਰਮਚਾਰੀਆਂ ਨੂੰ ਇਨਸਾਫ ਦਵਾਇਆ ਜਾਵੇ ਅਤੇ ਪੁਲਿਸ ਪ੍ਰਸ਼ਾਸਨ ਕੋਲੋਂ ਦੋਸ਼ੀਆਂ ਨੂੰ ਸਜ਼ਾ ਦਵਾਉਣ ਦੀ ਮੰਗ ਕੀਤੀ ਹੈ। ਜੇਕਰ ਇਹਨਾਂ ਦੋਸ਼ੀਆਂ ਖਿਲਾਫ ਪੁਲਿਸ ਕਾਰਵਾਈ ਨਹੀਂ ਕੀਤੀ ਜਾਂਦੀ ਤਾਂ ਜਥੇਬੰਦੀ ਤਿੱਖੇ ਸੰਘਰਸ਼ ਕਰਨ ਲਈ ਮਜਬੂਰ ਹੋਵੇਗੀ ਜਿਸ ਦੀ ਜਿੰਮੇਵਾਰੀ ਉੱਚ ਅਧਿਕਾਰੀਆਂ ਤੇ ਮੈਨੇਜਮੈਂਟ ਦੀ ਹੋਵੇਗੀ। ਇਸ ਮੌਕੇ ਰੈਲੀ ਵਿੱਚ ਗੁਰਪ੍ਰੀਤ ਸਿੰਘ, ਹਰਜੀਤ ਸਿੰਘ, ਕਾਕਾ ਸਿੰਘ, ਜੇ ਈ ਜਤਿੰਦਰ ਸਿੰਘ, ਜੇ ਈ ਸਤਬੀਰ ਸਿੰਘ, ਦਿਆ ਨੰਦ, ਜਸਵਿੰਦਰ ਸਿੰਘ, ਸੀ ਐਚ ਵੀ ਇੰਦਰਜੀਤ ਸਿੰਘ, ਗੁਰਸ਼ਰਨ ਸਿੰਘ, ਜਗਜੀਤ ਸਿੰਘ, ਬਲਜੀਤ ਸਿੰਘ ਅਤੇ ਹੋਰ ਕਈ ਮੈਂਬਰਾਂ ਨੇ ਹਿੱਸਾ ਲਿਆ।

ਸਾਬਕਾ ਕੇਂਦਰੀ ਮੰਤਰੀ ਰਵਨੀਤ ਬਿੱਟੂ ਨੂੰ ਪੁਲਿਸ ਨੇ ਲਿਆ ਹਿਰਾਸਤ 'ਚ

'ਆਪ' ਸਰਕਾਰ ਆਪਣੇ ਲੋਕਾਂ ਦੀ ਸੁਰੱਖਿਆ ਕਰਨ 'ਚ ਨਾਕਾਮ, ਨਿਰਪੱਖ ਜਾਂਚ ਤੋਂ ਬਿਨਾਂ ਪੁਲਿਸ ਨਿੱਜੀ ਰੰਜਿਸ਼ ਦਾ ਨਤੀਜਾ ਕਿਵੇਂ ਕਹਿ ਸਕਦੀ ਹੈ ?: ਬਿੱਟੂ

ਲੁਧਿਆਣਾ, 13 ਅਕਤੂਬਰ (ਸੁਰਜ) ਸਾਬਕਾ ਕੇਂਦਰੀ ਮੰਤਰੀ ਅਤੇ ਭਾਜਪਾ ਦੇ ਸੀਨੀਅਰ ਆਗੂ ਸ. ਰਵਨੀਤ ਸਿੰਘ ਬਿੱਟੂ ਨੂੰ ਅੱਜ ਮਾਨਸਾ ਪੁਲਿਸ ਨੇ ਉਸ ਸਮੇਂ ਹਿਰਾਸਤ ਵਿੱਚ ਲੈ ਲਿਆ, ਜਦੋਂ ਉਹ ਮਾਨਸਾ ਦੇ ਸਿਵਲ ਹਸਪਤਾਲ ਵਿੱਚ ਗੋਲੀਕਾਂਡ ਦੌਰਾਨ ਜ਼ਖ਼ਮੀ ਹੋਏ ਲੋਕਾਂ ਦਾ ਹਾਲ-ਚਾਲ ਜਾਣਨ ਲਈ ਪਹੁੰਚੇ। ਇਸ ਘਟਨਾ ਵਿੱਚ ਪਰਵਿੰਦਰ ਝੋਟਾ ਦੀ ਗੋਲੀ ਲੱਗਣ ਕਾਰਨ ਮੌਤ ਹੋ ਗਈ ਸੀ। ਇਸ ਘਟਨਾ 'ਤੇ ਡੂੰਘੇ ਦੁੱਖ ਅਤੇ ਰੋਸ ਦਾ ਪ੍ਰਗਟਾਵਾ ਕਰਦਿਆਂ ਸ. ਬਿੱਟੂ ਨੇ ਪੰਜਾਬ ਦੀ ਭਗਵੰਤ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਸਰਕਾਰ ਨੂੰ ਆਮ ਨਾਗਰਿਕਾਂ ਦੀਆਂ ਜਾਨਾਂ ਦੀ ਸੁਰੱਖਿਆ ਕਰਨ ਵਿੱਚ ਨਾਕਾਮ ਰਹਿਣ ਲਈ ਜ਼ਿੰਮੇਵਾਰ ਠਹਿਰਾਇਆ। ਬਿੱਟੂ ਨੇ ਇਹ ਵੀ ਦੱਸਿਆ ਕਿ ਪਰਵਿੰਦਰ ਝੋਟਾ ਦੇ ਪਿਤਾ ਨੇ ਕੇਂਦਰੀ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਨੂੰ ਇਸ ਮਾਮਲੇ ਵਿੱਚ ਦਖ਼ਲ ਦੇਣ ਅਤੇ ਪੀੜਤ ਪਰਿਵਾਰ ਨੂੰ ਇਨਸਾਫ਼ ਦਿਵਾਉਣ ਦੀ ਅਪੀਲ ਕੀਤੀ ਹੈ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਪਰਿਵਾਰ ਦੀਆਂ ਚਿੰਤਾਵਾਂ ਨੂੰ ਗੰਭੀਰਤਾ ਨਾਲ ਲੈਣ ਅਤੇ ਦੋਸ਼ੀਆਂ ਨੂੰ ਕਾਨੂੰਨ ਦੇ ਕਟਹਿਰੇ ਵਿੱਚ ਲਿਆਉਣ ਦੀ ਅਪੀਲ ਕੀਤੀ ।ਆਮ ਆਦਮੀ ਪਾਰਟੀ ਸਰਕਾਰ 'ਤੇ ਨਿਸ਼ਾਨਾ ਸਾਧਦਿਆਂ ਬਿੱਟੂ ਨੇ ਕਿਹਾ ਕਿ ਜਦੋਂ ਉਹ ਖ਼ੁਦ ਸਿਵਲ ਹਸਪਤਾਲ ਵਿੱਚ ਜ਼ਖ਼ਮੀਆਂ ਨੂੰ ਮਿਲਣ ਅਤੇ ਉਨ੍ਹਾਂ ਦਾ ਹਾਲ-ਚਾਲ ਜਾਣਨ ਪਹੁੰਚੇ, ਤਾਂ ਉੱਥੇ 'ਆਪ' ਸਰਕਾਰ ਦਾ ਕੋਈ ਵੀ ਨੁਮਾਇੰਦਾ ਪ੍ਰਭਾਵਿਤ ਪਰਿਵਾਰਾਂ ਨਾਲ ਹਮਦਰਦੀ ਪ੍ਰਗਟਾਉਣ ਜਾਂ ਉਨ੍ਹਾਂ ਦੀ ਮਦਦ ਕਰਨ ਲਈ ਮੌਜੂਦ ਨਹੀਂ ਸੀ। ਉਨ੍ਹਾਂ ਨੇ ਪੰਜਾਬ ਵਿੱਚ ਲਗਾਤਾਰ ਵਿਗੜ ਰਹੀ ਕਾਨੂੰਨ-ਵਿਵਸਥਾ ਲਈ ਮੁੱਖ ਮੰਤਰੀ ਭਗਵੰਤ ਮਾਨ, ਜੋ ਗ੍ਰਹਿ ਵਿਭਾਗ ਦੀ ਜ਼ਿੰਮੇਵਾਰੀ ਵੀ ਸੰਭਾਲ ਰਹੇ ਹਨ, ਨੂੰ ਜਵਾਬਦੇਹ ਠਹਿਰਾਇਆ। ਉਨ੍ਹਾਂ ਮੰਗ ਕੀਤੀ ਕਿ ਸਰਕਾਰ ਸਪੱਸ਼ਟ ਕਰੇ ਕਿ ਉਹ ਨਾਗਰਿਕਾਂ ਨੂੰ ਹਿੰਸਾ ਅਤੇ ਨਸ਼ਿਆਂ ਦੇ ਖ਼ਤਰੇ ਤੋਂ ਸੁਰੱਖਿਅਤ ਰੱਖਣ ਵਿੱਚ ਕਿਉਂ ਨਾਕਾਮ ਰਹੀ ਹੈ। ਬਿੱਟੂ ਨੇ ਗੋਲੀਕਾਂਡ ਦੀ ਡੂੰਘਾਈ ਨਾਲ ਅਤੇ ਨਿਰਪੱਖ ਜਾਂਚ ਕਰਵਾਉਣ, ਪ੍ਰਸ਼ਾਸਨਿਕ ਲਾਪਰਵਾਹੀ ਸਾਹਮਣੇ ਆਉਣ 'ਤੇ ਜਵਾਬਦੇਹੀ ਤੈਅ ਕਰਨ, ਨਸ਼ਾ ਤਸਕਰਾਂ ਵਿਰੁੱਧ ਪ੍ਰਭਾਵਸ਼ਾਲੀ ਕਾਰਵਾਈ ਕਰਨ ਅਤੇ ਨਸ਼ਿਆਂ ਵਿਰੁੱਧ ਮੁਹਿੰਮ ਚਲਾਉਣ ਕਾਰਨ ਖ਼ਤਰੇ ਦਾ ਸਾਹਮਣਾ ਕਰ ਰਹੇ ਵਿਅਕਤੀਆਂ ਦੀ ਸੁਰੱਖਿਆ ਵਿਵਸਥਾ ਦੀ ਵਿਆਪਕ ਸਮੀਖਿਆ ਕਰਨ ਦੀ ਮੰਗ ਕੀਤੀ।

ਸੰਸਦ ਮੈਂਬਰ ਸਤਨਾਮ ਸਿੰਘ ਸੰਧੂ ਨੇ ਮੋਰਿੰਡਾ ਦੇ ਨਸ਼ਾ ਮੁਕਤੀ ਕੇਂਦਰ ਦਾ ਕੀਤਾ ਦੌਰਾ

'ਸੇਵਾ ਸੰਕਲਪ ਅਭਿਆਨ' ਤਹਿਤ 40 ਮਰੀਜ਼ਾਂ ਨੂੰ ਦਿੱਤਾ ਸਹਿਯੋਗ

ਸ਼ਸ਼ੀ ਪਾਲ ਜੈਨ

ਖਰੜ 13 ਅਕਤੂਬਰ-ਦੇਸ਼ ਨਿਰਮਾਣ ਵਿੱਚ ਜਨਤਕ ਸੇਵਾ, ਸਮਾਜਿਕ ਜ਼ਿੰਮੇਵਾਰੀ ਅਤੇ ਨਾਗਰਿਕਾਂ ਦੀ ਭਾਗੀਦਾਰੀ ਦੀ ਭਾਵਨਾ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ, ਦੇਸ਼ਵਿਆਪੀ 'ਸੇਵਾ ਸੰਕਲਪ ਅਭਿਆਨ, ਸੇਵਾ ਮੇਰਾ ਯੋਗਦਾਨ' ਤਹਿਤ ਮੋਹਾਲੀ ਦੇ ਘੜੂੰਆਂ ਸਥਿਤ ਸੈਕਰਡ ਸੋਲਜ਼ ਸਕੂਲ ਵਿੱਚ 'ਸੇਵਾ ਔਰ ਸਪਨੇ' ਵਿਸ਼ੇ 'ਤੇ ਪੋਸਟਰ ਮੇਕਿੰਗ ਅਤੇ ਭਾਸ਼ਣ ਮੁਕਾਬਲੇ ਕਰਵਾਏ ਗਏ। ਇਸ ਦੇ ਨਾਲ ਹੀ ਮੋਰਿੰਡਾ ਦੇ ਪਿੰਡ ਮੌਲੀ ਕਲਾਂ ਸਥਿਤ ਵੀਰ ਫਾਊਂਡੇਸ਼ਨ ਨਸ਼ਾ ਛੁਡਾਊ ਕੇਂਦਰ ਵਿਖੇ ਮਰੀਜ਼ਾਂ ਦੀ ਸਹਾਇਤਾ ਵੀ ਕੀਤੀ ਗਈ। ਇਹ ਪਹਿਲਕਦਮੀਆਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਜਨਮ ਦਿਵਸ ਅਤੇ ਜਨਤਕ ਜੀਵਨ ਵਿੱਚ ਉਨ੍ਹਾਂ ਦੇ 25 ਸਾਲ ਪੂਰੇ ਹੋਣ ਦੇ ਮੌਕੇ 'ਤੇ ਆਯੋਜਿਤ ਕੀਤੀਆਂ ਗਈਆਂ। ਇਨ੍ਹਾਂ ਸਮਾਗਮਾਂ ਦੇ ਦੌਰਾਂ ਮੌਕੇ ਰਾਜ ਸਭਾ ਮੈਂਬਰ ਸਤਨਾਮ ਸਿੰਘ ਸੰਧੂ ਤੋਂ ਇਲਾਵਾ ਸੈਕਰਡ ਸੋਲਜ਼ ਸਕੂਲ, ਘੜੂੰਆਂ ਦੇ ਡਾਇਰੈਕਟਰ ਡੀ.ਪੀ. ਸਿੰਘ, ਸਕੂਲ ਦੀ ਪ੍ਰਿੰਸੀਪਲ

ਸੰਪਾਦਕੀ

ਨਸ਼ਿਆਂ ਵਿਰੁੱਧ ਲੜਨ ਵਾਲਿਆਂ ਦੀ ਸੁਰੱਖਿਆ ਕੌਣ ਕਰੇਗਾ?

ਪਰਮਿੰਦਰ ਸਿੰਘ ਝੋਟਾ, ਜੋ ਮਾਨਸਾ ਇਲਾਕੇ ਵਿੱਚ ਨਸ਼ਿਆਂ ਵਿਰੁੱਧ ਆਵਾਜ਼ ਬੁਲੰਦ ਕਰਨ ਵਾਲੇ ਕਾਰਕੁਨ ਵਜੋਂ ਜਾਣੇ ਜਾਂਦੇ ਸਨ, ਦੀ ਗੋਲੀ ਮਾਰ ਕੇ ਹੱਤਿਆ ਨੇ ਪੰਜਾਬ ਦੇ ਸਮਾਜ ਅਤੇ ਪ੍ਰਸ਼ਾਸਨ ਸਾਹਮਣੇ ਕਈ ਗੰਭੀਰ ਸਵਾਲ ਖੜ੍ਹੇ ਕਰ ਦਿੱਤੇ ਹਨ। ਰਿਪੋਰਟਾਂ ਅਨੁਸਾਰ, 13 ਅਕਤੂਬਰ 2026 ਨੂੰ ਇੱਕ ਮੈਡੀਕਲ ਸਟੋਰ ਦੇ ਮਾਲਕ ਨਾਲ ਕਥਿਤ ਨਸ਼ਾ ਵਿਕਰੀ ਨੂੰ ਲੈ ਕੇ ਹੋਏ ਟਕਰਾਅ ਦੌਰਾਨ ਉਨ੍ਹਾਂ ਨੂੰ ਗੋਲੀ ਮਾਰੀ ਗਈ। ਇਸ ਘਟਨਾ ਦੀ ਪੂਰੀ ਸੱਚਾਈ ਜਾਂਚ ਤੋਂ ਬਾਅਦ ਹੀ ਸਾਹਮਣੇ ਆਵੇਗੀ, ਪਰ ਇਹ ਸਵਾਲ ਜ਼ਰੂਰ ਉੱਠਦਾ ਹੈ ਕਿ ਨਸ਼ਿਆਂ ਵਿਰੁੱਧ ਲੜਨ ਵਾਲਿਆਂ ਦੀ ਸੁਰੱਖਿਆ ਦੀ ਜ਼ਿੰਮੇਵਾਰੀ ਕੌਣ ਨਿਭਾਏਗਾ? ਪਰਮਿੰਦਰ ਝੋਟਾ ਨਸ਼ਿਆਂ ਦੇ ਸ਼ੱਕੀ ਕਾਰੋਬਾਰ ਵਿਰੁੱਧ ਆਵਾਜ਼ ਉਠਾਉਣ ਅਤੇ ਆਪਣੀਆਂ ਕਾਰਵਾਈਆਂ ਸੋਸ਼ਲ ਮੀਡੀਆ 'ਤੇ ਸਾਂਝੀਆਂ ਕਰਨ ਕਰਕੇ ਚਰਚਾ ਵਿੱਚ ਰਹੇ। ਉਨ੍ਹਾਂ ਦੇ ਤਰੀਕਿਆਂ ਬਾਰੇ ਵੱਖ-ਵੱਖ ਵਿਚਾਰ ਹੋ ਸਕਦੇ ਹਨ, ਕਿਉਂਕਿ ਸ਼ੱਕੀ ਵਿਅਕਤੀਆਂ ਨਾਲ ਸਿੱਧਾ ਟਕਰਾਅ ਖ਼ਤਰਨਾਕ ਹੋ ਸਕਦਾ ਹੈ। ਪਰ ਨਸ਼ਿਆਂ ਦੀ ਸਮੱਸਿਆ ਨੂੰ ਉਜਾਗਰ ਕਰਨਾ ਅਤੇ ਇਸ ਵਿਰੁੱਧ ਕਾਰਵਾਈ ਦੀ ਮੰਗ ਕਰਨਾ ਸਮਾਜ ਦੀ ਇੱਕ ਅਹਿਮ ਲੋੜ ਹੈ। ਪੰਜਾਬ ਵਿੱਚ ਨਸ਼ਿਆਂ ਨੇ ਅਨੇਕਾਂ ਪਰਿਵਾਰਾਂ ਦੀ ਜ਼ਿੰਦਗੀ ਪ੍ਰਭਾਵਿਤ ਕੀਤੀ ਹੈ ਅਤੇ ਨੌਜਵਾਨਾਂ ਦੇ ਭਵਿੱਖ ਨੂੰ ਗੰਭੀਰ ਨੁਕਸਾਨ ਪਹੁੰਚਾਇਆ ਹੈ। ਝੋਟਾ ਦੀ ਮੌਤ ਨੂੰ ਕੁਝ ਦਿਨਾਂ ਦੀ ਚਰਚਾ ਤੱਕ ਸੀਮਤ ਨਹੀਂ ਰਹਿਣ ਦੇਣਾ ਚਾਹੀਦਾ। ਪੁਲਿਸ ਨੂੰ ਮਾਮਲੇ ਦੀ ਨਿਰਪੱਖ ਅਤੇ ਪਾਰਦਰਸ਼ੀ ਜਾਂਚ ਕਰਨੀ ਚਾਹੀਦੀ ਹੈ। ਗੋਲੀਬਾਰੀ ਦੇ ਹਾਲਾਤ, ਪਹਿਲਾਂ ਮਿਲੀਆਂ ਧਮਕੀਆਂ ਅਤੇ ਸੰਭਾਵੀ ਗਵਾਹਾਂ ਨਾਲ ਜੁੜੇ ਤੱਥਾਂ ਦੀ ਵੀ ਜਾਂਚ ਹੋਣੀ ਚਾਹੀਦੀ ਹੈ। ਜਿਹੜੇ ਵਿਅਕਤੀ ਦੋਸ਼ੀ ਸਾਬਤ ਹੋਣ, ਉਨ੍ਹਾਂ ਵਿਰੁੱਧ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ। ਇਸ ਘਟਨਾ ਨੇ ਨਸ਼ਿਆਂ ਦੀ ਰੋਕਥਾਮ ਲਈ ਸਰਕਾਰੀ ਪ੍ਰਬੰਧਾਂ ਦੀ ਕਾਰਗੁਜ਼ਾਰੀ 'ਤੇ ਵੀ ਸਵਾਲ ਖੜ੍ਹੇ ਕੀਤੇ ਹਨ। ਜੇ ਕਿਤੇ ਨਸ਼ੀਲੇ ਪਦਾਰਥਾਂ ਦੀ ਗੈਰ-ਕਾਨੂੰਨੀ ਵਿਕਰੀ ਹੋ ਰਹੀ ਹੈ, ਤਾਂ ਪੁਲਿਸ ਨੂੰ ਸਿਰਫ਼ ਛੋਟੇ ਵਿਕਰੇਤਾਵਾਂ ਤੱਕ ਸੀਮਤ ਰਹਿਣ ਦੀ ਬਜਾਏ ਸਪਲਾਈ ਦੇ ਪੂਰੇ ਜਾਲ ਦੀ ਜਾਂਚ ਕਰਨੀ ਚਾਹੀਦੀ ਹੈ। ਇਸ ਦੇ ਨਾਲ ਨਸ਼ਾ ਪੀੜਤਾਂ ਲਈ ਇਲਾਜ, ਮੁੜ ਵਸੇਬੇ ਅਤੇ ਪਰਿਵਾਰਾਂ ਦੀ ਸਹਾਇਤਾ ਨੂੰ ਵੀ ਤਰਜੀਹ ਦੇਣੀ ਲਾਜ਼ਮੀ ਹੈ। ਨਾਗਰਿਕਾਂ ਨੂੰ ਵੀ ਸ਼ੱਕੀ ਗਤੀਵਿਧੀਆਂ ਵਿਰੁੱਧ ਖ਼ੁਦ ਟਕਰਾਅ ਕਰਨ ਦੀ ਬਜਾਏ ਪੁਲਿਸ ਨੂੰ ਸੂਚਨਾ ਦੇਣੀ ਚਾਹੀਦੀ ਹੈ। ਪ੍ਰਸ਼ਾਸਨ ਦੀ ਜ਼ਿੰਮੇਵਾਰੀ ਹੈ ਕਿ ਸ਼ਿਕਾਇਤ ਕਰਨ ਵਾਲਿਆਂ ਦੀ ਪਛਾਣ ਅਤੇ ਸੁਰੱਖਿਆ ਯਕੀਨੀ ਬਣਾਈ ਜਾਵੇ। ਪਰਮਿੰਦਰ ਝੋਟਾ ਦੀ ਮੌਤ ਪੰਜਾਬ ਲਈ ਇੱਕ ਗੰਭੀਰ ਚੇਤਾਵਨੀ ਹੈ। ਨਸ਼ਿਆਂ ਵਿਰੁੱਧ ਜੰਗ ਸਿਰਫ਼ ਨਾਅਰਿਆਂ ਅਤੇ ਦਾਅਵਿਆਂ ਨਾਲ ਨਹੀਂ ਜਿੱਤੀ ਜਾ ਸਕਦੀ। ਇਸ ਲਈ ਇਮਾਨਦਾਰ ਜਾਂਚ, ਪ੍ਰਭਾਵਸ਼ਾਲੀ ਕਾਨੂੰਨੀ ਕਾਰਵਾਈ, ਨੌਜਵਾਨਾਂ ਲਈ ਰੁਜ਼ਗਾਰ ਅਤੇ ਨਸ਼ਾ ਮੁਕਤੀ ਸੇਵਾਵਾਂ ਦੀ ਲੋੜ ਹੈ। ਝੋਟਾ ਨੂੰ ਸੱਚੀ ਸ਼ਰਧਾਂਜਲੀ ਇਹ ਹੋਵੇਗੀ ਕਿ ਪੰਜਾਬ ਵਿੱਚ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲੇ ਨਾਗਰਿਕ ਆਪਣੇ ਆਪ ਨੂੰ ਅਸੁਰੱਖਿਅਤ ਨਾ ਮਹਿਸੂਸ ਕਰਨ ਅਤੇ ਨਸ਼ਿਆਂ ਨਾਲ ਜੂਝ ਰਹੇ ਲੋਕਾਂ ਨੂੰ ਨਵੀਂ ਜ਼ਿੰਦਗੀ ਦਾ ਮੌਕਾ ਮਿਲੇ। ਨਸ਼ਿਆਂ ਵਿਰੁੱਧ ਲੜਾਈ ਕਾਨੂੰਨ, ਹਿੰਮਤ ਅਤੇ ਮਨੁੱਖਤਾ ਦੇ ਆਧਾਰ 'ਤੇ ਲੜੀ ਜਾਣੀ ਚਾਹੀਦੀ ਹੈ—ਡਰ ਅਤੇ ਹਿੰਸਾ ਦੇ ਮਾਹੌਲ ਵਿੱਚ ਨਹੀਂ।

ਸੋਸ਼ਲ ਮੀਡੀਆ: ਰਿਸ਼ਤੇ, ਭਾਵਨਾਵਾਂ ਅਤੇ ਦਿਲ ਟੁੱਟਣ ਦਾ ਦਰਦ

ਲੜੀ ਜੋੜਨ ਲਈ ਐਤਵਾਰ ਦਾ ਅੰਕ ਦੇਖੋ...

ਗਲਤਫਹਿਮੀ ਦਾ ਖ਼ਤਰਾ

ਡਿਜ਼ਿਟਲ ਸੰਚਾਰ ਵਿੱਚ ਆਹਮੋ-ਸਾਹਮਣੇ ਗੱਲਬਾਤ ਦੇ ਬਹੁਤ ਸਾਰੇ ਭਾਵਨਾਤਮਕ ਸੰਕੇਤ ਮੌਜੂਦ ਨਹੀਂ ਹੁੰਦੇ।

ਜਦੋਂ ਲੋਕ ਸਾਹਮਣੇ ਬੈਠ ਕੇ ਗੱਲ ਕਰਦੇ ਹਨ ਤਾਂ ਉਹ ਚਿਹਰੇ ਦੇ ਹਾਵ-ਭਾਵ ਦੇਖ ਸਕਦੇ ਹਨ, ਆਵਾਜ਼ ਦਾ ਲਹਿਜ਼ਾ ਸੁਣ ਸਕਦੇ ਹਨ ਅਤੇ ਗਲਤਫਹਿਮੀ ਹੋਣ 'ਤੇ ਤੁਰੰਤ ਉਸਨੂੰ ਸਪਸ਼ਟ ਕਰ ਸਕਦੇ ਹਨ। ਆਨਲਾਈਨ ਗੱਲਬਾਤ ਵਿੱਚ ਇਨ੍ਹਾਂ ਵਿੱਚੋਂ ਕਈ ਸੰਕੇਤ ਗਾਇਬ ਹੋ ਜਾਂਦੇ ਹਨ।

ਸਿਰਫ਼ "ਓਕੇ" ਸ਼ਬਦ ਦਾ ਅਰਥ ਸਹਿਮਤੀ, ਨਿਰਾਸ਼ਾ ਜਾਂ ਨਾਰਾਜ਼ਗੀ—ਕੁਝ ਵੀ ਹੋ ਸਕਦਾ ਹੈ।

ਦੇਰ ਨਾਲ ਆਇਆ ਜਵਾਬ ਸ਼ਾਇਦ ਕੁਝ ਵੀ ਨਾ ਦਰਸਾਉਂਦਾ ਹੋਵੇ, ਪਰ ਪ੍ਰਾਪਤ ਕਰਨ ਵਾਲਾ ਇਸਨੂੰ ਜਾਣਬੁੱਝ ਕੇ ਨਜ਼ਰਅੰਦਾਜ਼ ਕਰਨ ਵਜੋਂ ਸਮਝ ਸਕਦਾ ਹੈ।

ਕਈ ਵਾਰ ਰਿਸ਼ਤੇ ਇਸ ਲਈ ਨਹੀਂ ਟੁੱਟਦੇ ਕਿ ਲੋਕਾਂ ਨੇ ਇੱਕ-ਦੂਜੇ ਦੀ ਪਰਵਾਹ ਕਰਨੀ ਛੱਡ ਦਿੱਤੀ, ਸਗੋਂ ਇਸ ਲਈ ਟੁੱਟ ਜਾਂਦੇ ਹਨ ਕਿਉਂਕਿ ਉਨ੍ਹਾਂ ਨੇ ਇੱਕ-ਦੂਜੇ ਨੂੰ ਗਲਤ ਸਮਝ ਲਿਆ ਹੁੰਦਾ ਹੈ।

ਡਿਜ਼ਿਟਲ ਗਿਰਤਿਆਂ ਦਾ ਦਿਲ ਟੁੱਟਣਾ

ਸੋਸ਼ਲ ਮੀਡੀਆ ਨੇ ਲੋਕਾਂ ਨੂੰ ਅਜਿਹੇ ਵਿਅਕਤੀਆਂ ਨਾਲ ਭਾਵਨਾਤਮਕ ਰਿਸ਼ਤੇ ਬਣਾਉਣ ਦਾ ਮੌਕਾ ਵੀ ਦਿੱਤਾ ਹੈ, ਜਿਨ੍ਹਾਂ ਨਾਲ ਉਹ ਕਦੇ ਨਿੱਜੀ ਤੌਰ 'ਤੇ ਮਿਲੇ ਤੱਕ ਨਹੀਂ ਹੁੰਦੇ।

ਅਜਿਹੇ ਰਿਸ਼ਤੇ ਕਈ ਵਾਰ ਚੰਗੀ ਅਤੇ ਅਰਥਪੂਰਨ ਦੋਸਤੀ ਵਿੱਚ ਬਦਲ ਸਕਦੇ ਹਨ, ਪਰ ਇਹ ਭਾਵਨਾਤਮਕ ਪੀੜਾ ਦਾ ਕਾਰਨ ਵੀ ਬਣ ਸਕਦੇ ਹਨ।

ਲੋਕ ਨਿੱਜੀ ਗੱਲਾਂ ਸਾਂਝੀਆਂ ਕਰਦੇ ਹਨ, ਆਪਣੀਆਂ ਭਾਵਨਾਵਾਂ ਦੱਸਦੇ ਹਨ ਅਤੇ ਹੌਲੀ-ਹੌਲੀ ਭਾਵਨਾਤਮਕ ਉਮੀਦਾਂ ਵਿਕਸਿਤ ਕਰ ਲੈਂਦੇ ਹਨ। ਜਦੋਂ ਅਜਿਹਾ ਰਿਸ਼ਤਾ ਅਚਾਨਕ ਖਤਮ ਹੋ ਜਾਂਦਾ ਹੈ ਤਾਂ ਦਰਦ ਅਸਲੀ ਹੁੰਦਾ ਹੈ—ਭਾਵੇਂ ਉਹ ਰਿਸ਼ਤਾ ਮੁੱਖ ਤੌਰ 'ਤੇ ਆਨਲਾਈਨ ਹੀ ਕਿਉਂ ਨਾ ਰਿਹਾ ਹੋਵੇ।

ਇੱਕ ਹੋਰ ਸਮੱਸਿਆ ਇਹ ਹੈ ਕਿ ਲੋਕ ਸੋਸ਼ਲ ਮੀਡੀਆ 'ਤੇ ਆਪਣੇ ਬਾਰੇ ਅਜਿਹੀ ਤਸਵੀਰ ਪੇਸ਼ ਕਰ ਸਕਦੇ ਹਨ ਜੋ ਉਨ੍ਹਾਂ ਦੀ ਅਸਲ ਸ਼ਖਸੀਅਤ ਤੋਂ ਵੱਖਰੀ ਹੋਵੇ।

ਇੱਕ ਆਕਰਸ਼ਕ ਪ੍ਰੋਫਾਈਲ ਅਸਲ ਜੀਵਨ ਦੀ ਸ਼ਖਸੀਅਤ ਦਾ ਸਹੀ ਪ੍ਰਤੀਬਿੰਬ ਹੋਵੇ, ਇਹ ਜ਼ਰੂਰੀ ਨਹੀਂ।

ਇਸ ਲਈ ਖਾਸ ਤੌਰ 'ਤੇ ਉਨ੍ਹਾਂ ਲੋਕਾਂ ਨਾਲ, ਜਿਨ੍ਹਾਂ ਨੂੰ ਅਸੀਂ ਨਿੱਜੀ ਤੌਰ 'ਤੇ ਨਹੀਂ ਮਿਲੇ, ਭਾਵਨਾਤਮਕ ਭਰੋਸਾ ਹੌਲੀ-ਹੌਲੀ ਵਿਕਸਿਤ ਕਰਨਾ ਚਾਹੀਦਾ ਹੈ।

ਨਿੱਜੀ ਜਾਣਕਾਰੀ ਅਤੇ ਭਾਵਨਾਤਮਕ ਸੁਰੱਖਿਆ

ਸੋਸ਼ਲ ਮੀਡੀਆ 'ਤੇ ਨਿੱਜਤਾ ਵੀ ਇੱਕ ਮਹੱਤਵਪੂਰਨ ਮੁੱਦਾ ਹੈ।

ਲੋਕ ਕਈ ਵਾਰ ਨਿੱਜੀ ਤਸਵੀਰਾਂ, ਪਰਿਵਾਰਕ ਸਮੱਸਿਆਵਾਂ, ਨਿੱਜੀ ਗੱਲਬਾਤ ਅਤੇ ਭਾਵਨਾਤਮਕ ਤਜਰਬੇ ਸਾਂਝੇ ਕਰਦੇ ਸਮੇਂ ਇਹ ਨਹੀਂ ਸੋਚਦੇ ਕਿ ਇਹ ਜਾਣਕਾਰੀ ਕਿੰਨੇ ਲੋਕਾਂ ਤੱਕ ਪਹੁੰਚ ਸਕਦੀ ਹੈ।

ਇੱਕ ਵਿਅਕਤੀ ਲਈ ਭੇਜਿਆ ਗਿਆ ਸੁਨੇਹਾ ਕਈ ਲੋਕਾਂ ਨੂੰ ਫਾਰਵਰਡ ਕੀਤਾ ਜਾ ਸਕਦਾ ਹੈ।

ਨਿੱਜੀ ਤਸਵੀਰ ਦੀ ਕਾਪੀ ਬਣਾਈ ਜਾ ਸਕਦੀ ਹੈ।

ਗੱਲਬਾਤ ਦਾ ਸਕ੍ਰੀਨਸ਼ਾਟ ਲਿਆ ਜਾ ਸਕਦਾ ਹੈ।

ਇੱਕ ਵਾਰ ਕੋਈ ਸਮੱਗਰੀ ਡਿਜ਼ਿਟਲ ਦੁਨੀਆ ਵਿੱਚ ਪਹੁੰਚ ਜਾਵੇ ਤਾਂ ਉਸਦੇ ਅੱਗੇ ਪ੍ਰਸਾਰ ਨੂੰ ਨਿਯੰਤਰਿਤ ਕਰਨਾ ਬਹੁਤ ਮੁਸ਼ਕਲ ਹੋ ਸਕਦਾ ਹੈ।

ਇਸ ਲਈ ਭਾਵਨਾਤਮਕ ਖੁੱਲ੍ਹੇਪਣ ਦੇ ਨਾਲ ਡਿਜ਼ਿਟਲ ਜਾਗਰੂਕਤਾ ਵੀ ਜ਼ਰੂਰੀ ਹੈ।

ਬੱਚੇ ਅਤੇ ਨੌਜਵਾਨ

ਨੌਜਵਾਨ ਸੋਸ਼ਲ ਮੀਡੀਆ ਦੇ ਭਾਵਨਾਤਮਕ ਦਬਾਅ ਪ੍ਰਤੀ ਵਿਸ਼ੇਸ਼ ਤੌਰ 'ਤੇ ਸੰਵੇਦਨਸ਼ੀਲ ਹੋ ਸਕਦੇ ਹਨ।

ਕਿਸ਼ੋਰ ਆਪਣੀ ਪਛਾਣ ਵਿਕਸਿਤ ਕਰ ਰਹੇ ਹੁੰਦੇ ਹਨ ਅਤੇ ਸਵੀਕਾਰਤਾ ਤੇ ਅਸਵੀਕਾਰਤਾ ਪ੍ਰਤੀ ਕੁਦਰਤੀ ਤੌਰ 'ਤੇ ਸੰਵੇਦਨਸ਼ੀਲ ਹੁੰਦੇ ਹਨ। ਆਨਲਾਈਨ ਆਲੋਚਨਾ, ਸਾਈਬਰ ਬੁਲਿੰਗ, ਕਿਸੇ ਸਮੂਹ ਤੋਂ ਬਾਹਰ ਕਰ ਦਿੱਤਾ ਜਾਣਾ ਅਤੇ ਨਕਾਰਾਤਮਕ ਟਿੱਪਣੀਆਂ ਉਨ੍ਹਾਂ ਦੇ ਮਨ 'ਤੇ ਡੂੰਘਾ ਪ੍ਰਭਾਵ ਪਾ ਸਕਦੀਆਂ ਹਨ।

ਮਾਪਿਆਂ ਅਤੇ ਅਧਿਆਪਕਾਂ ਨੂੰ ਸਿਰਫ਼ ਇਹ ਕਹਿਣ ਦੀ ਬਜਾਏ ਕਿ "ਸੋਸ਼ਲ ਮੀਡੀਆ ਛੱਡ ਦਿਓ, ਨੌਜਵਾਨਾਂ ਨੂੰ ਇਸਦਾ ਜ਼ਿੰਮੇਵਾਰੀ ਨਾਲ ਇਸਤੇਮਾਲ ਕਰਨਾ ਸਿਖਾਉਣਾ ਚਾਹੀਦਾ ਹੈ।

ਉਨ੍ਹਾਂ ਨੂੰ ਸਮਝਣਾ ਚਾਹੀਦਾ ਹੈ ਕਿ ਆਨਲਾਈਨ ਟਿੱਪਣੀ ਉਨ੍ਹਾਂ ਦੀ ਪਛਾਣ ਤੈਅ ਨਹੀਂ ਕਰਦੀ ਅਤੇ ਫਾਲੋਅਰਜ਼ ਦੀ ਗਿਣਤੀ ਉਨ੍ਹਾਂ ਦੀ ਕੀਮਤ ਦਾ ਨਿਰਧਾਰਨ ਨਹੀਂ ਕਰਦੀ।

ਨੌਜਵਾਨਾਂ ਨੂੰ ਖੇਡਾਂ, ਕਿਤਾਬਾਂ ਪੜ੍ਹਨ, ਰਚਨਾਤਮਕ ਗਤੀਵਿਧੀਆਂ, ਕੁਦਰਤ ਨਾਲ ਸਮਾਂ ਬਿਤਾਉਣ ਅਤੇ ਆਹਮੋ-ਸਾਹਮਣੇ ਦੋਸਤੀ ਦੇ ਮੌਕੇ ਵੀ ਮਿਲਣੇ ਚਾਹੀਦੇ ਹਨ।

ਸੋਸ਼ਲ ਮੀਡੀਆ ਇਲਾਜ ਦਾ ਮਾਧਿਅਮ ਵੀ ਬਣ ਸਕਦਾ ਹੈ

ਇਨ੍ਹਾਂ ਚੁਣੌਤੀਆਂ ਦੇ ਬਾਵਜੂਦ ਸੋਸ਼ਲ ਮੀਡੀਆ ਨੂੰ ਸਿਰਫ਼ ਨਕਾਰਾਤਮਕ ਨਜ਼ਰੀਏ ਨਾਲ ਨਹੀਂ ਦੇਖਣਾ ਚਾਹੀਦਾ।

ਇਸਨੇ ਮੁਸ਼ਕਲ ਹਾਲਾਤਾਂ ਵਿੱਚ ਲੋਕਾਂ ਨੂੰ ਭਾਵਨਾਤਮਕ ਸਹਾਇਤਾ ਪ੍ਰਾਪਤ ਕਰਨ ਵਿੱਚ ਮਦਦ ਕੀਤੀ ਹੈ। ਇੱਕੋ ਜਿਹੀਆਂ ਰੁਚੀਆਂ ਵਾਲੇ ਭਾਈਚਾਰੇ ਦੋਸਤੀ ਅਤੇ ਹੌਸਲਾ ਪ੍ਰਦਾਨ ਕਰ ਸਕਦੇ ਹਨ। ਦੂਰ ਰਹਿੰਦੇ ਪਰਿਵਾਰ ਸੰਪਰਕ ਵਿੱਚ ਰਹਿ ਸਕਦੇ ਹਨ। ਸਮਾਜਿਕ ਅਤੇ ਮਨੁੱਖੀ ਮੁੱਦੇ ਲੱਖਾਂ ਲੋਕਾਂ ਤੱਕ ਪਹੁੰਚ ਸਕਦੇ ਹਨ।

ਐਮਰਜੈਂਸੀ ਹਾਲਾਤਾਂ ਵਿੱਚ ਸੋਸ਼ਲ ਮੀਡੀਆ ਮਹੱਤਵਪੂਰਨ ਜਾਣਕਾਰੀ ਫੈਲਾਉਣ, ਸਹਾਇਤਾ ਪਹੁੰਚਾਉਣ ਅਤੇ ਲੋੜਵੰਦ ਲੋਕਾਂ ਨੂੰ ਸਵੈ-ਸੇਵਕਾਂ ਨਾਲ ਜੋੜਨ ਵਿੱਚ ਵੀ ਲਾਭਦਾਇਕ ਹੋ ਸਕਦਾ ਹੈ।

ਤਕਨਾਲੋਜੀ ਆਪਣੇ ਆਪ ਵਿੱਚ ਨਾ ਚੰਗੀ ਹੈ ਅਤੇ ਨਾ ਮਾੜੀ। ਇਸਦਾ ਪ੍ਰਭਾਵ ਮੁੱਖ ਤੌਰ 'ਤੇ ਇਸ ਗੱਲ 'ਤੇ ਨਿਰਭਰ ਕਰਦਾ ਹੈ ਕਿ ਮਨੁੱਖ ਇਸਦਾ ਇਸਤੇਮਾਲ ਕਿਸ ਤਰੀਕੇ ਨਾਲ ਕਰਦੇ ਹਨ।

ਡਿਜ਼ਿਟਲ ਦੁਨੀਆ ਤੋਂ ਕੁਝ ਸਮਾਂ ਦੂਰ ਰਹਿਣਾ

ਡਿਜ਼ਿਟਲ ਯੁੱਗ ਵਿੱਚ ਸਭ ਤੋਂ ਸਿਹਤਮੰਦ ਆਦਤਾਂ ਵਿੱਚੋਂ ਇੱਕ ਇਹ ਹੈ ਕਿ ਅਸੀਂ ਇਹ ਸਿੱਖੀਏ ਕਿ ਕਦੋਂ ਡਿਜ਼ਿਟਲ ਦੁਨੀਆ ਤੋਂ ਦੂਰੀ ਬਣਾਉਣੀ ਹੈ।

ਸਾਨੂੰ ਹਰ ਸੁਨੇਹੇ ਦਾ ਤੁਰੰਤ ਜਵਾਬ ਦੇਣ ਦੀ ਲੋੜ ਨਹੀਂ। ਹਰ ਨੋਟੀਫਿਕੇਸ਼ਨ ਦੇਖਣਾ ਜ਼ਰੂਰੀ ਨਹੀਂ। ਸਾਨੂੰ ਹਰ ਪਲ ਇਹ ਜਾਣਨ ਦੀ ਲੋੜ ਨਹੀਂ ਕਿ ਦੂਜੇ ਲੋਕ ਕੀ ਕਰ ਰਹੇ ਹਨ।

ਕਈ ਵਾਰ ਡਿਜ਼ਿਟਲ ਚੁੱਪ ਵੀ ਸਿਹਤਮੰਦ ਹੁੰਦੀ ਹੈ।

ਬਿਨਾਂ ਫੋਨ ਦੇ ਸੈਰ ਕਰਨਾ, ਬਿਨਾਂ ਸਕ੍ਰੀਨ ਦੇ ਖਾਣਾ ਖਾਣਾ, ਪਰਿਵਾਰ ਨਾਲ ਗੱਲਬਾਤ ਕਰਨਾ ਜਾਂ ਕੁਝ ਸਮਾਂ ਕਿਤਾਬ ਪੜ੍ਹਨਾ ਭਾਵਨਾਤਮਕ ਸੰਤੁਲਨ ਵਾਪਸ ਲਿਆ ਸਕਦਾ ਹੈ।

ਨਿਸ਼ਕਰਸ਼

ਸੋਸ਼ਲ ਮੀਡੀਆ ਨੇ ਮਨੁੱਖੀ ਸੰਚਾਰ ਦੀ ਬਣਤਰ ਨੂੰ ਬਦਲ ਦਿੱਤਾ ਹੈ। ਵ ?ਹਾਟਸਐਪ, ਫੇਸਬੁੱਕ ਅਤੇ ਹੋਰ ਪਲੇਟਫਾਰਮਾਂ ਨੇ ਪਰਿਵਾਰਾਂ ਨੂੰ ਜੋੜਿਆ ਹੈ, ਪੁਰਾਣੀਆਂ ਦੋਸਤੀਆਂ ਨੂੰ ਮੁੜ ਜ਼ਿੰਦਾ ਕੀਤਾ ਹੈ ਅਤੇ ਨਵੇਂ ਭਾਈਚਾਰੇ ਬਣਾਏ ਹਨ। ਉਨ੍ਹਾਂ ਨੇ ਸੰਚਾਰ ਨੂੰ ਪਹਿਲਾਂ ਨਾਲੋਂ ਕਿਤੇ ਵਧੇਰੇ ਤੇਜ਼ ਅਤੇ ਆਸਾਨ ਬਣਾਇਆ ਹੈ।

ਪਰ ਜੁੜਾਅ ਅਤੇ ਨੇੜਤਾ ਇੱਕੋ ਚੀਜ਼ ਨਹੀਂ ਹਨ।

ਕਿਸੇ ਵਿਅਕਤੀ ਨੂੰ ਸੈਂਕੜੇ ਸੁਨੇਹੇ ਮਿਲ ਸਕਦੇ ਹਨ, ਫਿਰ ਵੀ ਉਹ ਇਕੱਲਾ ਮਹਿਸੂਸ ਕਰ ਸਕਦਾ ਹੈ। ਕਿਸੇ ਦੇ ਹਜ਼ਾਰਾਂ ਫਾਲੋਅਰਜ਼ ਹੋ ਸਕਦੇ ਹਨ, ਫਿਰ ਵੀ ਉਸਨੂੰ ਇੱਕ ਸੱਚੀ ਗੱਲਬਾਤ ਦੀ ਲੋੜ ਹੋ ਸਕਦੀ ਹੈ। ਕੋਈ ਵਿਅਕਤੀ ਇੰਟਰਨੈੱਟ ਨਾਲ ਲਗਾਤਾਰ ਜੁੜਿਆ ਰਹਿ ਸਕਦਾ ਹੈ, ਪਰ ਉਸਦੇ ਕੋਲ ਬੈਠੇ ਲੋਕਾਂ ਤੋਂ ਭਾਵਨਾਤਮਕ ਤੌਰ 'ਤੇ ਦੂਰ ਹੁੰਦਾ ਜਾ ਸਕਦਾ ਹੈ।

ਡਿਜ਼ਿਟਲ ਯੁੱਗ ਦੀ ਚੁਣੌਤੀ ਸੋਸ਼ਲ ਮੀਡੀਆ ਨੂੰ ਪੂਰੀ ਤਰ੍ਹਾਂ ਛੱਡਣਾ ਨਹੀਂ, ਸਗੋਂ ਇਸਦਾ ਵਿਵੇਕਪੂਰਨ ਇਸਤੇਮਾਲ ਕਰਨਾ ਹੈ।

ਸਾਨੂੰ ਸੰਪਰਕ ਅਤੇ ਸਾਥ, ਧਿਆਨ ਅਤੇ ਸਨੇਹ, ਲੋਕਪ੍ਰਿਯਤਾ ਅਤੇ ਸਨਮਾਨ ਅਤੇ ਆਨਲਾਈਨ ਗੱਲਬਾਤ ਅਤੇ ਅਸਲ ਮਨੁੱਖੀ ਰਿਸ਼ਤਿਆਂ ਵਿਚਕਾਰ ਅੰਤਰ ਸਮਝਣਾ ਹੋਵੇਗਾ।

ਸੋਸ਼ਲ ਮੀਡੀਆ ਅਜਿਹਾ ਮਾਧਿਅਮ ਬਣੇ ਜੋ ਮਨੁੱਖਤਾ ਨੂੰ ਨੇੜੇ ਲਿਆਵੇ—ਅਜਿਹੀ ਸਕ੍ਰੀਨ ਨਹੀਂ ਜੋ ਮਨੁੱਖਾਂ ਵਿਚਕਾਰ ਕੰਧ ਬਣ ਜਾਵੇ।

ਅੰਤ ਵਿੱਚ ਸਭ ਤੋਂ ਮਹੱਤਵਪੂਰਨ ਸੁਨੇਹਾ ਉਹ ਨਹੀਂ ਹੈ ਜਿਸਨੂੰ ਸਭ ਤੋਂ ਵੱਧ ਲਾਈਕ ਮਿਲਦੇ ਹਨ। ਸਭ ਤੋਂ ਮਹੱਤਵਪੂਰਨ ਸੁਨੇਹਾ ਉਹ ਹੈ ਜੋ ਕਿਸੇ ਦੂਜੇ ਇਨਸਾਨ ਦੇ ਦਿਲ ਤੱਕ ਪਹੁੰਚਦਾ ਹੈ।

ਡਾ ਵਿਜੈ ਗਰਗ ਰਿਟਾਇਰਡ ਪ੍ਰਿੰਸੀਪਲ ਅਜੂਕੇਸ਼ਨਲ ਕਾਲਮਨਵੀਸ਼ ਮਲੋਟ ਪੰਜਾਬ



ਇੱਕ ਨਜ਼ਰ...

ਸ਼ਿਵ ਧਨੁਸ਼ ਟੁੱਟਦਿਆਂ ਹੀ ਗੂੰਜੇ ਜੈ ਸ਼੍ਰੀ ਰਾਮ ਦੇ ਜੈਕਾਰੇ, ਰਾਮਲੀਲਾ ਵਿੱਚ ਹੋਇਆ ਸੀਤਾ ਸਵਯੰਵਰ

ਮਾਲੇਰਕੋਟਲਾ, 13 ਅਕਤੂਬਰ (ਮੁਨਸ਼ੀ ਫ਼ਾਰੂਕ) : ਮਾਲੇਰਕੋਟਲਾ 13 ਅਕਤੂਬਰ, (ਮੁਨਸ਼ੀ ਫ਼ਾਰੂਕ)ਦੀ ਅਗਵਾਈ ਹੇਠ ਰਾਮਲੀਲਾ ਦੇ ਮੰਚਨ ਦੇ ਤੀਜੇ ਦਿਨ ਦੀ ਲੀਲਾ ਗਣੇਸ਼ ਵੰਦਨਾ ਕਰਕੇ ਸ਼ੁਰੂ ਕੀਤੀ ਗਈ। ਇਸ ਦਿਨ ਮਾਤਾ ਸੀਤਾ ਦਾ ਸਵਯੰਵਰ ਯਾਨੀ ਕਿ ਧਨੁਸ਼ ਲੀਲਾ ਦਿਖਾਈ ਗਈ। ਸਭ ਰਾਜਿਆਂ ਨੇ ਰਾਜਾ ਜਨਕ ਦੇ ਦਰਬਾਰ ਪ੍ਰਸਥਾਨ ਕੀਤਾ ਅਤੇ ਆਪਣੀ

ਸ੍ਰੀ ਦਰਬਾਰ ਸਾਹਿਬ ਦੇ ਪ੍ਰਬੰਧਕਾਂ ਵੱਲੋਂ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਵਿਰੁੱਧ ਪੁਲਿਸ ਕਮਿਸ਼ਨਰ ਨੂੰ ਸ਼ਿਕਾਇਤ

ਅੰਮ੍ਰਿਤਸਰ, 13 ਅਕਤੂਬਰ (ਮੋਹਕਮ ਸਿੰਘ) ਆਮ ਆਦਮੀ ਪਾਰਟੀ ਦੇ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਵਿਖੇ ਜਾਤੀ ਆਧਾਰਿਤ ਵਿਤਕਰੇ ਦੇ ਦੋਸ਼ ਲਗਾਉਣ ਅਤੇ ਸਿੱਖ ਸੰਸਥਾ ਖਿਲਾਫ ਵਰਤੀ ਗਈ ਇਤਰਾਜ਼ਯੋਗ ਸ਼ਬਦਾਵਲੀ ਨੂੰ ਲੈ ਕੇ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਵੱਲੋਂ ਅੰਮ੍ਰਿਤਸਰ ਦੇ ਪੁਲਿਸ ਕਮਿਸ਼ਨਰ ਨੂੰ ਸ਼ਿਕਾਇਤ ਦੇ ਕੇ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਦੀ ਮੰਗ ਕੀਤੀ ਗਈ ਹੈ। ਇਹ ਸ਼ਿਕਾਇਤ ਅੱਜ ਸ੍ਰੀ ਦਰਬਾਰ ਸਾਹਿਬ ਦੇ ਜਰਨਲ ਮੈਨੇਜਰ ਸ. ਮੇਜਰ ਸਿੰਘ ਦੀ ਅਗਵਾਈ ਹੇਠ ਸ੍ਰੀ ਦਰਬਾਰ ਸਾਹਿਬ ਦੇ ਅਧਿਕਾਰੀਆਂ ਵੱਲੋਂ ਦਰਜ਼ ਕਰਵਾਈ ਗਈ। ਸ਼ਿਕਾਇਤ ਵਿੱਚ ਕਿਹਾ ਗਿਆ ਹੈ ਕਿ ਵਿਧਾਇਕ ਵੱਲੋਂ ਲਗਾਏ ਗਏ ਦੋਸ਼ ਤੱਥਾਂ ਦੇ ਉਲਟ ਹਨ ਅਤੇ ਇਨ੍ਹਾਂ ਰਾਹੀਂ ਸਿੱਖ ਸੰਸਥਾਵਾਂ ਦੇ ਅਕਸ ਨੂੰ ਢਾਹ ਲਾਉਣ ਦੇ ਨਾਲ-ਨਾਲ ਸੰਗਤ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਈ ਗਈ ਹੈ। ਸ਼ਿਕਾਇਤ ਅਨੁਸਾਰ, ਵਿਧਾਇਕ ਨੂੰ ਸਕੱਤਰੇਤ ਵਿਖੇ ਦਾਖ਼ਲ ਹੋਣ ਤੋਂ ਰੋਕਣ ਦਾ ਕਾਰਨ ਜਾਤੀ ਨਹੀਂ, ਸਗੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਅਤੇ ਸਿੱਖ ਸੰਸਥਾ ਪ੍ਰਤੀ ਉਨ੍ਹਾਂ ਵੱਲੋਂ ਪਹਿਲਾਂ ਕੀਤੀਆਂ ਗਈਆਂ ਕਥਿਤ ਇਤਰਾਜ਼ਯੋਗ ਅਤੇ ਅਪਮਾਨਜਨਕ ਟਿੱਪਣੀਆਂ ਸਨ। ਪ੍ਰਬੰਧਕਾਂ ਨੇ ਸਪੱਸ਼ਟ ਕੀਤਾ ਹੈ ਕਿ ਸਿੱਖ ਧਰਮ ਜਾਤ-ਪਾਤ, ਉੱਚ-ਨੀਚ ਅਤੇ ਵਿਤਕਰੇ ਨੂੰ ਰੱਦ ਕਰਦਾ ਹੈ। ਸ੍ਰੀ ਦਰਬਾਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਿਧਾਂਤ ਸਰਬਸਾਂਝੀਵਾਲਤਾ, ਬਰਾਬਰਤਾ ਅਤੇ ਮਨੁੱਖੀ ਸ਼ਤਿਕਾਰ 'ਤੇ ਆਧਾਰਿਤ ਹਨ। ਅਜਿਹੇ ਪਵਿੱਤਰ ਅਸਥਾਨਾਂ 'ਤੇ ਜਾਤੀ ਵਿਤਕਰੇ ਦੇ ਦੋਸ਼ ਲਗਾਉਣਾ ਸਿੱਖ ਸਿਧਾਂਤਾਂ ਦੀ ਅਸਲ ਭਾਵਨਾ ਨੂੰ ਗ਼ਲਤ ਰੂਪ ਵਿੱਚ ਪੇਸ਼ ਕਰਨ ਦੇ ਬਰਾਬਰ ਹੈ। ਸ਼ਿਕਾਇਤ ਵਿੱਚ ਇਹ ਵੀ ਕਿਹਾ ਗਿਆ ਕਿ ਵਿਧਾਇਕ ਮਨਵਿੰਦਰ ਸਿੰਘ ਵੱਲੋਂ ਮੀਡੀਆ ਅਤੇ ਸੋਸ਼ਲ ਮੀਡੀਆ 'ਤੇ ਦਿੱਤੇ ਬਿਆਨਾਂ ਅਤੇ ਪ੍ਰਸਾਰਿਤ ਵੀਡੀਓਜ਼ ਨਾਲ ਸਿੱਖ ਸੰਸਥਾਵਾਂ, ਉਨ੍ਹਾਂ ਦੇ ਪ੍ਰਬੰਧਕਾਂ ਅਤੇ ਅਹੁਦੇਦਾਰਾਂ ਦੀ ਸਾਖ ਨੂੰ ਨੁਕਸਾਨ ਪਹੁੰਚਣ ਦੇ ਨਾਲ ਸਮਾਜ ਵਿੱਚ ਬੇਲੋੜਾ ਤਣਾਅ ਪੈਦਾ ਹੋਣ ਦਾ ਖ਼ਦਸ਼ਾ ਹੈ। ਸ਼ਿਕਾਇਤ ਵਿਚ ਇਸ ਤੋਂ ਪਹਿਲਾਂ ਜਾਰੀ ਕੀਤੀਆਂ ਗਈਆਂ ਹੋਰ ਵੀਡੀਓਜ਼ ਦਾ ਹਵਾਲਾ ਦਿੰਦਿਆਂ ਉਨ੍ਹਾਂ ਦੀ ਵੀ ਜਾਂਚ ਕਰਨ ਦੀ ਮੰਗ ਕੀਤੀ ਗਈ ਹੈ। ਪ੍ਰਬੰਧਕਾਂ ਨੇ ਪੁਲਿਸ ਕਮਿਸ਼ਨਰ ਨੂੰ ਅਪੀਲ ਕੀਤੀ ਕਿ ਸ਼ਿਕਾਇਤ ਵਿੱਚ ਦਰਜ ਤੱਥਾਂ ਤੇ ਸੰਬੰਧਿਤ ਵੀਡੀਓਜ਼ ਦੀ ਨਿਰਪੱਖ ਜਾਂਚ ਕਰਕੇ ਕਾਨੂੰਨ ਤਹਿਤ ਬਣਦੀ ਕਾਰਵਾਈ ਕੀਤੀ ਜਾਵੇ। ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਮੇਜਰ ਸਿੰਘ ਨੇ ਕਿਹਾ ਕਿ ਸਿੱਖ ਸੰਸਥਾਵਾਂ ਬਾਰੇ ਬਿਆਨ ਦੇਣ ਸਮੇਂ ਤੱਥਾਂ ਅਤੇ ਧਾਰਮਿਕ ਭਾਵਨਾਵਾਂ ਦੀ ਸੰਵੇਦਨਸ਼ੀਲਤਾ ਦਾ ਧਿਆਨ ਰੱਖਣਾ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਬੇਬੁਨਿਆਦ ਦੋਸ਼ਾਂ ਜਾਂ ਸਮਾਜਿਕ ਵੰਡ ਪਾਉਣ ਵਾਲੀ ਬਿਆਨਬਾਜ਼ੀ ਤੋਂ ਹਰ ਆਗੂ ਨੂੰ ਸੁਚੇਤ ਰਹਿਣਾ ਚਾਹੀਦਾ ਹੈ। ਸ਼ਿਕਾਇਤ ਦਰਜ਼ ਕਰਵਾਉਣ ਮੌਕੇ ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਮੇਜਰ ਸਿੰਘ ਦੇ ਨਾਲ ਸ਼੍ਰੋਮਣੀ ਕਮੇਟੀ ਦੇ ਕਾਨੂੰਨੀ ਸਲਾਹਕਾਰ ਸ. ਅਮਨਬੀਰ ਸਿੰਘ ਸਿਆਲੀ, ਮੈਨੇਜਰ ਸ. ਨਰਿੰਦਰ ਸਿੰਘ ਅਤੇ ਵਧੀਕ ਮੈਨੇਜਰ ਸ. ਗੁਰਵਿੰਦਰ ਸਿੰਘ ਭੋਮਾਂ, ਇੰਚਾਰਜ ਆਈਟੀ ਸਓ ਓਮਕਾਰ ਸਿੰਘ ਵੀ ਮੌਜੂਦ ਸਨ।

ਨਸ਼ਿਆਂ ਵਿਰੁੱਧ ਆਵਾਜ਼ ਬੁਲੰਦ ਕਰਨ ਵਾਲੇ ਸਿੱਖ ਨੌਜਵਾਨ ਪਰਵਿੰਦਰ ਸਿੰਘ ਦਾ ਕਤਲ ਮੰਦਭਾਗਾ: ਐਡਵੋਕੇਟ ਧਾਮੀ

ਅੰਮ੍ਰਿਤਸਰ, 13 ਅਕਤੂਬਰ (ਮੋਹਕਮ ਸਿੰਘ) ਨਸ਼ਿਆਂ ਵਿਰੁੱਧ ਆਵਾਜ਼ ਬੁਲੰਦ ਕਰਨ ਵਾਲੇ ਸਿੱਖ ਨੌਜਵਾਨ ਸ. ਪਰਵਿੰਦਰ ਸਿੰਘ ਦੇ ਕਤਲ ਦੀ ਮੰਦਭਾਗੀ ਘਟਨਾ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਯਤਨਸ਼ੀਲ ਨੌਜਵਾਨ ਦਾ ਇਸ ਤਰ੍ਹਾਂ ਕਤਲ ਹੋਣਾ ਬੇਹੱਦ ਦੁਖਦਾਈ ਅਤੇ ਚਿੰਤਾਜਨਕ ਹੈ। ਇਹ ਘਟਨਾ ਸਮਾਜ ਅੰਦਰ ਨਸ਼ਿਆਂ ਦੇ ਵਧ ਰਹੇ ਮਾੜੇ ਪ੍ਰਭਾਵਾਂ ਅਤੇ ਇਸ ਵਿਰੁੱਧ ਆਵਾਜ਼ ਉਠਾਉਣ ਵਾਲਿਆਂ ਦੀ ਸੁਰੱਖਿਆ ਨੂੰ ਲੈ ਕੇ ਗੰਭੀਰ ਚਿੰਤਾ ਪੈਦਾ ਕਰਦੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਨਸ਼ਿਆਂ ਨੇ ਪੰਜਾਬ ਦੀ ਜਵਾਨੀ ਨੂੰ ਵੱਡਾ ਨੁਕਸਾਨ ਪਹੁੰਚਾਇਆ ਹੈ। ਪੰਜਾਬ ਗੁਰੂਵਾਂ ਦੀ ਧਰਤੀ ਹੈ, ਜਿਥੇ ਗੁਰੂ ਸਾਹਿਬਾਨ ਨੇ ਨਸਿਆਂ ਤੋਂ ਦੂਰ ਰਹਿਣ ਦੀ ਪ੍ਰੇਰਨਾ ਕੀਤੀ। ਵੱਡੀ ਚਿੰਤਾ ਵਾਲੀ ਗੱਲ ਹੈ ਕਿ ਪੰਜਾਬ ਦੀ ਧਰਤੀ ਤੇ ਨਸ਼ਿਆਂ ਵਿਰੁੱਧ ਅਵਾਜ਼ ਉਠਾਉਣ ਵਾਲਿਆਂ ਨੂੰ ਸ਼ਰੇਆਮ ਮਾਰਨ ਦੀਆਂ ਘਟਨਾਵਾਂ ਵਾਪਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਸਰਕਾਰ ਸ. ਪਰਵਿੰਦਰ ਸਿੰਘ ਦੇ ਕਤਲ ਦੇ ਮਾਮਲੇ ਵਿੱਚ ਜਵਾਬਦੇਹੀ ਤੈਅ ਕਰੇ, ਪੀੜਤ ਪਰਿਵਾਰ ਨੂੰ ਇਨਸਾਫ਼ ਦਿਵਾਏ ਅਤੇ ਨਸ਼ਿਆਂ ਵਿਰੁੱਧ ਸੰਘਰਸ਼ ਕਰਨ ਵਾਲੇ ਲੋਕਾਂ ਦਾ ਭਰੋਸਾ ਬਹਾਲ ਕਰਨ ਲਈ ਠੋਸ ਕਦਮ ਚੁੱਕੇ। ਐਡਵੋਕੇਟ ਧਾਮੀ ਨੇ ਪੰਜਾਬ ਦੇ ਰਾਜਪਾਲ ਨੂੰ ਵੀ ਅਪੀਲ ਕੀਤੀ ਕਿ ਉਹ ਦਿਨੋਂ ਦਿਨ ਪੰਜਾਬ ਦੀ ਵਿਗੜ ਰਹੀ ਕਨੂੰਨ ਵਿਵਸਥਾ ਬਾਰੇ ਸਰਕਾਰ ਦੀ ਜਵਾਬਦੇਹੀ ਤੈਅ ਕਰਨ। ਪੰਜਾਬ ਦੀ ਜਵਾਨੀ ਨੂੰ ਬਚਾਉਣਾ ਸਮੁੱਚੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ ਅਤੇ ਹਰ ਵਿਅਕਤੀ ਇਸ ਲਈ ਯਤਨਸ਼ੀਲ ਹੋਵੇ। ਐਡਵੋਕੇਟ ਧਾਮੀ ਨੇ ਇਸ ਦੁੱਖ ਦੀ ਘੜੀ ਸ. ਪਰਵਿੰਦਰ ਸਿੰਘ ਦੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਕਰਤਾ ਪੁਰਖੁ ਅਗੇ ਅਰਦਾਸ ਕੀਤੀ ਕਿ ਵਿਛੜੀ ਰੂਹ ਨੂੰ ਚਰਨਾਂ ਵਿਚ ਨਿਵਾਸ ਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ।

ਫਗਵਾੜਾ-ਚੰਡੀਗੜ੍ਹ ਹਾਈਵੇਅ ਦਾ ਨਾਂ ਸ਼ਹੀਦ ਭਗਤ ਸਿੰਘ ਮਾਰਗ ਰੱਖਿਆ ਜਾਵੇ: ਕੌਮੀ

ਜਲੰਧਰ, 13 ਅਕਤੂਬਰ: ਫਗਵਾੜਾ ਤੋਂ ਚੰਡੀਗੜ੍ਹ ਨੂੰ ਜਾਂਦੇ ਕੌਮੀ ਰਾਜ ਮਾਰਗ (ਐਨਐਚ-44) ਦਾ ਨਾਂ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਦੇ ਨਾਂ ਤੇ ਸ਼ਹੀਦ ਭਗਤ ਸਿੰਘ ਮਾਰਗ ਰੱਖਣ ਦੀ ਜ਼ੋਰਦਾਰ ਮੰਗ ਉੱਠੀ ਹੈ। ਇਹ ਮੰਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਦੇ ਉੱਘੇ ਐਡਵੋਕੇਟ ਏ.ਐਸ. ਕੌਮੀ ਵੱਲੋਂ ਕੀਤੀ ਗਈ ਹੈ। ਐਡਵੋਕੇਟ ਕੌਮੀ ਨੇ ਇਸ ਸਬੰਧੀ ਭਾਰਤ ਦੇ ਪ੍ਰਧਾਨ ਮੰਤਰੀ, ਕੇਂਦਰੀ ਸੜਕ ਆਵਾਜਾਈ ਅਤੇ ਰਾਜ ਮਾਰਗ ਮੰਤਰੀ ਅਤੇ ਪੰਜਾਬ ਦੇ ਮੁੱਖ ਮੰਤਰੀ ਨੂੰ ਪੱਤਰ ਲਿਖੇ ਹਨ। ਐਡਵੋਕੇਟ ਕੌਮੀ ਨੇ ਕਿਹਾ ਕਿ ਫਗਵਾੜਾ-ਚੰਡੀਗੜ੍ਹ ਹਾਈਵੇਅ ਪੰਜਾਬ ਦਾ ਸਭ ਤੋਂ ਅਹਿਮ ਹਾਈਵੇਅ ਹੈ ਅਤੇ ਇਸੇ ਹਾਈਵੇਅ ਤੇ ਸ਼ਹੀਦ ਭਗਤ ਸਿੰਘ ਦਾ ਜੱਦੀ ਪਿੰਡ ਖਟਕੜ ਕਲਾਂ ਸਥਿਤ ਹੈ, ਜਿੱਥੇ ਪੰਜਾਬ ਸਰਕਾਰ ਵੱਲੋਂ ਸ਼ਹੀਦ ਭਗਤ ਸਿੰਘ ਦੀ ਯਾਦਗਾਰ ਬਣਾਈ ਗਈ ਹੈ। ਪੰਜਾਬ ਵਿੱਚ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਆਪਣਾ ਸਹੁੰ ਚੁੱਕ ਸਮਾਗਮ ਵੀ ਇੱਥੇ ਹੀ ਕੀਤਾ ਸੀ, ਜੋ ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ ਹੋਇਆ ਸੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸ਼ਹੀਦ ਭਗਤ ਸਿੰਘ ਨੂੰ ਆਪਣਾ ਆਦਰਸ਼ ਮੰਨਦੀ ਹੈ, ਇਸ ਲਈ ਸੂਬਾ ਸਰਕਾਰ ਨੂੰ ਇਸ ਹਾਈਵੇਅ ਦਾ ਨਾਂ ਸ਼ਹੀਦ ਭਗਤ ਸਿੰਘ ਮਾਰਗ ਰੱਖਣ ਦੀ ਪ੍ਰਕਿਰਿਆ ਨੂੰ ਪਹਿਲ ਦੇ ਆਧਾਰ ਤੇ ਕਰਨਾ ਚਾਹੀਦਾ ਹੈ।

ਬਸਤੀ ਬਾਵਾ ਖੇਲ 'ਚ ਮੈਡੀਕਲ ਸਟੋਰਾਂ 'ਤੇ ਡਰੱਗ ਵਿਭਾਗ ਤੇ ਪੁਲਿਸ ਦੀ ਛਾਪੇਮਾਰੀ, 100 ਤੋਂ ਵੱਧ ਨਸ਼ੀਲੀਆਂ ਗੋਲੀਆਂ ਬਰਾਮਦ, ਦੂਜੀ ਦੁਕਾਨ ਤੋਂ ਇੱਕ ਲੱਖ ਸਪਾਸ ਗੋਲੀਆਂ ਜ਼ਬਤ

ਜਲੰਧਰ (ਜੇ ਐਸ ਸੰਧੂ ਤੇ ਕੰਵਲਜੀਤ ਸਿੰਘ ਮੱਕੜ) ਬਸਤੀ ਬਾਵਾ ਖੇਲ ਅੱਡੇ ਨੇੜੇ ਸਥਿਤ ਮੈਡੀਕਲ ਸਟੋਰਾਂ 'ਤੇ ਅੱਜ ਸਵੇਰੇ ਡਰੱਗ ਇੰਸਪੈਕਟਰ ਅਤੇ ਪੁਲਿਸ ਟੀਮ ਵੱਲੋਂ ਸਾਂਝੇ ਤੌਰ 'ਤੇ ਛਾਪੇਮਾਰੀ ਕੀਤੀ ਗਈ। ਇਸ ਕਾਰਵਾਈ ਦੌਰਾਨ ਪੁਲਿਸ ਨੇ ਕਥਿਤ ਤੌਰ 'ਤੇ ਨਸ਼ੀਲੀਆਂ ਦਵਾਈਆਂ ਦੀ ਵਿਕਰੀ ਦੇ ਮਾਮਲੇ ਵਿੱਚ ਬਾਪ-ਬੇਟੇ ਨੂੰ ਕਾਬੂ ਕੀਤਾ ਹੈ। ਕਾਰਵਾਈ ਦੌਰਾਨ 100 ਤੋਂ ਵੱਧ ਗੋਲੀਆਂ ਬਰਾਮਦ ਹੋਣ ਦੀ ਜਾਣਕਾਰੀ ਮਿਲੀ ਹੈ। ਜਾਣਕਾਰੀ ਅਨੁਸਾਰ ਬਸਤੀ ਬਾਵਾ ਖੇਲ ਅੱਡੇ ਨੇੜੇ ਆਨੰਦ ਮੈਡੀਕਲ ਸਟੋਰ, ਪ੍ਰਭਜੋਤ ਮੈਡੀਕਲ ਸਟੋਰ ਅਤੇ ਗੁਰੂ ਰਾਮਦਾਸ ਫਾਰਮਾ ਨਾਲ ਸਬੰਧਤ ਦੁਕਾਨਾਂ 'ਤੇ ਡਰੱਗ ਇੰਸਪੈਕਟਰ ਅਮਿਤ ਬਾਂਸਲ ਦੀ ਅਗਵਾਈ ਹੇਠ ਪੁਲਿਸ ਟੀਮ ਨੇ ਜਾਂਚ ਕੀਤੀ। ਇਸ ਦੌਰਾਨ ਏਸੀਪੀ ਆਤਿਸ਼ ਭਾਟੀਆ, ਐੱਸਐੱਚਓ ਸੰਜੀਵ ਸੂਰੀ ਅਤੇ ਡਰੱਗ ਇੰਸਪੈਕਟਰ ਸਮੇਤ ਟੀਮ ਮੌਕੇ 'ਤੇ ਮੌਜੂਦ ਰਹੀ। ਪੁਲਿਸ ਅਨੁਸਾਰ ਪਹਿਲਾਂ ਮਿਲੀ ਸੂਚਨਾ ਦੇ ਆਧਾਰ 'ਤੇ ਇੱਕ ਵਿਅਕਤੀ ਨੂੰ ਗਾਹਕ ਬਣਾਕੇ ਦੁਕਾਨ ਤੋਂ ਦਵਾਈ ਲੈਣ ਲਈ ਭੇਜਿਆ ਗਿਆ ਸੀ। ਦੱਸਿਆ ਗਿਆ ਕਿ ਉਸ ਵੱਲੋਂ ਲਗਭਗ ਇੱਕ ਹਜ਼ਾਰ ਰੁਪਏ ਦੀਆਂ ਨਸ਼ੀਲੀਆਂ ਦਵਾਈਆਂ ਲੈ ਕੇ ਆਉਣ ਤੋਂ ਬਾਅਦ ਪੁਲਿਸ ਟੀਮ ਨੇ ਦੁਕਾਨ 'ਤੇ ਛਾਪਾ ਮਾਰਿਆ। ਜਾਂਚ ਦੌਰਾਨ ਕਥਿਤ ਤੌਰ 'ਤੇ ਨਸ਼ੀਲੀਆਂ ਗੋਲੀਆਂ ਨੂੰ ਪੱਤਿਆਂ ਵਿੱਚੋਂ ਕੱਢ ਕੇ ਕਿਸੇ ਹੋਰ ਡੱਬੇ ਵਿੱਚ ਖੁੱਲ੍ਹੇ ਰੂਪ ਵਿੱਚ ਰੱਖ ਕੇ ਵੇਚਣ ਦੀ ਗੱਲ ਸਾਹਮਣੇ ਆਈ। ਇਸ ਕਾਰਵਾਈ ਦੌਰਾਨ 100 ਤੋਂ ਵੱਧ ਗੋਲੀਆਂ ਬਰਾਮਦ ਕੀਤੀਆਂ ਗਈਆਂ। ਦੂਜੀ ਦੁਕਾਨ ਤੋਂ ਇੱਕ ਲੱਖ ਸਪਾਸ ਗੋਲੀਆਂ ਜ਼ਬਤ ਇਸ ਤੋਂ ਬਾਅਦ ਪੁਲਿਸ ਅਤੇ ਡਰੱਗ ਵਿਭਾਗ ਦੀ ਟੀਮ ਵੱਲੋਂ ਆਨੰਦ ਨਾਲ ਸਬੰਧਤ ਇੱਕ ਹੋਰ ਦੁਕਾਨ 'ਤੇ ਵੀ ਛਾਪੇਮਾਰੀ ਕੀਤੀ ਗਈ। ਇੱਥੋਂ ਲਗਭਗ ਇੱਕ ਲੱਖ ਸਪਾਸ ਗੋਲੀਆਂ ਬਰਾਮਦ ਕੀਤੇ ਜਾਣ ਦੀ ਜਾਣਕਾਰੀ ਹੈ। ਅਧਿਕਾਰੀਆਂ ਮੁਤਾਬਕ ਦੁਕਾਨਦਾਰ ਵੱਲੋਂ ਇਨ੍ਹਾਂ ਗੋਲੀਆਂ ਦੀ ਵਿਕਰੀ ਸਬੰਧੀ ਲੋੜੀਂਦਾ ਰਿਕਾਰਡ ਜਾਂ ਦਸਤਾਵੇਜ਼ ਪੇਸ਼ ਨਹੀਂ ਕੀਤਾ ਜਾ ਸਕਿਆ। ਏਸੀਪੀ ਆਤਿਸ਼ ਭਾਟੀਆ ਨੇ ਦੱਸਿਆ ਕਿ ਸਪਾਸ ਗੋਲੀਆਂ ਐੱਨ.ਡੀ.ਪੀ.ਐੱਸ. ਐਕਟ ਦੇ ਅਧੀਨ ਨਹੀਂ ਆਉਂਦੀਆਂ, ਪਰ ਇਨ੍ਹਾਂ ਦਵਾਈਆਂ ਦੀ ਨਸ਼ੇ ਲਈ ਦੁਰਵਰਤੋਂ ਕੀਤੇ ਜਾਣ ਦੀ ਸੰਭਾਵਨਾ ਨੂੰ ਦੇਖਦੇ ਹੋਏ ਮਾਮਲੇ ਨੂੰ ਗੰਭੀਰਤਾ ਨਾਲ ਲਿਆ ਗਿਆ ਹੈ। ਦੁਕਾਨਦਾਰ ਵੱਲੋਂ ਵੱਡੀ ਗਿਣਤੀ ਵਿੱਚ ਮੌਜੂਦ ਗੋਲੀਆਂ ਦੀ ਵਿਕਰੀ ਦਾ ਰਿਕਾਰਡ ਪੇਸ਼ ਨਾ ਕਰਨ ਕਾਰਨ ਡਰੱਗ ਇੰਸਪੈਕਟਰ ਦੀ ਅਗਵਾਈ ਹੇਠ ਦਵਾਈਆਂ ਨੂੰ ਸੀਲ ਕਰ ਦਿੱਤਾ ਗਿਆ। ਦੁਕਾਨਦਾਰ ਦੇ ਬੇਟੇ 'ਤੇ ਪਹਿਲਾਂ ਵੀ ਦਰਜ ਹਨ ਮਾਮਲੇ ਪੁਲਿਸ ਜਾਂਚ ਦੌਰਾਨ ਇਹ ਵੀ ਸਾਹਮਣੇ ਆਇਆ ਕਿ ਆਨੰਦ ਦੇ ਬੇਟੇ ਖ਼ਿਲਾਫ਼ ਪਹਿਲਾਂ ਤੋਂ ਦੋ ਮਾਮਲੇ ਦਰਜ ਹਨ। ਇਨ੍ਹਾਂ ਵਿੱਚ ਇੱਕ ਮਾਮਲਾ ਧਾਰਾ 307 ਨਾਲ ਸਬੰਧਤ ਦੱਸਿਆ ਜਾ ਰਿਹਾ ਹੈ, ਜਦਕਿ ਦੂਜਾ ਮਾਮਲਾ ਆਰਮਜ਼ ਐਕਟ ਤਹਿਤ ਦਰਜ ਹੋਣ ਦੀ ਜਾਣਕਾਰੀ ਹੈ। ਪੁਲਿਸ ਵੱਲੋਂ ਮਾਮਲੇ ਦੀ ਹੋਰ ਜਾਂਚ ਕੀਤੀ ਜਾ ਰਹੀ ਹੈ ਅਤੇ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ। ਅਧਿਕਾਰੀਆਂ ਨੇ ਕਿਹਾ ਕਿ ਨਸ਼ੀਲੀਆਂ ਦਵਾਈਆਂ ਦੀ ਗੈਰ-ਕਾਨੂੰਨੀ ਵਿਕਰੀ ਖ਼ਿਲਾਫ਼ ਕਾਰਵਾਈ ਅੱਗੇ ਵੀ ਜਾਰੀ ਰਹੇਗੀ। ਮੈਡੀਕਲ ਸਟੋਰ ਦਾ ਲਾਇਸੈਂਸ ਰੱਦ ਕਰਨ ਦੀ ਕਾਰਵਾਈ ਏਸੀਪੀ ਆਤਿਸ਼ ਭਾਟੀਆ ਨੇ ਦੱਸਿਆ ਕਿ ਡਰੱਗ ਇੰਸਪੈਕਟਰ ਟੀਮ ਨੂੰ ਮੈਡੀਕਲ ਸਟੋਰ ਦੇ ਲਾਇਸੈਂਸ ਸਬੰਧੀ ਕਾਰਵਾਈ ਕਰਨ ਲਈ ਪੱਤਰ ਲਿਖਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਨਿਯਮਾਂ ਦੀ ਉਲੰਘਣਾ ਪਾਏ ਜਾਣ 'ਤੇ ਦੁਕਾਨ ਦਾ ਲਾਇਸੈਂਸ ਰੱਦ ਕਰਵਾਉਣ ਦੀ ਕਾਰਵਾਈ ਕੀਤੀ ਜਾਵੇਗੀ ਅਤੇ ਦੁਕਾਨ ਨੂੰ ਸੀਲ ਕਰਨ ਦੀ ਪ੍ਰਕਿਰਿਆ ਵੀ ਅਮਲ ਵਿੱਚ ਲਿਆਂਦੀ ਜਾ ਰਹੀ ਹੈ। ਪੁਲਿਸ ਅਤੇ ਡਰੱਗ ਵਿਭਾਗ ਵੱਲੋਂ ਬਰਾਮਦ ਕੀਤੀਆਂ ਦਵਾਈਆਂ ਦੇ ਸਰੋਤ, ਖਰੀਦ-ਵਿਕਰੀ ਦੇ ਰਿਕਾਰਡ ਅਤੇ ਇਨ੍ਹਾਂ ਦੀ ਸਪਲਾਈ ਨਾਲ ਜੁੜੇ ਹੋਰ ਵਿਅਕਤੀਆਂ ਬਾਰੇ ਵੀ ਜਾਂਚ ਕੀਤੀ ਜਾ ਰਹੀ ਹੈ।

ਪਰਮਿੰਦਰ ਸਿੰਘ ਝੋਟਾ ਦੇ ਕਤਲ ਦੀ ਸੁਰਵਿੰਦਰ ਸਿੰਘ ਡਡਿਆਲਾ ਵੱਲੋਂ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ

ਸ੍ਰੀ ਹਰਗੋਬਿੰਦਪੁਰ ਸਾਹਿਬ, 13 ਅਕਤੂਬਰ (ਸੰਜੀਵ ਨਈਅਰ) ਵਾਰਸ ਪੰਜਾਬ ਦੇ ਹਲਕਾ ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਸੇਵਾਦਾਰ ਸੁਰਵਿੰਦਰ ਸਿੰਘ ਡਡਿਆਲਾ ਨੇ ਪਰਮਿੰਦਰ ਸਿੰਘ ਝੋਟਾ ਦੇ ਕਤਲ ਦੀ ਘਟਨਾ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਇਸ ਮਾਮਲੇ ਦੀ ਨਿਰਪੱਖ ਜਾਂਚ ਅਤੇ ਦੋਸ਼ੀਆਂ ਖ਼ਿਲਾਫ਼ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਦੀ ਮੰਗ ਕੀਤੀ ਹੈ। ਸੁਰਵਿੰਦਰ ਸਿੰਘ ਡਡਿਆਲਾ ਨੇ ਕਿਹਾ ਕਿ ਕਿਸੇ ਵੀ ਵਿਅਕਤੀ ਦੀ ਜਾਨ ਲੈਣਾ ਬੇਹੱਦ ਗੰਭੀਰ ਮਾਮਲਾ ਹੈ ਅਤੇ ਅਜਿਹੀਆਂ ਘਟਨਾਵਾਂ ਸਮਾਜ ਵਿੱਚ ਚਿੰਤਾ ਪੈਦ

ਸ. ਪਰਵਿੰਦਰ ਸਿੰਘ ਨੂੰ ਲੱਗੀ ਗੋਲੀ ਹਰ ਪੰਜਾਬੀ ਨੂੰ ਲੱਗੀ, ਜੋ ਪੰਜਾਬ 'ਚ ਨਸ਼ੇ ਦਾ ਵਿਰੋਧ ਕਰਦਾ: ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ

ਸ੍ਰੀ ਅੰਮ੍ਰਿਤਸਰ, 13 ਅਕਤੂਬਰ (ਮੋਹਕਮ ਸਿੰਘ) ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਮਾਨਸਾ ਵਿਖੇ ਸਿੱਖ ਨੌਜਵਾਨ ਪਰਵਿੰਦਰ ਸਿੰਘ ਦੇ ਕਤਲ ਦੀ ਕਰੜੇ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਇਸ ਨੂੰ ਪੰਥ ਅਤੇ ਪੰਜਾਬ ਲਈ ਬਹੁਤ ਵੱਡਾ ਘਾਟਾ ਅਤੇ ਪੰਜਾਬ ਸਰਕਾਰ ਦੀ ਨਸ਼ਿਆਂ ਨੂੰ ਰੋਕਣ ਵਿੱਚ ਨਾਕਾਮਯਾਬੀ ਵਜੋਂ ਕਰਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਜੁਲਾਈ ਮਹੀਨੇ ਤੋਂ ਸ਼ੁਰੂ ਹੋਏ ਮੀਰੀ ਪੀਰੀ ਖ਼ਾਲਸਾ ਮਾਰਚ ਦੌਰਾਨ ਪੰਜਾਬ ਦੇ ਸੈਂਕੜੇ ਪਿੰਡਾਂ ਵਿੱਚ ਨੌਜਵਾਨ, ਪੀੜਤ ਮਾਵਾਂ ਤੇ ਪਰਿਵਾਰ ਉਨ੍ਹਾਂ ਨੂੰ ਮਿਲੇ ਜਿਨ੍ਹਾਂ ਨੇ ਜ਼ਮੀਨੀ ਪੱਧਰ ਉੱਤੇ ਨਸ਼ਿਆਂ ਦੀ ਬਹੁਤ ਵੱਡੀ ਮਾਰ ਦੀ ਸਮੱਸਿਆ ਉਜਾਗਰ ਕੀਤੀ। ਉਨ੍ਹਾਂ ਕਿਹਾ ਕਿ ਖ਼ਾਲਸਾ ਮਾਰਚ ਦੌਰਾਨ ਇਹ ਮਹਿਸੂਸ ਕੀਤਾ ਗਿਆ ਕਿ ਨਸ਼ਿਆਂ ਦੀ ਲੜੀ ਪੰਜਾਬ ਅੰਦਰ ਬਹੁਤ ਜ਼ਿਆਦਾ ਮਜ਼ਬੂਤ ਹੈ, ਨਸ਼ੇ ਹੋਮ ਡਲੀਵਰੀ ਰਾਹੀਂ ਅਸਾਨੀ ਨਾਲ ਮਿਲ ਰਹੇ ਹਨ ਅਤੇ ਇਹ ਲੜੀ ਮੈਡੀਕਲ ਦੁਕਾਨਾਂ ਰਾਹੀਂ ਵੀ ਵੱਡੇ ਪੱਧਰ ਉੱਤੇ ਚੱਲ ਰਹੀ ਹੈ। ਉਨ੍ਹਾਂ ਕਿਹਾ ਕਿ ਨਸ਼ਾ ਤਸਕਰਾਂ ਦੀ ਇਹ ਲੜੀ ਪੰਜਾਬ ਦਾ ਬਹੁਤ ਵੱਡਾ ਨੁਕਸਾਨ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਮਾਨਸਾ ਵਿੱਚ ਵਾਪਰੀ ਘਟਨਾ ਬਹੁਤ ਹੀ ਮੰਦਭਾਗੀ ਹੈ ਕਿ ਅੱਜ ਫਿਰ ਪੰਥ ਅਤੇ ਪੰਜਾਬ ਦਾ ਪੁੱਤਰ ਸ. ਪਰਵਿੰਦਰ ਸਿੰਘ ਨਸ਼ਾ ਤਸਕਰਾਂ ਦਾ ਵਿਰੋਧ ਕਰਦਿਆਂ ਆਪਣੇ ਮਾਪਿਆਂ, ਬੱਚਿਆਂ ਤੇ ਪਰਿਵਾਰ ਨੂੰ ਸਦੀਵੀ ਵਿਛੋੜਾ ਦੇ ਗਿਆ। ਇਸ ਘਟਨਾ ਨੇ ਇੱਕ ਵਾਰ ਫਿਰ ਪੰਜਾਬ ਅੰਦਰ ਨਸ਼ਿਆਂ ਦੀ ਵੱਡੀ ਸਮੱਸਿਆ ਨੂੰ ਉਜਾਗਰ ਕੀਤਾ ਹੈ। ਉਨ੍ਹਾਂ ਕਿਹਾ ਕਿ ਨਸ਼ਾ ਵੇਚਣ ਵਾਲਿਆਂ ਦੇ ਹੌਸਲੇ ਇਤਨੇ ਬੁਲੰਦ ਹਨ ਕਿ ਉਹ ਸ਼ਰੇਆਮ ਵੀ ਕਤਲ ਕਰ ਰਹੇ ਹਨ ਤੇ ਨਸ਼ਾ ਵੀ ਵੇਚ ਰਹੇ ਹਨ ਜਦਕਿ ਸਰਕਾਰਾਂ ਸੁੱਤੀਆਂ ਪਈਆਂ ਹਨ। ਇਹ ਨਸ਼ਾ ਤਸਕਰ ਨਸ਼ੀਲੀ ਗੋਲੀਆਂ ਨਾਲ ਤਾਂ ਪੰਜਾਬ ਦੀ ਜਵਾਨੀ ਨੂੰ ਖਤਮ ਕਰ ਹੀ ਰਹੇ ਹਨ ਪਰ ਹੁਣ ਇਹ ਸਿੱਧਾ ਗੋਲੀਆਂ ਮਾਰ ਕੇ ਵੀ ਜਵਾਨਾਂ ਨੂੰ ਕਤਲ ਕਰਨ ਲੱਗੇ ਹਨ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਉਨ੍ਹਾਂ ਨੂੰ ਪੰਜਾਬ ਦੇ ਮੰਤਰੀ ਹਰਪਾਲ ਸਿੰਘ ਚੀਮਾ ਦਾ ਬਿਆਨ ਸੁਣ ਕੇ ਬਹੁਤ ਦੁੱਖ ਲੱਗਾ ਜੋ ਇਹ ਕਹਿ ਰਹੇ ਹਨ ਕਿ ਸ. ਪਰਵਿੰਦਰ ਸਿੰਘ ਦੀ ਕਾਤਲ ਨਾਲ ਨਿੱਜੀ ਲੜਾਈ ਸੀ, ਜਿਸ ਕਰਕੇ ਉਹ ਮਾਰਿਆ ਗਿਆ। ਉਨ੍ਹਾਂ ਕਿਹਾ ਕਿ ਮੰਤਰੀ ਨੂੰ ਇਹ ਸਪੱਸ਼ਟ ਕਰਨਾ ਚਾਹੀਦਾ ਹੈ ਕਿ ਇਹ ਨਿੱਜੀ ਲੜਾਈ ਕੀ ਸੀ। ਉਨ੍ਹਾਂ ਕਿਹਾ ਕਿ ਨਸ਼ੇ ਨੂੰ ਰੋਕਣਾ ਅਤੇ ਨਸ਼ੇ ਨੂੰ ਵੇਚਣ ਵਾਲੇ ਦਾ ਵਿਰੋਧ ਕਰਨਾ ਨਿੱਜੀ ਲੜਾਈ ਨਹੀਂ। ਉਨ੍ਹਾਂ ਕਿਹਾ ਕਿ ਸਰਕਾਰ ਯੁੱਧ ਨਸ਼ਿਆਂ ਵਿਰੁੱਧ ਦੇ ਦਾਅਵੇ ਕਰਦੀ ਹੈ ਜਦਕਿ ਜ਼ਮੀਨੀ ਸਚਾਈ ਸਾਡੇ ਸਾਹਮਣੇ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਪੁੱਤ ਦੋ ਤਰੀਕਿਆਂ ਨਾਲ ਮਾਰੇ ਜਾ ਰਹੇ ਹਨ - ਇੱਕ ਨਸ਼ਿਆਂ ਦੀ ਓਵਰਡੋਜ਼ ਨਾਲ ਅਤੇ ਦੂਜਾ ਨਸ਼ਿਆਂ ਦਾ ਵਿਰੋਧ ਕਰਨ ਵਾਲੇ ਨੌਜਵਾਨਾਂ ਨੂੰ ਵੀ ਮਾਰਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪਿੱਛੇ ਜਿਹੇ ਤਰਨ ਤਾਰਨ ਜ਼ਿਲ੍ਹੇ ਦੇ ਪਿੰਡ ਗੱਗੂ ਬੂਆ ਅੰਦਰ ਇੱਕ ਸਿੱਖ ਨੌਜਵਾਨ ਜੋ ਨਸ਼ਿਆਂ ਦਾ ਵਿਰੋਧ ਕਰਦਾ ਸੀ, ਉਸਨੂੰ ਵੀ ਇਸੇ ਤਰ੍ਹਾਂ ਦਿਨ ਦਿਹਾੜੇ ਇੱਕ ਨਸ਼ਾ ਤਸਕਰ ਵੱਲੋਂ ਮਾਰਿਆ ਗਿਆ ਸੀ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਅੱਜ ਪੰਜਾਬ ਦੀ ਜਵਾਨੀ ਨੂੰ ਖਤਮ ਕਰਨ ਲਈ ਜੋ ਵਿਉਂਤਬੰਦੀ ਕੀਤੀ ਜਾ ਰਹੀ ਹੈ, ਇਹ ਘਟਨਾ ਉਸੇ ਦਾ ਹਿੱਸਾ ਹੈ। ਉਨ੍ਹਾਂ ਕਿਹਾ ਕਿ ਇਸ ਘਟਨਾ ਵਿੱਚ ਦੋਸ਼ੀਆਂ ਵਿਰੁੱਧ ਤੁਰੰਤ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ ਅਤੇ ਇਸ ਪਿੱਛੇ ਹੋਰ ਜੋ ਵੀ ਲੁਕਵੇਂ ਬੰਦੇ ਸ਼ਾਮਲ ਹਨ ਉਹ ਵੀ ਸਾਹਮਣੇ ਆਉਣੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਲੜੀ ਟੁੱਟਣੀ ਚਾਹੀਦੀ ਹੈ ਪਰੰਤੂ ਸਰਕਾਰਾਂ ਇਸ ਵਿੱਚ ਪੂਰੀ ਤਰ੍ਹਾਂ ਫੇਲ੍ਹ ਹਨ। ਉਨ੍ਹਾਂ ਕਿਹਾ ਕਿ ਨਸ਼ੇ ਦਾ ਵਿਰੋਧ ਕਰਨ ਵਾਲੇ ਨੌਜਵਾਨ ਨੂੰ ਇਸ ਤਰ੍ਹਾਂ ਕਤਲ ਕਰਨਾ ਪੰਜਾਬ ਲਈ ਬਹੁਤ ਵੱਡਾ ਘਾਟਾ ਹੈ ਅਤੇ ਜੋ ਅਵਾਜ਼ਾਂ ਨਸ਼ੇ ਦੀ ਸਮੱਸਿਆ ਨੂੰ ਹੌਸਲੇ ਨਾਲ ਉਠਾ ਰਹੀਆਂ ਹਨ ਉਨ੍ਹਾਂ ਨੂੰ ਰੋਕਣਾ ਬਹੁਤ ਮੰਦਭਾਗਾ ਹੈ। ਉਨ੍ਹਾਂ ਸਮੂਹ ਸਿੱਖ ਜਥੇਬੰਦੀਆਂ ਅਤੇ ਸੰਸਥਾਵਾਂ ਨੂੰ ਸ. ਪਰਵਿੰਦਰ ਸਿੰਘ ਦੇ ਪਰਿਵਾਰ ਨਾਲ ਪੂਰਨ ਸਹਿਯੋਗ ਦੇਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਉਹ ਜਲਦ ਹੀ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਬਾਬਾ ਟੇਕ ਸਿੰਘ ਨਾਲ ਜਾ ਕੇ ਪਰਿਵਾਰ ਨੂੰ ਮਿਲਣਗੇ ਅਤੇ ਭਰੋਸਾ ਦਿੱਤਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਪਰਿਵਾਰ ਦੇ ਨਾਲ ਖੜ੍ਹਾ ਹੈ। ਉਨ੍ਹਾਂ ਕਿਹਾ ਕਿ ਸਮੇਂ ਦੀ ਲੋੜ ਹੈ ਕਿ ਅਸੀਂ ਆਪਣੇ ਪੰਜਾਬ ਨੂੰ ਸੋਹਣਾ ਤੇ ਸਿਹਤਮੰਦ ਬਣਾਈਏ ਅਤੇ ਨਸ਼ਾ ਵੇਚਣ ਵਾਲੇ ਦਾ ਪੁਰਜ਼ੋਰ ਵਿਰੋਧ ਕਰੀਏ। ਉਨ੍ਹਾਂ ਕਿਹਾ ਕਿ ਜਿਹੜੇ ਵੀ ਪਰਿਵਾਰ ਨਸ਼ੇ ਦਾ ਵਿਰੋਧ ਕਰਦੇ ਪੀੜਤ ਹੋਏ ਹਨ ਉਨ੍ਹਾਂ ਦਾ ਵੱਧ ਤੋਂ ਵੱਧ ਸਹਿਯੋਗ ਕੀਤਾ ਜਾਵੇ।

ਖਾਲਸਾ ਕਾਲਜ ਵਿਖੇ 'ਮੁਕਾਬਲੇ ਦੀਆਂ ਪ੍ਰੀਖਿਆਵਾਂ ਲਈ ਗਣਿਤਕ ਹੁਨਰ' ਵਿਸ਼ੇ 'ਤੇ ਦੋ ਰੋਜ਼ਾ ਵਰਕਸ਼ਾਪ ਕਰਵਾਈ ਗਈ

ਅੰਮ੍ਰਿਤਸਰ, 13 ਅਕਤੂਬਰ (ਮੋਹਕਮ ਸਿੰਘ) ਖਾਲਸਾ ਕਾਲਜ ਦੇ ਗਣਿਤ ਵਿਭਾਗ ਵੱਲੋਂ 'ਮੁਕਾਬਲੇ ਦੀਆਂ ਪ੍ਰੀਖਿਆਵਾਂ ਲਈ ਗਣਿਤਕ ਹੁਨਰ' ਵਿਸ਼ੇ 'ਤੇ ਦੋ ਰੋਜ਼ਾ ਵਰਕਸ਼ਾਪ ਕਰਵਾਈ ਗਈ।ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਦੇ ਨਿਰਦੇਸ਼ਾਂ 'ਤੇ ਆਯੋਜਿਤ ਉਕਤ ਵਰਕਸ਼ਾਪ ਦੌਰਾਨ ਆਈ. ਬੀ. ਟੀ. ਤੋਂ ਪਹੁੰਚੇ ਪ੍ਰਸਿੱਧ ਸਰੋਤ ਬੁਲਾਰਿਆਂ ਸ: ਜਤਿੰਦਰ ਸਿੰਘ, ਸ: ਧੀਰਜ ਸਿੰਘ, ਸ੍ਰੀ ਸੰਤੋਸ਼ ਗੁਪਤਾ ਅਤੇ ਆਸ਼ਿਮਾ ਅਰੋੜਾ ਨੇ ਵਿਦਿਆਰਥੀਆਂ ਨੂੰ ਮੁਕਾਬਲੇ ਦੀਆਂ ਵੱਖ ਵੱਖ ਪ੍ਰੀਖਿਆਵਾਂ 'ਚ ਸਫਲਤਾ ਹਾਸਲ ਕਰਨ ਲਈ ਜ਼ਰੂਰੀ ਗਣਿਤਕ ਤਕਨੀਕਾਂ, ਸਵਾਲਾਂ ਨੂੰ ਹੱਲ ਕਰਨ ਦੇ ਆਸਾਨ ਤਰੀਕਿਆਂ ਅਤੇ ਵਿਸ਼ਲੇਸ਼ਣਾਤਮਕ ਸੋਚ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਇਸ ਮੌਕੇ ਪ੍ਰਿੰ: ਡਾ. ਰੰਧਾਵਾ ਨੇ ਵਿਦਿਆਰਥੀਆਂ ਦੇ ਗਿਆਨ ਅਤੇ ਹੁਨਰ 'ਚ ਵਾਧਾ ਕਰਨ ਲਈ ਅਜਿਹੇ ਅਰਥਪੂਰਨ ਅਤੇ ਨਵੀਨਤਮ ਪ੍ਰੋਗਰਾਮ ਕਰਵਾਉਣ ਸਬੰਧੀ ਵਿਭਾਗ ਦੇ ਯਤਨਾਂ ਦੀ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਅਜਿਹੀਆਂ ਵਰਕਸ਼ਾਪਾਂ ਵਿਦਿਆਰਥੀਆਂ ਨੂੰ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਲਈ ਸਹੀ ਦਿਸ਼ਾ ਪ੍ਰਦਾਨ ਕਰਦੀਆਂ ਹਨ ਅਤੇ ਉਨ੍ਹਾਂ ਦੇ ਆਤਮ ਵਿਸ਼ਵਾਸ 'ਚ ਵਾਧਾ ਕਰਦੀਆਂ ਹਨ।ਇਸ ਮੌਕੇ ਡਾ. ਤਮਿੰਦਰ ਸਿੰਘ, ਡਾ. ਅਮਿਤ ਆਨੰਦ ਅਤੇ ਡਾ. ਦਲਜੀਤ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਇਸ ਦੌਰਾਨ ਵਿਭਾਗ ਮੁਖੀ ਡਾ. ਰਜਿੰਦਰ ਪਾਲ ਕੌਰ ਨੇ ਉਕਤ ਸਮੂਹ ਮਹਿਮਾਨਾਂ, ਸਰੋਤ ਬੁਲਾਰਿਆਂ, ਭਾਗ ਲੈਣ ਵਾਲੇ ਵਿਦਿਆਰਥੀਆਂ ਅਤੇ ਅਧਿਆਪਕਾਂ ਦਾ ਸਵਾਗਤ ਕੀਤਾ। ਇਸ ਮੌਕੇ ਪ੍ਰਿੰ: ਡਾ. ਰੰਧਾਵਾ ਨੇ ਕਿਹਾ ਕਿ ਉਕਤ ਦੋ ਰੋਜ਼ਾ ਵਰਕਸ਼ਾਪ ਦੌਰਾਨ ਵਿਦਿਆਰਥੀਆਂ ਨੂੰ ਗਣਿਤਕ ਯੋਗਤਾ, ਮਾਤਰਾਤਮਕ ਯੋਗਤਾ (ਕੁਆਂਟੀਟੇਟਿਵ ਐਪਟੀਟਿਊਡ), ਸਮੇਂ ਦੀ ਸੁਚੱਜੀ ਵਰਤੋਂ ਅਤੇ ਤਰਕਸ਼ੀਲ ਸੋਚ ਨਾਲ ਸਬੰਧਤ ਵਿਸ਼ਿਆਂ ਬਾਰੇ ਵਿਹਾਰਕ ਜਾਣਕਾਰੀ ਪ੍ਰਦਾਨ ਕੀਤੀ ਗਈ।ਉਨ੍ਹਾਂ ਕਿਹਾ ਕਿ ਉਕਤ ਬੁਲਾਰਿਆਂ ਨੇ ਵਿਦਿਆਰਥੀਆਂ ਨੂੰ ਘੱਟ ਸਮੇਂ 'ਚ ਗਣਿਤ ਦੇ ਔਖੇ ਸਵਾਲਾਂ ਨੂੰ ਹੱਲ ਕਰਨ ਦੀਆਂ ਤਕਨੀਕਾਂ ਅਤੇ ਵੱਖ ਵੱਖ ਮੁਕਾਬਲੇ ਦੀਆਂ ਪ੍ਰੀਖਿਆਵਾਂ 'ਚ ਪੁੱਛੇ ਜਾਣ ਵਾਲੇ ਪ੍ਰਸ਼ਨਾਂ ਦੀ ਪ੍ਰਕਿਰਤੀ ਸਬੰਧੀ ਜਾਣੂ ਕਰਵਾਇਆ।ਉਨ੍ਹਾਂ ਕਿਹਾ ਕਿ ਵਰਕਸ਼ਾਪ ਦੌਰਾਨ ਵਿਦਿਆਰਥੀਆਂ ਨੇ ਸਰਗਰਮੀ ਨਾਲ ਭਾਗ ਲਿਆ ਅਤੇ ਆਪਣੇ ਸ਼ੰਕਿਆਂ ਦੇ ਹੱਲ ਲਈ ਮਾਹਿਰਾਂ ਨਾਲ ਵਿਚਾਰ ਵਟਾਂਦਰਾ ਕੀਤਾ। ਇਸ ਮੌਕੇ ਹਾਜ਼ਰ ਪਤਵੰਤਿਆਂ ਨੇ ਵਿਦਿਆਰਥੀਆਂ ਨੂੰ ਗਣਿਤ ਦੇ ਬੁਨਿਆਦੀ ਸਿਧਾਂਤਾਂ ਨੂੰ ਮਜ਼ਬੂਤ ਕਰਨ ਦੇ ਨਾਲ ਨਾਲ ਵਿਸ਼ਲੇਸ਼ਣਾਤਮਕ ਯੋਗਤਾ ਵਿਕਸਿਤ ਕਰਨ ਲਈ ਪ੍ਰੇਰਿਤ ਕੀਤਾ।ਉਨ੍ਹਾਂ ਕਿਹਾ ਕਿ ਮੌਜੂਦਾ ਸਮੇਂ 'ਚ ਮੁਕਾਬਲੇ ਦੀਆਂ ਪ੍ਰੀਖਿਆਵਾਂ 'ਚ ਸਫਲਤਾ ਪ੍ਰਾਪਤ ਕਰਨ ਲਈ ਵਿਸ਼ੇ ਦੇ ਗਿਆਨ ਦੇ ਨਾਲ—ਨਾਲ ਸਹੀ ਰਣਨੀਤੀ, ਸਮੇਂ ਦੀ ਪਾਬੰਦੀ ਅਤੇ ਸਮੱਸਿਆਵਾਂ ਨੂੰ ਹੱਲ ਕਰਨ ਦੀ ਯੋਗਤਾ ਵੀ ਬਹੁਤ ਜਰੂਰੀ ਹੈ

ਪ੍ਰਕਾਸ਼ ਪੁਰਬ ਤੋਂ ਪਹਿਲਾਂ ਸ੍ਰੀ ਕਰਤਾਰਪੁਰ ਸਾਹਿਬ ਲਾਂਘਾ ਖੋਲ੍ਹਣ ਦੀ ਮੰਗ

ਅੰਮ੍ਰਿਤਸਰ, 13 ਅਕਤੂਬਰ (ਰਾਜੇਸ਼ ਡੈਨੀ) ਸ੍ਰੀ ਕਰਤਾਰਪੁਰ ਸਾਹਿਬ ਕੋਰੀਡੋਰ ਪੈਸਜ ਸੰਘਰਸ਼ ਕਮੇਟੀ ਨੇ ਨਵੰਬਰ ਵਿੱਚ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਤੋਂ ਪਹਿਲਾਂ ਸ੍ਰੀ ਕਰਤਾਰਪੁਰ ਸਾਹਿਬ ਲਾਂਘਾ ਮੁੜ ਖੋਲ੍ਹਣ ਦੀ ਮੰਗ ਕੀਤੀ ਹੈ। ਕਮੇਟੀ ਨੇ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਇਸ ਮਾਮਲੇ ਨੂੰ ਪਾਕਿਸਤਾਨ ਸਰਕਾਰ ਕੋਲ ਕੂਟਨੀਤਕ ਪੱਧਰ 'ਤੇ ਉਠਾਇਆ ਜਾਵੇ, ਤਾਂ ਜੋ ਸ਼ਰਧਾਲੂ ਇਤਿਹਾਸਕ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ, ਕਰਤਾਰਪੁਰ ਵਿਖੇ ਨਤਮਸਤਕ ਹੋ ਸਕਣ। ਇਸ ਸਬੰਧੀ ਕਮੇਟੀ ਨੇ ਕੇਂਦਰ ਸਰਕਾਰ ਵਿੱਚ ਭਾਈਵਾਲ ਜਨਤਾ ਦਲ (ਯੂਨਾਈਟਿਡ) ਦੇ ਪ੍ਰਧਾਨ ਅਤੇ ਸੰਸਦ ਮੈਂਬਰ ਨਿਤੀਸ਼ ਕੁਮਾਰ ਨੂੰ ਪੱਤਰ ਲਿਖ ਕੇ ਸ਼ਰਧਾਲੂਆਂ ਦੀਆਂ ਧਾਰਮਿਕ ਭਾਵਨਾਵਾਂ ਅਤੇ ਲੰਬੇ ਸਮੇਂ ਤੋਂ ਚੱਲ ਰਹੀ ਇਸ ਮੰਗ ਬਾਰੇ ਜਾਣੂ ਕਰਵਾਇਆ ਹੈ। ਕਮੇਟੀ ਮੈਬਰਾਂ ਨੇ ਕਰਤਾਰਪੁਰ ਦੌਰੇ ਪਰ ਆਏ ਜੇਡੀਯੂ ਪੰਜਾਬ ਦੇ ਪ੍ਰਧਾਨ ਮਲਵਿੰਦਰ ਸਿੰਘ ਬੈਨੀਪਾਲ ਨੂੰ ਮੰਗ ਪੱਤਰ ਸੌਂਪਿਆ। ਕਮੇਟੀ ਨੇ ਅਪੀਲ ਕੀਤੀ ਹੈ ਕਿ ਪ੍ਰਕਾਸ਼ ਪੁਰਬ ਦੀ ਮਹੱਤਤਾ ਨੂੰ ਦੇਖਦਿਆਂ ਲਾਂਘਾ ਖੋਲ੍ਹਣ ਲਈ ਜਲਦ ਲੋੜੀਂਦੇ ਕਦਮ ਚੁੱਕੇ ਜਾਣ। ਕਮੇਟੀ ਨੇ ਕਿਹਾ ਕਿ ਪਾਕਿਸਤਾਨ ਸਥਿਤ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ, ਕਰਤਾਰਪੁਰ ਸਿੱਖ ਸੰਗਤ ਲਈ ਬੇਹੱਦ ਪਵਿੱਤਰ ਧਾਰਮਿਕ ਅਸਥਾਨ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਨੇ ਆਪਣੇ ਜੀਵਨ ਦੇ ਆਖਰੀ ਵਰ੍ਹੇ ਇੱਥੇ ਬਿਤਾਏ ਸਨ। ਇਹ ਪਵਿੱਤਰ ਅਸਥਾਨ ਗੁਰੂ ਸਾਹਿਬ ਦੇ ਸ਼ਾਂਤੀ, ਮਨੁੱਖਤਾ, ਬਰਾਬਰਤਾ ਅਤੇ ਆਪਸੀ ਭਾਈਚਾਰੇ ਦੇ ਸੰਦੇਸ਼ ਦਾ ਪ੍ਰਤੀਕ ਹੈ। ਕਮੇਟੀ ਅਨੁਸਾਰ, ਲਾਂਘਾ ਖੁੱਲ੍ਹਣ ਨਾਲ ਸੰਗਤ ਨੂੰ ਕਰਤਾਰਪੁਰ ਸਾਹਿਬ ਦੇ ਦਰਸ਼ਨ ਕਰਨ ਦਾ ਇਤਿਹਾਸਕ ਮੌਕਾ ਮਿਲਿਆ ਸੀ, ਪਰ ਇਸ ਦੇ ਬੰਦ ਹੋਣ ਕਾਰਨ ਸ਼ਰਧਾਲੂ ਇਸ ਸਹੂਲਤ ਤੋਂ ਵਾਂਝੇ ਹਨ। ਅਜਿਹੇ ਵਿੱਚ ਪ੍ਰਕਾਸ਼ ਪੁਰਬ ਤੋਂ ਪਹਿਲਾਂ ਲਾਂਘਾ ਮੁੜ ਖੋਲ੍ਹਣਾ ਸੰਗਤ ਲਈ ਵੱਡੀ ਰਾਹਤ ਹੋਵੇਗੀ ਅਤੇ ਉਨ੍ਹਾਂ ਦੀਆਂ ਧਾਰਮਿਕ ਭਾਵਨਾਵਾਂ ਦਾ ਸਤਿਕਾਰ ਵੀ ਹੋਵੇਗਾ। ਕਮੇਟੀ ਨੇ ਮੰਗ ਕੀਤੀ ਕਿ ਲਾਂਘਾ ਜਲਦ ਖੋਲ੍ਹਣ ਲਈ ਪਾਕਿਸਤਾਨ ਸਰਕਾਰ ਨਾਲ ਕੂਟਨੀਤਕ ਗੱਲਬਾਤ ਕੀਤੀ ਜਾਵੇ। ਇਸ ਦੇ ਨਾਲ ਹੀ ਸ਼ਰਧਾਲੂਆਂ ਦੀ ਸੁਰੱਖਿਆ, ਆਵਾਜਾਈ ਨੂੰ ਸੁਖਾਲਾ ਬਣਾਉਣ ਅਤੇ ਵੀਜ਼ਾ ਤੇ ਇਮੀਗ੍ਰੇਸ਼ਨ ਨਾਲ ਜੁੜੀਆਂ ਰਸਮਾਂ ਲਈ ਢੁਕਵੇਂ ਪ੍ਰਬੰਧ ਯਕੀਨੀ ਬਣਾਏ ਜਾਣ। ਕਮੇਟੀ ਨੇ ਕਿਹਾ ਕਿ ਸੰਗਤ ਨੂੰ ਲੰਬੇ ਸਮੇਂ ਤੱਕ ਬੇਯਕੀਨੀ ਵਿੱਚ ਉਡੀਕ ਨਾ ਕਰਨੀ ਪਵੇ, ਇਸ ਲਈ ਇਸ ਮਸਲੇ ਦਾ ਸਥਾਈ ਅਤੇ ਵਿਹਾਰਕ ਹੱਲ ਕੱਢਣਾ ਜ਼ਰੂਰੀ ਹੈ। ਕਮੇਟੀ ਅਨੁਸਾਰ, ਸ੍ਰੀ ਕਰਤਾਰਪੁਰ ਸਾਹਿਬ ਲਾਂਘਾ ਸਿਰਫ਼ ਦੋ ਦੇਸ਼ਾਂ ਵਿਚਾਲੇ ਆਵਾਜਾਈ ਦਾ ਰਸਤਾ ਨਹੀਂ, ਸਗੋਂ ਗੁਰੂ ਸਾਹਿਬ ਦੀਆਂ ਸਿੱਖਿਆਵਾਂ, ਸਾਂਝੀ ਵਿਰਾਸਤ ਅਤੇ ਮਨੁੱਖਤਾ ਦੇ ਸੰਦੇਸ਼ ਨਾਲ ਜੁੜਿਆ ਇੱਕ ਅਹਿਮ ਮਾਧਿਅਮ ਹੈ। ਕਮੇਟੀ ਨੇ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਕਿ ਸੰਗਤ ਦੀਆਂ ਭਾਵਨਾਵਾਂ ਨੂੰ ਗੰਭੀਰਤਾ ਨਾਲ ਲੈਂਦਿਆਂ ਸਮੇਂ ਸਿਰ ਹਾਂ-ਪੱਖੀ ਪਹਿਲਕਦਮੀ ਕੀਤੀ ਜਾਵੇ, ਤਾਂ ਜੋ ਪ੍ਰਕਾਸ਼ ਪੁਰਬ ਮੌਕੇ ਸ਼ਰਧਾਲੂਆਂ ਨੂੰ ਇਸ ਪਵਿੱਤਰ ਗੁਰਧਾਮ ਦੇ ਦਰਸ਼ਨ ਕਰਨ ਦਾ ਮੌਕਾ ਮਿਲ ਸਕੇ।

ਪਰਗਟ ਸਿੰਘ ਦੀ ਤਾਜਪੋਸ਼ੀ 'ਤੇ ਕਾਂਗਰਸ ਸੇਵਾ ਦਲ ਨੇ ਨਿਭਾਈ ਅਹਿਮ ਭੂਮਿਕਾ

ਅੰਮ੍ਰਿਤਸਰ 13 ਅਕਤੂਬਰ (ਰਾਜੇਸ਼ ਡੈਨੀ) ਪੰਜਾਬ ਕਾਂਗਰਸ ਦੇ ਪ੍ਰਧਾਨ ਪਰਗਟ ਸਿੰਘ ਦੀ ਤਾਜਪੋਸ਼ੀ ਤੇ ਪੰਜਾਬ ਇੰਚਾਰਜ ਸਚਿਨ ਪਾਇਲਟ ਦਿੱਲੀ ਤੋਂ ਵਿਸ਼ੇਸ਼ ਤੌਰ 'ਤੇ ਪਹੁੰਚੇ। ਉਹਨਾਂ ਦੇ ਨਾਲ ਪੰਜਾਬ ਦੀ ਲੀਡਰਸ਼ਿਪ ਅਤੇ ਦਿੱਲੀ ਤੋਂ ਲੀਡਰਸ਼ਿਪ ਆਈ। ਇਹਦੇ ਵਿੱਚ ਕਾਂਗਰਸ ਸੇਵਾ ਦਲ ਤੋਂ ਸੰਦੀਪ ਸਗੀਨ ਜਰਨਲ ਸੈਕਟਰੀ, ਸੁਭਾਸ਼ ਭਾਰਗਵ ਪੰਜਾਬ ਪ੍ਰਦੇਸ਼ ਕਾਂਗਰਸ ਸੇਵਾ ਦਲ ਦੇ ਪ੍ਰਧਾਨ ਅਤੇ ਸਾਡੀ ਸਾਰੀ ਟ

ਜੰਤਰ-ਮੰਤਰ 'ਤੇ ਪ੍ਰਦਰਸ਼ਨ ਕਰ ਰਹੇ ਸੀਜੇਪੀ ਦੇ ਸੌਰਵ ਦਾਸ ਤੇ ਆਸ਼ੂਤੋਸ਼ ਗਾਂਕਾ ਮੁੜ ਪੁਲਿਸ ਦੀ ਹਿਰਾਸਤ 'ਚ

ਨਵੀਂ ਦਿੱਲੀ, 13 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ) : ਦਿੱਲੀ ਵਿੱਚ ਪ੍ਰਦਰਸ਼ਨ ਕਰਨ ਦੀ ਇਜਾਜ਼ਤ ਨੂੰ ਲੈ ਕੇ ਕੌਮਕਰੇਚ ਜਨਤਾ ਪਾਰਟੀ (ਸੀਜੇਪੀ) ਅਤੇ ਪੁਲਿਸ ਵਿਚਾਲੇ ਤਣਾਅ ਵਧ ਗਿਆ ਹੈ। ਮੰਗਲਵਾਰ ਨੂੰ ਪਾਰਟੀ ਦੇ ਦੋ ਬੁਲਾਰਿਆਂ ਸੌਰਵ ਦਾਸ ਅਤੇ ਆਸ਼ੂਤੋਸ਼ ਗਾਂਕਾ ਨੂੰ ਦਿੱਲੀ ਪੁਲਿਸ ਨੇ ਹਿਰਾਸਤ ਵਿੱਚ ਲੈ ਲਿਆ। ਦੋਵੇਂ ਆਗੂ ਪਾਰਟੀ ਦੇ ਸਮਰਥਕਾਂ ਨਾਲ ਜੰਤਰ-ਮੰਤਰ ਪਹੁੰਚੇ ਸਨ, ਜਿੱਥੇ ਉਨ੍ਹਾਂ ਨੇ ਨਾਅਰੇਬਾਜ਼ੀ ਕੀਤੀ। ਇਸ ਤੋਂ ਬਾਅਦ ਪੁਲਿਸ ਨੇ ਉਨ੍ਹਾਂ ਅਤੇ ਉਨ੍ਹਾਂ ਦੇ ਨਾਲ ਮੌਜੂਦ ਸਮਰਥਕਾਂ ਨੂੰ ਹਿਰਾਸਤ ਵਿੱਚ ਲੈ ਲਿਆ। ਇਹ ਘਟਨਾ ਉਸ ਸਮੇਂ ਵਾਪਰੀ ਹੈ, ਜਦੋਂ ਕੇਂਦਰ ਸਰਕਾਰ ਨੇ ਜੰਤਰ-ਮੰਤਰ ਨੂੰ ਪ੍ਰਦਰਸ਼ਨਾਂ ਲਈ ਤੈਅ ਕੀਤੀਆਂ ਥਾਵਾਂ ਦੀ ਸੂਚੀ ਵਿੱਚੋਂ ਹਟਾ ਦਿੱਤਾ ਹੈ। ਇਸ ਫ਼ੈਸਲੇ ਤੋਂ ਬਾਅਦ ਹੁਣ ਦਿੱਲੀ ਵਿੱਚ ਪ੍ਰਦਰਸ਼ਨ ਕਰਨ ਲਈ ਹੋਰ ਥਾਵਾਂ ਨਿਰਧਾਰਤ ਕੀਤੀਆਂ ਗਈਆਂ ਹਨ। ਸੀਜੇਪੀ ਇਸ ਫ਼ੈਸਲੇ ਦੇ ਵਿਚਕਾਰ ਜੰਤਰ-ਮੰਤਰ 'ਤੇ ਪ੍ਰਦਰਸ਼ਨ ਕਰਨ ਪਹੁੰਚੀ ਸੀ।ਕੇਂਦਰ ਸਰਕਾਰ ਨੇ ਸੋਮਵਾਰ ਨੂੰ ਜੰਤਰ-ਮੰਤਰ ਨੂੰ ਨਿਰਧਾਰਤ ਪ੍ਰਦਰਸ਼ਨ ਸਥਾਨਾਂ ਦੀ ਸੂਚੀ ਵਿੱਚੋਂ ਹਟਾ ਦਿੱਤਾ। ਇਹ ਫ਼ੈਸਲਾ ਗ੍ਰਹਿ ਮੰਤਰਾਲੇ ਵੱਲੋਂ ਬਣਾਈ ਗਈ ਕਮੇਟੀ ਦੀਆਂ ਸਿਫ਼ਾਰਸ਼ਾਂ ਤੋਂ ਬਾਅਦ ਲਿਆ ਗਿਆ। ਨਵੇਂ ਪ੍ਰਬੰਧ ਅਨੁਸਾਰ ਦਿੱਲੀ ਵਿੱਚ ਪ੍ਰਦਰਸ਼ਨਾਂ ਲਈ ਤਿੰਨ ਥਾਵਾਂ ਨਿਰਧਾਰਤ ਕੀਤੀਆਂ ਗਈਆਂ ਹਨ। ਇਨ੍ਹਾਂ ਵਿੱਚ ਰਾਮਲੀਲਾ ਮੈਦਾਨ, ਬੁਰਾੜੀ ਮੈਦਾਨ ਅਤੇ ਪੂਰਬੀ ਦਿੱਲੀ ਦਾ ਸੀਬੀਡੀ ਮੈਦਾਨ ਸ਼ਾਮਲ ਹਨ। ਇਸ ਫ਼ੈਸਲੇ ਕਾਰਨ ਜੰਤਰ-ਮੰਤਰ 'ਤੇ ਪ੍ਰਦਰਸ਼ਨ ਕਰਨ ਦੀ ਯੋਜਨਾ ਬਣਾਉਣ ਵਾਲੀਆਂ ਜਥੇਬੰਦੀਆਂ ਨੂੰ ਹੁਣ ਆਪਣਾ ਪ੍ਰੋਗਰਾਮ ਹੋਰ ਨਿਰਧਾਰਤ ਥਾਵਾਂ 'ਤੇ ਕਰਨ ਦੀ ਯੋਜਨਾ ਬਣਾਉਣੀ ਪਵੇਗੀ।ਅਜਿਹੀ ਸਥਿਤੀ ਵਿੱਚ ਜਿਹੜੀਆਂ ਜਥੇਬੰਦੀਆਂ ਜਲਦੀ ਪ੍ਰਦਰਸ਼ਨ ਕਰਨਾ ਚਾਹੁੰਦੀਆਂ ਹਨ, ਉਨ੍ਹਾਂ ਨੂੰ ਹੋਰ ਨਿਰਧਾਰਤ ਥਾਵਾਂ ਦੀ ਉਪਲਬਧਤਾ ਅਤੇ ਇਜਾਜ਼ਤ ਬਾਰੇ ਪਤਾ ਕਰਨਾ ਪਵੇਗਾ। ਇਸ ਮਾਮਲੇ ਵਿੱਚ ਸੀਜੇਪੀ ਵੱਲੋਂ ਵੀ ਆਪਣੀ ਅਗਲੀ ਰਣਨੀਤੀ ਦਾ ਐਲਾਨ ਕੀਤਾ ਜਾ ਸਕਦਾ ਹੈ। ਜੰਤਰ-ਮੰਤਰ 'ਤੇ ਪਹੁੰਚਣ ਤੋਂ ਪਹਿਲਾਂ ਸੀਜੇਪੀ ਦੇ ਆਗੂ ਸੋਮਵਾਰ ਨੂੰ ਦਿੱਲੀ ਦੇ ਸੰਸਦ ਮਾਰਗ ਥਾਣੇ ਵਿੱਚ ਗਏ ਸਨ। ਉਨ੍ਹਾਂ ਨੇ ਪੁਲਿਸ ਕੋਲ ਮੰਗ ਰੱਖੀ ਸੀ ਕਿ ਪਾਰਟੀ ਨੂੰ ਜੰਤਰ-ਮੰਤਰ 'ਤੇ ਪ੍ਰਦਰਸ਼ਨ ਕਰਨ ਲਈ ਤਾਰੀਖ਼ ਅਤੇ ਸਮਾਂ ਦਿੱਤਾ ਜਾਵੇ। ਜੰਤਰ-ਮੰਤਰ ਤੋਂ ਹਟਾਏ ਜਾਣ ਅਤੇ ਆਗੂਆਂ ਨੂੰ ਮੁੜ ਹਿਰਾਸਤ ਵਿੱਚ ਲਏ ਜਾਣ ਤੋਂ ਬਾਅਦ ਹੁਣ ਸੀਜੇਪੀ ਦੇ ਅਗਲੇ ਕਦਮ ਮਹੱਤਵਪੂਰਨ ਹੋਣਗੇ। ਪਾਰਟੀ ਪਹਿਲਾਂ ਹੀ ਕਹਿ ਚੁੱਕੀ ਹੈ ਕਿ ਜੇਕਰ ਉਸ ਨੂੰ ਪ੍ਰਦਰਸ਼ਨ ਬਾਰੇ ਜਵਾਬ ਨਾ ਮਿਲਿਆ ਤਾਂ ਉਹ ਅਗਲੇ ਅੰਦੋਲਨ ਦੀ ਤਾਰੀਖ਼ ਦਾ ਐਲਾਨ ਕਰੇਗੀ। ਦੂਜੇ ਪਾਸੇ, ਦਿੱਲੀ ਵਿੱਚ ਪ੍ਰਦਰਸ਼ਨਾਂ ਲਈ ਨਵੀਆਂ ਥਾਵਾਂ ਤੈਅ ਕੀਤੇ ਜਾਣ ਕਾਰਨ ਜਥੇਬੰਦੀਆਂ ਨੂੰ ਆਪਣੇ ਪ੍ਰੋਗਰਾਮਾਂ ਲਈ ਨਵੇਂ ਪ੍ਰਬੰਧ ਕਰਨ ਪੈਣਗੇ। ਇਸ ਮਾਮਲੇ ਵਿੱਚ ਪੁਲਿਸ ਅਤੇ ਪਾਰਟੀ ਵਿਚਾਲੇ ਅੱਗੇ ਕੀ ਗੱਲਬਾਤ ਹੁੰਦੀ ਹੈ, ਇਹ ਦੇਖਣਾ ਅਹਿਮ ਹੋਵੇਗਾ। ਕੁੱਲ ਮਿਲਾ ਕੇ, ਸੀਜੇਪੀ ਦੇ ਆਗੂਆਂ ਨੂੰ ਜੰਤਰ-ਮੰਤਰ 'ਤੇ ਨਾਅਰੇਬਾਜ਼ੀ ਕਰਨ ਤੋਂ ਬਾਅਦ ਹਿਰਾਸਤ ਵਿੱਚ ਲਏ ਜਾਣ ਦੀ ਘਟਨਾ ਨੇ ਦਿੱਲੀ ਵਿੱਚ ਪ੍ਰਦਰਸ਼ਨਾਂ ਲਈ ਥਾਵਾਂ ਦੀ ਚੋਣ ਅਤੇ ਸ਼ਾਂਤਮਈ ਪ੍ਰਦਰਸ਼ਨ ਕਰਨ ਦੇ ਹੱਕ ਬਾਰੇ ਚਰਚਾ ਛੇੜ ਦਿੱਤੀ ਹੈ। ਹੁਣ ਇਹ ਦੇਖਣਾ ਹੋਵੇਗਾ ਕਿ ਪਾਰਟੀ ਆਪਣੇ ਅਗਲੇ ਅੰਦੋਲਨ ਲਈ ਕਿਹੜੀ ਥਾਂ ਚੁਣਦੀ ਹੈ ਅਤੇ ਪੁਲਿਸ ਵੱਲੋਂ ਉਸ ਨੂੰ ਕੀ ਜਵਾਬ ਦਿੱਤਾ ਜਾਂਦਾ ਹੈ।

ਪਰਮਿੰਦਰ ਸਿੰਘ ਝੋਟਾ ਦੇ ਕਤਲ ਦੀ ਡਾ. ਦਲਜੀਤ ਸਿੰਘ ਗੁਰੂ ਵੱਲੋਂ ਸਖ਼ਤ ਨਿੰਦਾ

ਭੁੱਚੋ ਮੰਡੀ, 13 ਅਕਤੂਬਰ (ਚਰਨਜੀਤ ਖੁਰਮੀ) : ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਹਲਕਾ ਭੁੱਚੋ ਮੰਡੀ ਤੋਂ ਇੰਚਾਰਜ ਡਾ. ਦਲਜੀਤ ਸਿੰਘ ਗੁਰੂ ਨੇ ਪਰਮਿੰਦਰ ਸਿੰਘ ਝੋਟਾ ਦੀ ਦਿਨ-ਦਿਹਾੜੇ ਗੋਲੀਆਂ ਮਾਰ ਕੇ ਕੀਤੀ ਗਈ ਹੱਤਿਆ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਇਸ ਘਟਨਾ ਨੂੰ ਬੇਹੱਦ ਦੁਖਦਾਈ ਅਤੇ ਚਿੰਤਾਜਨਕ ਕਰਾਰ ਦਿੱਤਾ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਅਜਿਹੀਆਂ ਘਟਨਾਵਾਂ ਸੂਬੇ ਦੀ ਅਮਨ-ਕਾਨੂੰਨ ਦੀ ਸਥਿਤੀ ਅਤੇ ਲੋਕਾਂ ਦੀ ਸੁਰੱਖਿਆ ਨੂੰ ਲੈ ਕੇ ਗੰਭੀਰ ਸਵਾਲ ਖੜ੍ਹੇ ਕਰਦੀਆਂ ਹਨ। ਡਾ. ਦਲਜੀਤ ਸਿੰਘ ਗੁਰੂ ਨੇ ਕਿਹਾ ਕਿ ਪਰਮਿੰਦਰ ਸਿੰਘ ਝੋਟਾ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਅਤੇ ਨਸ਼ਿਆਂ ਦੀ ਰੋਕਥਾਮ ਲਈ ਯਤਨ ਕਰਨ ਵਾਲੇ ਵਿਅਕਤੀ ਵਜੋਂ ਜਾਣੇ ਜਾਂਦੇ ਸਨ। ਉਨ੍ਹਾਂ ਦੀ ਹੱਤਿਆ ਦੀ ਖ਼ਬਰ ਨੇ ਸਮਾਜ ਵਿੱਚ ਚਿੰਤਾ ਪੈਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਦੀ ਨਿਰਪੱਖ ਜਾਂਚ ਕਰਕੇ ਘਟਨਾ ਲਈ ਜ਼ਿੰਮੇਵਾਰ ਵਿਅਕਤੀਆਂ ਨੂੰ ਕਾਨੂੰਨ ਦੇ ਕਟਹਿਰੇ ਵਿੱਚ ਲਿਆਂਦਾ ਜਾਣਾ ਚਾਹੀਦਾ ਹੈ ਅਤੇ ਲੋਕਾਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਪ੍ਰਭਾਵਸ਼ਾਲੀ ਕਦਮ ਚੁੱਕੇ ਜਾਣੇ ਚਾਹੀਦੇ ਹਨ।ਉਨ੍ਹਾਂ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖ਼ਾਤਮੇ ਲਈ ਚਲਾਈ ਜਾ ਰਹੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਦੀ ਕਾਰਗੁਜ਼ਾਰੀ 'ਤੇ ਵੀ ਸਵਾਲ ਉਠਾਏ। ਉਨ੍ਹਾਂ ਕਿਹਾ ਕਿ ਜੇਕਰ ਸੂਬੇ ਵਿੱਚ ਨਸ਼ਿਆਂ ਦੀ ਸਮੱਸਿਆ ਨੂੰ ਜੜ੍ਹੋਂ ਖ਼ਤਮ ਕਰਨ ਲਈ ਠੋਸ ਅਤੇ ਪ੍ਰਭਾਵਸ਼ਾਲੀ ਉਪਰਾਲੇ ਕੀਤੇ ਜਾਂਦੇ ਤਾਂ ਅਜਿਹੀਆਂ ਚਿੰਤਾਜਨਕ ਸਥਿਤੀਆਂ ਨੂੰ ਰੋਕਣ ਵਿੱਚ ਮਦਦ ਮਿਲ ਸਕਦੀ ਸੀ। ਉਨ੍ਹਾਂ ਅਨੁਸਾਰ ਨਸ਼ਿਆਂ ਦੇ ਕਾਰੋਬਾਰ ਵਿੱਚ ਸ਼ਾਮਲ ਵਿਅਕਤੀਆਂ ਵਿਰੁੱਧ ਸਖ਼ਤ ਕਾਰਵਾਈ ਕਰਨ ਦੇ ਨਾਲ-ਨਾਲ ਇਸ ਗੈਰ-ਕਾਨੂੰਨੀ ਕਾਰੋਬਾਰ ਦੇ ਪੂਰੇ ਨੈੱਟਵਰਕ ਨੂੰ ਤੋੜਨਾ ਵੀ ਜ਼ਰੂਰੀ ਹੈ। ਡਾ. ਗੁਰੂ ਨੇ ਕਿਹਾ ਕਿ ਪੰਜਾਬ ਦੀ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣਾ ਅਤੇ ਸੂਬੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਮਜ਼ਬੂਤ ਕਰਨਾ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾਂ ਦਾਅਵਾ ਕੀਤਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਨ 'ਤੇ ਪੰਜਾਬ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਬਾਹਰ ਕੱਢਣ ਲਈ ਠੋਸ ਉਪਰਾਲੇ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਨੂੰ ਸਿਰਫ਼ ਐਲਾਨਾਂ ਤੱਕ ਸੀਮਤ ਰੱਖਣ ਦੀ ਬਜਾਏ ਜ਼ਮੀਨੀ ਪੱਧਰ 'ਤੇ ਪ੍ਰਭਾਵਸ਼ਾਲੀ ਕਾਰਵਾਈ ਕਰਨੀ ਲਾਜ਼ਮੀ ਹੈ।

ਸਫ਼ਾ ਇੱਕ ਦੀਆਂ ਬਾਕੀ...

ਹਵਾਰਾ ਦੀ ਰਿਹਾਈ ਨਾਲ.....

ਤੋਂ ਸਪੱਸ਼ਟ ਹੁੰਦਾ ਹੈ ਕਿ ਸਰਕਾਰ ਬੰਦੀ ਸਿੰਘਾਂ ਨਾਲ ਸਬੰਧਤ ਵੱਖ-ਵੱਖ ਮਾਮਲਿਆਂ ਨੂੰ ਵਿਚਾਰ ਅਧੀਨ ਲਿਆਉਣਾ ਚਾਹੁੰਦੀ ਹੈ। ਇਨ੍ਹਾਂ ਮਾਮਲਿਆਂ ਵਿੱਚ ਹਰ ਵਿਅਕਤੀ ਦੀ ਕਾਨੂੰਨੀ ਸਥਿਤੀ, ਸਬੰਧਤ ਨਿਯਮਾਂ ਅਤੇ ਸਮਰੱਥ ਅਧਿਕਾਰੀਆਂ ਦੇ ਅਧਿਕਾਰਾਂ ਨੂੰ ਧਿਆਨ ਵਿੱਚ ਰੱਖਣਾ ਪਵੇਗਾ। ਇਸ ਲਈ ਸਰਕਾਰ ਵੱਲੋਂ ਕਾਨੂੰਨੀ ਪੱਖ ਦੀ ਜਾਂਚ ਕਰਵਾਉਣ ਨੂੰ ਅਹਿਮ ਕਦਮ ਮੰਨਿਆ ਜਾ ਰਿਹਾ ਹੈ। ਮੀਟਿੰਗ ਦੌਰਾਨ ਮੁੱਖ ਮੰਤਰੀ ਭਗਵੰਤ ਮਾਨ ਨੇ ਪੰਜਾਬ ਦੇ ਐਡਵੋਕੇਟ ਜਨਰਲ ਮਨਿੰਦਰਜੀਤ ਸਿੰਘ ਬੇਦੀ ਨੂੰ ਇਨ੍ਹਾਂ ਸਾਰੇ ਮਾਮਲਿਆਂ ਦੀ ਕਾਨੂੰਨੀ ਜਾਂਚ ਕਰਨ ਲਈ ਕਿਹਾ। ਸਰਕਾਰ ਦਾ ਮਕਸਦ ਇਹ ਪਤਾ ਲਗਾਉਣਾ ਹੈ ਕਿ ਬੰਦੀ ਸਿੰਘਾਂ ਦੀ ਰਿਹਾਈ ਜਾਂ ਪੈਰੋਲ ਲਈ ਕਾਨੂੰਨ ਅਨੁਸਾਰ ਕਿਹੜੇ ਕਦਮ ਚੁੱਕੇ ਜਾ ਸਕਦੇ ਹਨ। ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਇਨ੍ਹਾਂ ਮਾਮਲਿਆਂ ਦਾ ਹੱਲ ਕੱਢਣ ਲਈ ਗੰਭੀਰ ਹੈ। ਕਾਨੂੰਨੀ ਪੱਖ ਦੀ ਪੂਰੀ ਜਾਂਚ ਹੋਣ ਨਾਲ ਇਹ ਸਮਝਣ ਵਿੱਚ ਮਦਦ ਮਿਲੇਗੀ ਕਿ ਕਿਹੜੇ ਮਾਮਲੇ ਵਿੱਚ ਕਿਹੜੀ ਪ੍ਰਕਿਰਿਆ ਅਪਣਾਈ ਜਾਣੀ ਚਾਹੀਦੀ ਹੈ ਅਤੇ ਕਿਹੜੇ ਅਧਿਕਾਰੀ ਜਾਂ ਸੰਸਥਾ ਕੋਲ ਮਾਮਲਾ ਉਠਾਉਣਾ ਜ਼ਰੂਰੀ ਹੈ। ਮੁੱਖ ਮੰਤਰੀ ਭਗਵੰਤ ਮਾਨ ਨੇ ਸਿੱਖ ਜਥੇਬੰਦੀਆਂ ਨੂੰ ਅਪੀਲ ਕੀਤੀ ਕਿ ਉਹ ਬੰਦੀ ਸਿੰਘਾਂ ਦੀ ਰਿਹਾਈ ਲਈ ਆਪਣਾ ਸੰਘਰਸ਼ ਸ਼ਾਂਤਮਈ ਢੰਗ ਨਾਲ ਅਤੇ ਕਾਨੂੰਨ ਦੇ ਦਾਇਰੇ ਵਿੱਚ ਰਹਿ ਕੇ ਜਾਰੀ ਰੱਖਣ। ਉਨ੍ਹਾਂ ਕਿਹਾ ਕਿ ਕਿਸੇ ਵੀ ਮਸਲੇ ਨੂੰ ਹੱਲ ਕਰਨ ਲਈ ਲੋਕਤੰਤਰੀ ਤਰੀਕੇ ਅਤੇ ਗੱਲਬਾਤ ਮਹੱਤਵਪੂਰਨ ਹਨ। ਮੁੱਖ ਮੰਤਰੀ ਨੇ ਇਹ ਵੀ ਕਿਹਾ ਕਿ ਕੁਝ ਧਿਰਾਂ ਜਾਣਬੁੱਝ ਕੇ ਅਜਿਹੀਆਂ ਕਾਰਵਾਈਆਂ ਕਰਦੀਆਂ ਹਨ, ਜਿਨ੍ਹਾਂ ਨਾਲ ਅੰਦੋਲਨ ਆਪਣੇ ਮੁੱਖ ਮਕਸਦ ਤੋਂ ਭਟਕ ਸਕਦਾ ਹੈ। ਉਨ੍ਹਾਂ ਮੁਤਾਬਕ, ਅਜਿਹੀਆਂ ਕਾਰਵਾਈਆਂ ਨਾਲ ਸਿੱਖ ਭਾਈਚਾਰੇ ਦੇ ਅਕਸ ਨੂੰ ਵੀ ਨੁਕਸਾਨ ਪਹੁੰਚ ਸਕਦਾ ਹੈ। ਉਨ੍ਹਾਂ ਜਥੇਬੰਦੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਮਕਸਦ ਨੂੰ ਸਾਹਮਣੇ ਰੱਖਦਿਆਂ ਸ਼ਾਂਤੀ ਬਣਾਈ ਰੱਖਣ ਅਤੇ ਅਜਿਹੀ ਕਿਸੇ ਵੀ ਕਾਰਵਾਈ ਤੋਂ ਬਚਣ, ਜਿਸ ਨਾਲ ਮਸਲੇ ਦਾ ਹੱਲ ਕੱਢਣ ਦੀਆਂ ਕੋਸ਼ਿਸ਼ਾਂ ਨੂੰ ਨੁਕਸਾਨ ਹੋਵੇ। ਇਸ ਮੀਟਿੰਗ ਤੋਂ ਬਾਅਦ ਬੰਦੀ ਸਿੰਘਾਂ ਦੀ ਰਿਹਾਈ ਅਤੇ ਪੈਰੋਲ ਨਾਲ ਜੁੜੇ ਮਾਮਲਿਆਂ ਵਿੱਚ ਪੰਜਾਬ ਸਰਕਾਰ ਦੀ ਅਗਲੀ ਕਾਰਵਾਈ ਅਹਿਮ ਹੋਵੇਗੀ। ਐਡਵੋਕੇਟ ਜਨਰਲ ਵੱਲੋਂ ਕਾਨੂੰਨੀ ਪੱਖ ਦੀ ਜਾਂਚ ਤੋਂ ਬਾਅਦ ਸਰਕਾਰ ਇਹ ਤੈਅ ਕਰ ਸਕਦੀ ਹੈ ਕਿ ਕਿਹੜੇ ਮਾਮਲੇ ਵਿੱਚ ਅੱਗੇ ਕਿਹੜਾ ਕਦਮ ਚੁੱਕਿਆ ਜਾਵੇ। ਜਗਤਾਰ ਸਿੰਘ ਹਵਾਰਾ ਦੀ ਪੈਰੋਲ ਬਾਰੇ ਕੇਂਦਰ ਸਰਕਾਰ ਦਾ ਫ਼ੈਸਲਾ ਵੀ ਮਹੱਤਵਪੂਰਨ ਰਹੇਗਾ। ਇਸੇ ਤਰ੍ਹਾਂ ਪਰਮਜੀਤ ਸਿੰਘ ਭਿਓਰਾ ਅਤੇ ਜਗਤਾਰ ਸਿੰਘ ਤਾਰਾ ਦੇ ਮਾਮਲੇ ਰਾਜਪਾਲ ਕੋਲ ਉਠਾਉਣ ਤੋਂ ਬਾਅਦ ਉਨ੍ਹਾਂ ਵਿੱਚ ਹੋਣ ਵਾਲੀ ਕਾਰਵਾਈ 'ਤੇ ਵੀ ਨਜ਼ਰ ਰਹੇਗੀ।

ਪਰਵਿੰਦਰ ਸਿੰਘ ਝੋਟਾ ਕਤਲ.....

ਨੇ ਸਿਆਸੀ ਆਗੂਆਂ ਅਤੇ ਆਮ ਲੋਕਾਂ ਵਿੱਚ ਚਿੰਤਾ ਪੈਦਾ ਕਰ ਦਿੱਤੀ ਹੈ ਅਤੇ ਸੂਬੇ ਦੀ ਸੁਰੱਖਿਆ ਵਿਵਸਥਾ 'ਤੇ ਸਵਾਲ ਉਠਾਏ ਜਾ ਰਹੇ ਹਨ। ਸਰਕਾਰ 'ਤੇ ਇਸ ਗੱਲ ਨੂੰ ਯਕੀਨੀ ਬਣਾਉਣ ਦਾ ਦਬਾਅ ਹੈ ਕਿ ਕਤਲ ਲਈ ਜ਼ਿੰਮੇਵਾਰ ਲੋਕਾਂ ਨੂੰ ਸਜ਼ਾ ਦਿਵਾਈ ਜਾਵੇ। ਜ਼ਿਲ੍ਹਾ-ਪੱਧਰੀ ਸਮੀਖਿਆ ਦੌਰਾਨ ਪੁਲਿਸ ਅਤੇ ਸਿਵਲ ਪ੍ਰਸ਼ਾਸਨ ਵਿਚਕਾਰ ਤਾਲਮੇਲ ਮੁੱਖ ਫੋਕਸ ਹੋਣ ਦੀ ਉਮੀਦ ਹੈ, ਜਿਸ ਦਾ ਮਕਸਦ ਕਾਨੂੰਨ ਲਾਗੂ ਕਰਨ ਦੀ ਪ੍ਰਕਿਰਿਆ ਨੂੰ ਮਜ਼ਬੂਤ ਕਰਨਾ ਅਤੇ ਅਪਰਾਧਿਕ ਗਤੀਵਿਧੀਆਂ ਨੂੰ ਰੋਕਣਾ ਹੈ। ਉੱਚ-ਪੱਧਰੀ ਮੀਟਿੰਗ ਬਾਰੇ ਹੋਰ ਵੇਰਵਿਆਂ ਦੀ ਉਡੀਕ ਕੀਤੀ ਜਾ ਰਹੀ ਹੈ।

ਪਰਵਿੰਦਰ ਸਿੰਘ ਝੋਟਾ ਦੇ.....

ਨਿਯਮਾਂ ਦੀ ਪਾਲਣਾ ਯਕੀਨੀ ਬਣਾਉਣਾ ਅਤੇ ਨਸ਼ੀਲੀਆਂ ਦਵਾਈਆਂ ਦੀ ਗ਼ੈਰਕਾਨੂੰਨੀ ਵਿਕਰੀ ਨੂੰ ਰੋਕਣਾ ਸਬੰਧਤ ਵਿਭਾਗਾਂ ਦੀ ਜ਼ਿੰਮੇਵਾਰੀ ਹੈ। ਜਾਖੜ ਨੇ ਸਰਕਾਰ ਤੋਂ ਪੁੱਛਿਆ ਕਿ ਜੇਕਰ ਮੈਡੀਕਲ ਨਸ਼ਿਆਂ ਦੀ ਸਮੱਸਿਆ ਵਧ ਰਹੀ ਹੈ, ਤਾਂ ਇਸ ਨੂੰ ਰੋਕਣ ਲਈ ਜ਼ਿੰਮੇਵਾਰ ਅਧਿਕਾਰੀਆਂ ਨੇ ਕੀ ਕਾਰਵਾਈ ਕੀਤੀ ਹੈ। ਉਨ੍ਹਾਂ ਨੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਕਿਹਾ ਕਿ ਪੰਜਾਬ ਦੇ ਲੋਕਾਂ ਪ੍ਰਤੀ ਜਵਾਬਦੇਹੀ ਸਰਕਾਰ ਦੀ ਹੀ ਬਣਦੀ ਹੈ। ਇਹ ਬਿਆਨ ਵਿਰੋਧੀ ਧਿਰ ਵੱਲੋਂ ਸਰਕਾਰ ਦੀ ਨਸ਼ਿਆਂ ਵਿਰੁੱਧ ਮੁਹਿੰਮ ਦੀ ਕਾਰਗੁਜ਼ਾਰੀ 'ਤੇ ਚੁੱਕੇ ਜਾ ਰਹੇ ਸਵਾਲਾਂ ਦਾ ਹਿੱਸਾ ਹਨ। ਇਨ੍ਹਾਂ ਦੋਸ਼ਾਂ ਬਾਰੇ ਸਰਕਾਰ ਅਤੇ ਸਬੰਧਤ ਵਿਭਾਗਾਂ ਦਾ ਪੱਖ ਵੀ ਮਹੱਤਵਪੂਰਨ ਹੋਵੇਗਾ। ਪਰਵਿੰਦਰ ਸਿੰਘ ਝੋਟਾ ਦੀ ਹੱਤਿਆ ਤੋਂ ਬਾਅਦ ਪੰਜਾਬ ਵਿੱਚ ਨਸ਼ਿਆਂ ਵਿਰੁੱਧ ਚੱਲ ਰਹੀਆਂ ਮੁਹਿੰਮਾਂ ਦੀ ਕਾਰਗੁਜ਼ਾਰੀ ਮੁੜ ਚਰਚਾ ਵਿੱਚ ਆ ਗਈ ਹੈ। ਇੱਕ ਪਾਸੇ ਸਰਕਾਰ ਵੱਲੋਂ ਨਸ਼ਿਆਂ ਨੂੰ ਰੋਕਣ ਲਈ ਕਾਰਵਾਈ ਕਰਨ ਦੇ ਦਾਅਵੇ ਕੀਤੇ ਜਾਂਦੇ ਹਨ, ਦੂਜੇ ਪਾਸੇ ਵਿਰੋਧੀ ਧਿਰ ਨਸ਼ਿਆਂ ਦੀ ਵਿਕਰੀ ਅਤੇ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲਿਆਂ ਦੀ ਸੁਰੱਖਿਆ ਨੂੰ ਲੈ ਕੇ ਸਵਾਲ ਕਰ ਰਹੀ ਹੈ। ਇਸ ਮਾਮਲੇ ਨੇ ਇਹ ਸਵਾਲ ਵੀ ਖੜ੍ਹਾ ਕੀਤਾ ਹੈ ਕਿ ਨਸ਼ਿਆਂ ਦੀ ਗ਼ੈਰਕਾਨੂੰਨੀ ਵਿਕਰੀ ਬਾਰੇ ਸ਼ਿਕਾਇਤਾਂ ਮਿਲਣ 'ਤੇ ਸਬੰਧਤ ਵਿਭਾਗ ਕਿੰਨੀ ਤੇਜ਼ੀ ਨਾਲ ਕਾਰਵਾਈ ਕਰਦੇ ਹਨ ਅਤੇ ਅਜਿਹੀਆਂ ਸ਼ਿਕਾਇਤਾਂ ਦੀ ਜਾਂਚ ਕਿਵੇਂ ਕੀਤੀ ਜਾਂਦੀ ਹੈ।

ਮਾਨਸਾ 'ਚ ਐਂਟੀ ਡਰੱਗ.....

ਮੌਕੇ 'ਤੇ ਪਹੁੰਚ ਗਏ। ਮਾਨਸਾ ਪੁਲਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਗੋਲੀਬਾਰੀ ਦੇ ਕਾਰਨਾਂ ਅਤੇ ਘਟਨਾ ਨਾਲ ਸਬੰਧਤ ਹੋਰ ਵੇਰਵਿਆਂ ਦੀ ਜਾਂਚ ਤੋਂ ਬਾਅਦ ਹੀ ਸਥਿਤੀ ਸਪੱਸ਼ਟ ਹੋ ਸਕੇਗੀ। ਪਰਵਿੰਦਰ ਸਿੰਘ ਝੋਟਾ ਮਾਨਸਾ ਵਿੱਚ ਲੰਬੇ ਸਮੇਂ ਤੋਂ ਨਸ਼ੇ ਦਾ ਵਿਰੋਧ ਕਰ ਰਹੇ ਸਨ। ਉਹ ਨਾ ਕੇਵਲ ਨਸ਼ਾ ਵੇਚਣ ਤੋਂ ਰੋਕਦੇ ਸਨ ਬਲਕਿ ਨਸ਼ਾ ਵੇਚਣ ਵਾਲਿਆਂ ਨੂੰ ਵੀ ਫੜਦੇ ਸਨ। ਇਸ ਨੂੰ ਲੈ ਕੇ ਕ

ਬਟਾਲਾ ਵਿਖੇ ਰਾਜ ਪੱਧਰੀ ਖੇਡ (ਵੁਸ਼ੂ) ਵਿੱਚ ਵੱਖ-ਵੱਖ ਵਰਗਾਂ ਦੇ ਖਿਡਾਰੀਆਂ ਵਿੱਚ ਹੋਏ ਦਿਲਚਸਪ ਮੁਕਾਬਲੇ

• ਖੇਡਾਂ ਵਤਨ ਪੰਜਾਬ ਦੀਆਂ ਸ਼ੀਜਨ-4

ਬਟਾਲਾ, 13 ਅਕਤੂਬਰ (ਸੰਜੀਵ ਨਈਅਰ) ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਉੱਤੇ ਖੇਡ ਵਿਭਾਗ ਵੱਲੋਂ ਸੂਬੇ ਵਿੱਚ ਖਿਡਾਰੀਆਂ ਦੀ ਹੁਨਰ ਦੀ ਸ਼ਨਾਖਤ, ਖੇਡਾਂ ਪੱਖੀ ਮਾਹੌਲ ਸਿਰਜਣ ਅਤੇ ਸਿਹਤ ਪ੍ਰਤੀ ਜਾਗਰੂਕਤਾ ਵਧਾਉਣ ਦੇ ਮੰਤਵ ਤਹਿਤ ਪੰਜਾਬ ਖੇਡਾਂ ਵਤਨ ਪੰਜਾਬ ਦੀਆਂ- 2026 (ਸੀਜ਼ਨ-4) ਰਾਜ ਪੱਧਰੀ ਖੇਡ (ਵੁਸ਼ੂ) ਜਿਸ ਵਿੱਚ ਅੰਡਰ 14,17, 21,21-30, 31-40, ਉਮਰ ਵਰਗ ਵਿੱਚ ਆਰ.ਡੀ.ਖੋਸਲਾ ਮਾਡਰ ਸੀਨੀਅਰ ਸੈਕੰਡਰੀ ਸਕੂਲ ਬਟਾਲਾ (ਜਿਲ੍ਹਾ ਗੁਰਦਾਸਪੁਰ) ਕਰਵਾਈਆਂ ਜਾ ਰਹੀਆਂ ਹਨ। ਜਿਸ ਵਿੱਚ ਲੜਕੀਆਂ ਦੇ ਟੂਰਨਾਮੈਂਟ ਦੌਰਾਨ ਜ਼ਿਲ੍ਹਾ ਗੁਰਦਾਸਪੁਰ ਵੱਲੋਂ ਉਵਰਆਲ ਪਹਿਲਾ ਸਥਾਨ ਪ੍ਰਾਪਤ ਕੀਤਾ।ਜ਼ਿਲ੍ਹਾ ਖੇਡ ਅਫਸਰ ਸਿਮਰਨਜੀਤ ਸਿੰਘ ਨੇ ਦੱਸਿਆ ਕਿ ਇਸ ਟੂਰਨਾਮੈਂਟ ਵਿੱਚਨਗਰ ਨਿਗਮ ਬਟਾਲਾ ਦੇ ਮੇਅਰ ਭੁਪਿੰਦਰ ਸਿੰਘ ਅਤੇ ਸ਼੍ਰੀਮਤੀ ਬਿੰਦੂ ਭੱਲਾ ਪ੍ਰਿੰਸੀਪਲ ਆਰ.ਡੀ.ਖੋਸਲਾ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਵੱਲੋ ਵੀ ਸ਼ਿਰਕਤ ਕੀਤੀ ਗਈ।ਜਿਲ੍ਹਾ ਖੇਡ ਅਫਸਰ ਸਿਮਰਨਜੀਤ ਸਿੰਘ ਨੇ ਦੱਸਿਆ ਕਿ ਅੰਡਰ-17 ਵਰਗ ਵਿੱਚ ਚੰਗਕੁਆਨ ਗੇਮ ਵਿੱਚ ਜ਼ਿਲ੍ਹਾ ਗੁਰਦਾਸਪੁਰ ਦੀ ਕੋਮਲਪ੍ਰੀਤ ਕੌਰ ਨੇ ਬਰੋਨਜ਼ ਮੈਡਲ, ਨਨਕੂਆਨ ਗੇਮ ਵਿੱਚ ਲਵਲੀ ਸਲਾਰੀਆਂ ਨੇ ਸਿਲਵਰ ਮੈਡਲ, ਤਾਈਜੀਕੁਆਨ ਗੇਮ ਵਿੱਚ ਕੋਮਲਪ੍ਰੀਤ ਕੌਰ ਨੇ ਗੋਲਡ ਮੈਡਲ, ਗੁਨਸੂ ਗੇਮ ਵਿੱਚ ਅਕਸ਼ਪ੍ਰੀਤ ਕੌਰ ਨੇ ਸਿਲਵਰ ਮੈਡਲ, ਕਿਆਂਗਸੂ ਗੇਮ ਵਿੱਚ ਤਕਗੀਰ ਕੌਰ ਨੇ ਸਿਲਵਰ ਮੈਡਲ, ਨਨਗੂਨ ਗੇਮ ਵਿੱਚ ਹਰਗੁਨਪ੍ਰੀਤ ਕੌਰ ਨੇ ਸਿਲਵਰ ਮੈਡਲ, ਦਾਊਸ਼ੂ ਗੇਮ ਵਿੱਚ ਖੁਸ਼ਪ੍ਰੀਤ ਕੌਰ ਨੇ ਸਿਲਵਰ ਮੈਡਲ, ਜਿਆਂਸ਼ੂ ਗੇਮ ਵਿੱਚ ਪਰਲਦੀਪ ਕੌਰ ਨੇ ਬਰੋਨਜ਼ ਮੈਡਲ, ਤਾਈਜੀਜਿਆਨ ਗੇਮ ਵਿੱਚ ਮਧੂ ਨੇ ਸਿਲਵਰ ਮੈਡਲ, ਨਨਦਾਊ ਗੇਮ ਵਿੱਚ ਸ਼ਾਕਸ਼ੀ ਕੁਮਾਰੀ ਨੇ ਬਰੋਨਜ਼ ਮੈਡਲ ਹਾਸਲ ਕੀਤਾ।ਇਸੇ ਤਰ੍ਹਾਂ ਅੰਡਰ-14 ਵਰਗ ਵਿੱਚ ਚੰਗਕੁਆਨ ਗੇਮ ਵਿੱਚ ਜ਼ਿਲ੍ਹਾ ਜੀਵਨ ਕੌਰ ਨੇ ਬਰੋਨਜ਼ ਮੈਡਲ, ਨਨਕੂਆਨ ਗੇਮ ਵਿੱਚ ਸੀਰਤ ਨੇ ਬਰੋਨਜ਼ ਮੈਡਲ, ਤਾਈਜੀਕੁਆਨ ਗੇਮ ਵਿੱਚ ਮਨਗੀਤ ਕੌਰ ਨੇ ਗੋਲਡ, ਨਨਗੂਨ ਗੇਮ ਵਿੱਚ ਰਮਨੀਕ ਕੌਰ ਨੇ ਗੋਲਡ ਮੈਡਲ, ਦਾਊਸ਼ੂ ਗੇਮ ਵਿੱਚ ਖੁਸ਼ਦੀਪ ਕੌਰ ਨੇ ਸਿਲਵਰ ਮੈਡਲ, ਜਿਆਂਸ਼ੂ ਗੇਮ ਵਿੱਚ ਨਿਮਰਤਦੀਪ ਕੌਰ ਨੇ ਗੋਲਡ ਮੈਡਲ, ਤਾਈਜੀਜਿਆਨ ਗੇਮ ਵਿੱਚ ਰਣਵਿੰਦਰਜੀਤ ਕੌਰ ਨੇ ਸਿਲਵਰ ਮੈਡਲ, ਨਨਦਾਊ ਗੇਮ ਵਿੱਚ ਮਹਿਕਪ੍ਰੀਤ ਕੌਰ ਨੇ ਬਰੋਨਜ਼ ਮੈਡਲ ਹਾਸਲ ਕੀਤਾ।ਇਸੇ ਤਰ੍ਹਾਂ ਅੰਡਰ-21 ਵਰਗ ਵਿੱਚ ਚੰਗਕੁਆਨ ਗੇਮ ਵਿੱਚ ਤਰਨੁਮ ਨੇ ਬਰੋਨਜ਼ ਮੈਡਲ, ਨਨਕੂਆਨ ਗੇਮ ਵਿੱਚ ਅਮਨਪ੍ਰੀਤ ਕੌਰ ਨੇ ਬਰੋਨਜ਼ ਮੈਡਲ, ਤਾਈਜੀਕੁਆਨ ਗੇਮ ਵਿੱਚ ਖੁਸ਼ਪ੍ਰੀਤ ਕੌਰ ਨੇ ਗੋਲਡ, ਗੁਨਸੂ ਗੇਮ ਵਿੱਚ ਅਪਸਾਰਜੀਤ ਕੌਰ ਨੇ ਗੋਲਡ ਮੈਡਲ, ਕਿਆਂਗਸੂ ਗੇਮ ਵਿੱਚ ਜਸਪ੍ਰੀਤ ਕੌਰ ਨੇ ਬਰੋਨਜ਼ ਮੈਡਲ, ਨਨਗੂਨ ਗੇਮ ਵਿੱਚ ਸੁਹਾਨੀ ਨੇ ਗੋਲਡ ਮੈਡਲ, ਦਾਊਸ਼ੂ ਗੇਮ ਵਿੱਚ ਗੁਰਨਿਆਮਤ ਕੌਰ ਨੇ ਸਿਲਵਰ ਮੈਡਲ, ਨਨਦਾਊ ਗੇਮ ਵਿੱਚ ਕੋਨਿਸ਼ਾ ਚੋਪੜਾ ਨੇ ਬਰੋਨਜ਼ ਮੈਡਲ ਹਾਸਲ ਕੀਤਾ।ਇਸੇ ਤਰ੍ਹਾਂ ਅੰਡਰ-21 ਤੋਂ 30 ਵਰਗ ਚੰਗਕੁਆਨ ਗੇਮ ਵਿੱਚ ਪੂਜਾ ਨੇ ਗੋਲਡ ਮੈਡਲ, ਨਨਕੂਆਨ ਗੇਮ ਵਿ4ਚ ਲਵਲੀਨ ਕੌਰ ਨੇ ਗੋਲਡ ਮੈਡਲ, ਤਾਈਜੀਕੁਆਨ ਗੇਮ ਵਿੱਚ ਅਨਮੋਲਪ੍ਰਤੀ ਕੌਰ ਨੇ ਬਰੋਨਜ਼ ਮੈਡਲ, ਗੁਨਸੂ ਗੇਮ ਵਿੱਚ ਦਿਆ ਨੇ ਸਿਲਵਰ ਮੈਡਲ, ਕਿਆਂਗਸੂ ਗੇਮ ਵਿੱਚ ਪਾਲਿਨਾ ਨੇ ਸਿਲਵਰ ਮੈਡਲ, ਨਨਗੂਨ ਗੇਮ ਵਿੱਚ ਪਲਕਪ੍ਰੀਤ ਕੌਰ ਬਰੋਨਜ਼ ਮੈਡਲ, ਦਾਊਸ਼ੂ ਗੇਮ ਵਿੱਚ ਮੁਸਕਾਨ ਨੇ ਗੋਲਡ ਮੈਡਲ ਹਾਸਲ ਕੀਤਾ ਇਸੇ ਤਰ੍ਹਾਂ ਅੰਡਰ 31 ਤੋਂ 40 ਵਰਗ ਵਿੱਚ ਚੰਗਕੁਆਨ ਗੇਮ ਵਿੱਚ ਬਲਬੀਰ ਕੌਰ ਨੇ ਗੋਲਡ ਮੈਡਲ, ਨਨਕੂਆਨ ਗੇਮ ਵਿੱਚ ਗੁਰਪ੍ਰੀਤ ਕੌਰ ਨੇ ਗੋਲਡ ਮੈਡਲ, ਤਾਈਜੀਕੁਆਨ ਗੇਮ ਵਿੱਚ ਪ੍ਰਭਜੀਤ ਕੌਰ ਨੇ ਬਰੋਨਜ਼ ਮੈਡਲ, ਗੁਨਸੂ ਗੇਮ ਵਿੱਚ ਚਰਨਜੀਤ ਕੌਰ ਨੇ ਗੋਲਡ ਮੈਡਲ, ਕਿਆਂਗਸੂ ਗੇਮ ਵਿੱਚ ਸੋਨੀਆਂ ਨੇ ਗੋਲਡ ਮੈਡਲ, ਨਨਗੂਨ ਗੇਮ ਵਿੱਚ ਬਲਜਿੰਦਰ ਕੌਰ ਨੇ ਬਰੋਨਜ਼ ਮੈਡਲ, ਦਾਊਸ਼ੂ ਗੇਮ ਵਿੱਚ ਕਿਰਨਦੀਪ ਕੌਰ ਨੇ ਬਰੋਨਜ਼ ਮੈਡਲ, ਜਿਆਂਸ ਗੇਮ ਵਿੱਚ ਪਿਅੰਕਾ ਨੇ ਗੋਲਡ ਮੈਡਲ, ਤਾਈਜੀਜਿਆਨ ਗੇਮ ਵਿੱਚ ਅਲਕਾ ਨੇ ਗੋਲਡ ਮੈਡਲ ਹਾਸਲ ਕੀਤਾ।

ਬੀ.ਆਰ.ਸੀ. ਕਾਨਵੈਂਟ ਸਕੂਲ ਦੇ ਖਿਡਾਰੀਆਂ ਨੇ ਜ਼ਿਲ੍ਹਾ ਪੱਧਰੀ ਖੇਡਾਂ ਵਿੱਚ ਗੱਡੇ ਜਿੱਤ ਦੇ ਝੰਡੇ

ਭਗਤਾ ਭਾਈ 13 ਅਕਤੂਬਰ (ਸਿਕੰਦਰ ਸਿੰਘ ਕੋਇਰ ਸਿੰਘ ਵਾਲਾ)- ਬੀ.ਆਰ.ਸੀ. ਕਾਨਵੈਂਟ ਸਕੂਲ, ਸਮਾਧ ਭਾਈ ਦੇ ਖਿਡਾਰੀਆਂ ਨੇ ਜ਼ਿਲ੍ਹਾ ਪੱਧਰੀ ਖੇਡ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ, ਮਾਪਿਆਂ ਅਤੇ ਇਲਾਕੇ ਦਾ ਮਾਣ ਵਧਾਇਆ ਹੈ। 'ਖੇਡਾਂ ਵਤਨ ਪੰਜਾਬ ਦੀਆਂ' ਦੇ ਕੁਸ਼ਤੀ ਮੁਕਾਬਲਿਆਂ ਅਤੇ ਜ਼ਿਲ੍ਹਾ ਪੱਧਰੀ ਹੈਂਡਬਾਲ ਟੂਰਨਾਮੈਂਟ ਵਿੱਚ ਵਿਦਿਆਰਥੀਆਂ ਨੇ ਆਪਣੀ ਖੇਡ ਪ੍ਰਤਿਭਾ, ਅਣਥੱਕ ਮਿਹਨਤ ਅਤੇ ਦ੍ਰਿੜ੍ਹ ਇਰਾਦੇ ਦਾ ਲੋਹਾ ਮਨਵਾਇਆ।

ਗੁਰਫਤਹਵੀਰ ਸਿੰਘ ਨੇ ਅੰਡਰ-11 ਫ੍ਰੀ ਸਟਾਈਲ ਕੁਸ਼ਤੀ ਵਿੱਚ ਤੀਜਾ ਸਥਾਨ ਪ੍ਰਾਪਤ ਕਰਕੇ ਆਪਣੀ ਖੇਡ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਬਲੂਮਿੰਗ ਬਡਜ਼ ਸਕੂਲ, ਮੋਗਾ ਵਿਖੇ ਆਯੋਜਿਤ ਜ਼ਿਲ੍ਹਾ ਪੱਧਰੀ ਹੈਂਡਬਾਲ ਮੁਕਾਬਲਿਆਂ ਵਿੱਚ ਵੀ ਬੀ.ਆਰ.ਸੀ. ਕਾਨਵੈਂਟ ਸਕੂਲ ਦੀਆਂ ਟੀਮਾਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਅੰਡਰ-17 ਅਤੇ ਅੰਡਰ-21 ਵਰਗਾਂ ਦੀਆਂ ਦੋਵੇਂ ਟੀਮਾਂ ਨੇ ਤੀਜਾ ਸਥਾਨ ਹਾਸਲ ਕਰਕੇ ਸਕੂਲ ਦੀਆਂ ਖੇਡ ਪ੍ਰਾਪਤੀਆਂ ਵਿੱਚ ਇੱਕ ਹੋਰ ਮਾਣਮੱਤਾ ਅਧਿਆਇ ਜੋੜਿਆ।ਖਿਡਾਰੀਆਂ ਦੀਆਂ ਇਨ੍ਹਾਂ ਸ਼ਾਨਦਾਰ ਪ੍ਰਾਪਤੀਆਂ 'ਤੇ ਸਕੂਲ ਦੇ ਚੇਅਰਮੈਨ ਲਾਭ ਸਿੰਘ ਖੋਖਰ, ਮੈਨੇਜਿੰਗ ਡਾਇਰੈਕਟਰ ਜਗਜੀਤ ਸਿੰਘ ਖੋਖਰ ਅਤੇ ਪ੍ਰਿੰਸੀਪਲ ਸ ਕਿਰਨਾ ਰਾਣੀ ਨੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਜੇਤੂ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਕੋਚ ਸਾਹਿਬਾਨ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਇਹ ਸਫ਼ਲਤਾ ਖਿਡਾਰੀਆਂ ਦੀ ਲਗਨ, ਅਨੁਸ਼ਾਸਨ, ਸਖ਼ਤ ਮਿਹਨਤ ਅਤੇ ਕੋਚ ਸਹਿਬਾਨਾਂ ਦੀ ਯੋਗ ਅਗਵਾਈ ਦਾ ਨਤੀਜਾ ਹੈ। ਉਹਨਾਂ ਕੋਚ ਗੁਰਸੇਵਕ ਸਿੰਘ, ਗੁਰਜੀਤ ਸਿੰਘ, ਜਸਦੀਪ ਸਿੰਘ ਅਤੇ ਮਹਾਂਵੀਰ ਨੂੰ ਵੀ ਬਹੁਤ-ਬਹੁਤ ਵਧਾਈ ਦਿੱਤੀ।ਉਨ੍ਹਾਂ ਕਿਹਾ ਕਿ ਸਕੂਲ ਦਾ ਉਦੇਸ਼ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਦੇ ਖੇਤਰ ਵਿੱਚ ਵੀ ਅੱਗੇ ਵਧਣ ਦੇ ਮੌਕੇ ਪ੍ਰਦਾਨ ਕਰਨਾ ਹੈ, ਤਾਂ ਜੋ ਉਹ ਜ਼ਿਲ੍ਹਾ, ਸੂਬਾ ਅਤੇ ਕੌਮੀ ਪੱਧਰ 'ਤੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਮ ਰੌਸ਼ਨ ਕਰ ਸਕਣ। ਉਨ੍ਹਾਂ ਨੇ ਆਸ ਪ੍ਰਗਟਾਈ ਕਿ ਵਿਦਿਆਰਥੀ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਮਿਹਨਤ ਅਤੇ ਲਗਨ ਨਾਲ ਨਵੀਆਂ ਮੱਲਾਂ ਮਾਰਦੇ ਰਹਿਣਗੇ।

ਸ਼੍ਰੋਮਣੀ ਅਕਾਲੀ ਦਲ ਦੀ ਆਗੂ ਬੀਬਾ ਹਰਸਿਮਰਤ ਕੌਰ ਬਾਦਲ ਨੇ ਹਲਕਾ ਗਿੱਲ ਦੇ ਡੇਹਲੋਂ ਵਿਖੇ 'ਮਾਵਾਂ-ਧੀਆਂ ਦੀ ਲਲਕਾਰ, ਬੰਦ ਕਰਾਂਗੇ ਨਸ਼ੇ ਦਾ ਵਪਾਰ' ਤਹਿਤ ਕੀਤਾ ਵੱਡਾ ਇਕੱਠ

ਅਹਿਮਦਗੜ੍ਹ/ਡੇਹਲੋਂ, 13 ਅਕਤੂਬਰ (ਕਮਲ ਅਰੋੜਾ) ਸ਼੍ਰੋਮਣੀ ਅਕਾਲੀ ਦਲ ਦੀ ਸੀਨੀਅਰ ਆਗੂ ਅਤੇ ਮੈਂਬਰ ਪਾਰਲੀਮੈਂਟ ਬੀਬਾ ਹਰਸਿਮਰਤ ਕੌਰ ਬਾਦਲ ਵੱਲੋਂ ਹਲਕਾ ਗਿੱਲ ਦੇ ਡੇਹਲੋਂ ਵਿਖੇ ਇੱਕ ਭਰਵਾਂ ਇਕੱਠ ਕੀਤਾ ਗਿਆ। ਇਸ ਦੌਰਾਨ ਉਨ੍ਹਾਂ ਪੰਜਾਬ ਦੀ ਮੌਜੂਦਾ ਆਪ (AAP) ਸਰਕਾਰ ਅਤੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਹਰ ਮੋਰਚੇ @ਤੇ ਨਾਕਾਮਦਾਰ ਕਰਦਿਆਂ ਤਿੱਖੇ ਸਿਆਸੀ ਹੱਲੇ ਬੋਲੇ।

ਭਗਵੰਤ ਮਾਨ ਸਰਕਾਰ ਦੀ ਕਾਰਜਸ਼ੈਲੀ 'ਤੇ ਸਵਾਲ

ਬੀਬਾ ਹਰਸਿਮਰਤ ਕੌਰ ਬਾਦਲ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਕਠਪੁਤਲੀ ਕਰਾਰ ਦਿੰਦਿਆਂ ਆਖਿਆ ਕਿ ਸੂਬੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਪੂਰੀ ਤਰ੍ਹਾਂ ਵਿਗੜ ਚੁੱਕੀ ਹੈ। ਉਨ੍ਹਾਂ ਪਰਮਿੰਦਰ ਸਿੰਘ ਝੋਟੇ ਦੇ ਗੋਲੀ ਕਾਂਡ ਅਤੇ ਇਸ ਦੌਰਾਨ ਚਾਰ ਸਾਥੀਆਂ ਦੇ ਜ਼ਖ਼ਮੀ ਹੋਣ ਦੀ ਘਟਨਾ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ। ਉਨ੍ਹਾਂ ਕਿਹਾ ਕਿ ਸਰਕਾਰ ਦੇ ਕਾਰਜਕਾਲ ਦੌਰਾਨ ਗੁਰੂ ਸਾਹਿਬਾਨਾਂ ਦੀ ਬੇਅਦਬੀ ਦੀਆਂ ਘਟਨਾਵਾਂ ਵਾਪਰੀਆਂ ਹਨ ਅਤੇ ਅਕਾਲ ਤਖ਼ਤ ਸਾਹਿਬ ਵੱਲੋਂ ਵੀ ਇਸ ਸਰਕਾਰ ਨੂੰ ਗੁਰੂ ਦੋਖੀ ਕਰਾਰ ਦਿੱਤਾ ਗਿਆ ਹੈ।

ਬੀਬਾ ਬਾਦਲ ਨੇ ਕਿਹਾ ਕਿ ਪੰਜਾਬ ਵਿੱਚ ਚਿੱਟੇ (ਨਸ਼ੇ) ਕਾਰਨ ਰੋਜ਼ਾਨਾ ਨੌਜਵਾਨਾਂ ਦੀਆਂ ਮੌਤਾਂ ਹੋ ਰਹੀਆਂ ਹਨ। ਸੂਬੇ ਵਿੱਚ ਲੁੱਟ-ਖੋਹ, ਕਤਲ, ਫਿਰੌਤੀਆਂ ਅਤੇ ਗੋਲੀਬਾਰੀ ਦੀਆਂ ਘਟਨਾਵਾਂ ਲਗਾਤਾਰ ਵਧ ਰਹੀਆਂ ਹਨ, ਜਿਸ ਕਾਰਨ ਪੰਜਾਬ ਅਪਰਾਧ ਦੇ ਮਾਮਲਿਆਂ ਵਿੱਚ ਦੇਸ਼ ਭਰ ਵਿੱਚੋਂ ਦੂਜੇ ਨੰਬਰ @ਤੇ ਆ ਰਿਹਾ ਹੈ। ਉਨ੍ਹਾਂ ਗੰਭੀਰ ਦੋਸ਼ ਲਾਉਂਦਿਆਂ ਕਿਹਾ ਕਿ ਪੂਰੇ ਪੰਜਾਬ ਵਿੱਚ 70 ਤੋਂ ਵੱਧ ਗੈਂਗ ਰੇਪ ਦੀਆਂ ਘਟਨਾਵਾਂ ਸਾਹਮਣੇ ਆ ਚੁੱਕੀਆਂ ਹਨ ਅਤੇ ਐਸ.ਸੀ. (SC) ਭਾਈਚਾਰੇ ਲਈ ਪ੍ਰਕਾਸ਼ ਸਿੰਘ ਬਾਦਲ ਦੇ ਸਮੇਂ ਸ਼ੁਰੂ ਕੀਤੀਆਂ ਗਈਆਂ ਭਲਾਈ ਸਕੀਮਾਂ ਨੂੰ ਮੌਜੂਦਾ ਸਰਕਾਰ ਨੇ ਬੰਦ ਕਰ ਦਿੱਤਾ ਹੈ।

ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੀ ਸਮੁੱਚੀ ਲੀਡਰਸ਼ਿਪ ਅਤੇ ਭਾਰੀ ਗਿਣਤੀ ਵਿੱਚ ਇਲਾਕੇ ਦੇ ਪਤਵੰਤੇ ਸੱਜਣ ਹਾਜ਼ਰ ਸਨ। ਮੁੱਖ ਤੌਰ @ਤੇ ਹਲਕਾ ਗਿੱਲ ਦੇ ਇੰਚਾਰਜ ਹਰਪ੍ਰੀਤ ਸਿੰਘ ਸਿੰਮਕ, ਮਿਲਨ ਪੈਲਸ ਡੇਹਲੋਂ ਦੇ ਮਾਲਕ ਦੀਪਾ ਬਾਈ, ਚੇਅਰਮੈਨ ਪਰਮਿੰਦਰ ਸਿੰਘ ਰੰਗੀਆਂ, ਬੰਬੀ ਬਾਈ ਕਿਲਾ ਰਾਏਪੁਰ, ਗੁਰੀ ਸਰਪੰਚ ਕੈਂਡ, ਸਾਬਕਾ ਸਰਪੰਚ ਗੁਰਜੀਤ ਲਹਿਰਾ, ਕੇਸਰ ਸਿੰਘ ਸੰਕਰ, ਐਡਵੋਕੇਟ ਪ੍ਰੇਮ ਸਿੰਘ ਹਰਨਾਮਪੁਰਾ, ਸੰਤੋਖ ਸਿੰਘ ਕਾਲਖ, ਚੇਅਰਮੈਨ ਹਰਬੰਸ ਸਿੰਘ ਗੋਪਾਲਪੁਰ, ਪ੍ਰਭਜੋਤ ਸਿੰਘ ਧਾਲੀਵਾਲ ਆਲਮਗੀਰ, ਪਰਮਿੰਦਰ ਸਿੰਘ ਫੱਲੇਵਾਲ, ਅਤੇ ਗੁਰਿਦਰਜੀਤ ਸਿੰਘ ਰੋਮੀ ਮੌਜੂਦ ਸਨ।

ਇਸਤਰੀ ਵਿੰਗ ਵੱਲੋਂ ਪ੍ਰਧਾਨ ਬੀਬਾ ਗੁਰਦੀਪ ਕੌਰ, ਬੀਬਾ ਕਿਰਨਦੀਪ ਕੌਰ ਕਾਦੀਆਂ ਅਤੇ ਬੀਬਾ ਰਸ਼ਵਿੰਦਰ ਕੌਰ ਧਰੋੜਾ ਸਮੇਤ ਹਲਕਾ ਗਿੱਲ ਦੇ ਸਮੂਹ ਪਿੰਡਾਂ ਤੋਂ ਵੱਡੀ ਗਿਣਤੀ ਵਿੱਚ ਮਾਵਾਂ, ਭੈਣਾਂ ਅਤੇ ਨੌਜਵਾਨ ਸ਼ਾਮਲ ਹੋਏ।

ਜ਼ਿਲ੍ਹਾ ਪੱਧਰੀ ਅਥਲੈਟਿਕ ਮੀਟ 'ਚ ਸ਼ਾਨਦਾਰ ਮੁਕਾਬਲੇ

200 ਮੀਟਰ ਦੌੜ 'ਚ ਨਿਮਰਤ ਕੌਰ ਹਮੀਦੀ ਤੇ ਖੁਸ਼ਪ੍ਰੀਤ ਸਿੰਘ ਪੱਖੋ ਕਲਾਂ ਮੋਹਰੀ

ਬਰਨਾਲਾ/ਭਦੌੜ 13 ਅਕਤੂਬਰ(ਅਵਤਾਰ ਸਿੰਘ ਫਰਵਾਹੀ) ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿੱ.) ਸੁਨੀਤਇੰਦਰ ਸਿੰਘ ਗਿੱਲ ਦੀ ਅਗਵਾਈ ਹੇਠ ਇੱਥੇ ਪਬਲਿਕ ਸਟੇਡੀਅਮ ਵਿੱਚ ਚੱਲ ਰਹੀ 70ਵੀ ਪੰਜਾਬ ਰਾਜ ਜ਼ਿਲ੍ਹਾ ਪੱਧਰੀ 3 ਰੋਜ਼ਾ ਅਥਲੈਟਿਕ ਮੀਟ ਦੇ ਦੂਜੇ ਦਿਨ ਵੱਖ-ਵੱਖ ਇਵੈਂਟਾਂ ਵਿੱਚ ਸ਼ਾਨਦਾਰ ਮੁਕਾਬਲੇ ਵੇਖਣ ਨੂੰ ਮਿਲੇ। ਖਿਡਾਰੀਆਂ ਦੀ ਹੌਸਲਾ ਅਫਜ਼ਾਈ ਕਰਨ ਲਈ ਨਗਰ ਕੌਂਸਲ ਭਦੌੜ ਦੇ ਸਾਬਕਾ ਪ੍ਰਧਾਨ ਜਗਸੀਰ ਕੁਮਾਰ, ਰਾਜੂ ਜੈਨ ਤੇ ਰਾਜਦੀਪ ਸਿੰਘ ਨੇ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ।ਅੱਜ ਦੂਸਰੇ ਦਿਨ ਕਰਵਾਏ ਗਏ ਵੱਖ-ਵੱਖ ਮੁਕਾਬਲਿਆਂ ਵਿੱਚੋਂ ਅੰਡਰ 14 ਸਾਲ (ਲੜਕੀਆਂ) ਦੇ 200 ਮੀਟਰ ਦੌੜ ਵਿੱਚ ਨਿਮਰਤ ਕੌਰ ਸਸਸਸ ਹਮੀਦੀ, ਰੁਪਿੰਦਰ ਕੌਰ ਐਸਜੀਐਨ ਦਿਵਾਨਾ ਤੇ ਸੁਖਮਨ ਕੌਰ ਸਸਸਸ (ਕੰ) ਤਪਾ, 200 ਮੀਟਰ ਲੜਕਿਆਂ ਵਿੱਚ ਗੁਰਪਾਲ ਸਿੰਘ ਜੀਐਸ ਸਕੂਲ ਧੌਲਾ,ਮਨਜੋਤ ਸਿੰਘ ਬਰਾਡਵੇਅ ਸਕੂਲ ਮਨਾਲ ਤੇ ਏਕਮ ਸਿੰਘ ਸੰਤ ਲੌਂਗਪੁਰੀ ਬ੍ਰਿਲੀਐਂਟ ਸਕੂਲ ਪੱਖੋ ਕਲਾਂ, ਅੰਡਰ 17 (ਲੜਕੀਆਂ) ਦੇ 200 ਮੀਟਰ ਦੌੜ ਵਿੱਚ ਸਿਮਰਨਜੀਤ ਕੌਰ ਸਸਸਸ (ਕੰ) ਤਪਾ, ਬਲਪ੍ਰੀਤ ਕੌਰ ਅਕਾਲ ਅਕੈਡਮੀ ਭਦੌੜ ਤੇ ਗਗਨਦੀਪ ਕੌਰ ਸਸਸਸ ਹਮੀਦੀ, 200 ਮੀਟਰ (ਲੜਕਿਆਂ) ਵਿੱਚ ਖੁਸ਼ ?ਪ੍ਰੀਤ ਸਿੰਘ ਸਸਸਸ ਪੱਖੋ ਕਲਾਂ, ਪ੍ਰਭਵੀਰ ਸਿੰਘ ਸਸਸਸ ਪੱਖੋਕਲਾਂ ਤੇ ਸਤਨਾਮ ਸਿੰਘ ਸਹਸ ਠੁੱਲ੍ਹੀਵਾਲ, ਅੰਡਰ 19 ਸਾਲ (ਲੜਕੀਆਂ) ਦੇ 200 ਮੀਟਰ ਦੌੜ ਵਿੱਚ ਅਮਨਜੋਤ ਕੌਰ ਸਸਸਸ ਭਦੌੜ, ਪਵਨਪ੍ਰੀਤ ਕੌਰ ਸਸਸਸ ਹਮੀਦੀ ਤੇ ਕਿਰਨਵੀਰ ਕੌਰ ਸਸਸਸ ਸੇਖਾ ਨੇ ਕ੍ਰਮਵਾਰ ਪਹਿਲਾ, ਦੂਜਾ ਤੇ ਤੀਜਾ ਸਥਾਨ ਹਾਸਲ ਕੀਤਾ ਹੈ। ਇਸ ਮੌਕੇ ਹਰਜਿੰਦਰ ਸਿੰਘ, ਜਸਪ੍ਰੀਤ ਸਿੰਘ, ਹਰਪ੍ਰੀਤ ਸਿੰਘ, ਮਨਜੀਤ ਸਿੰਘ, ਹਰਦੇਵ ਸਿੰਘ, ਅਮਰਜੀਤ ਸਿੰਘ, ਹਰਪਾਲ ਸਿੰਘ, ਜਸਪਿੰਦਰ ਕੌਰ, ਨਿਰਮਲ ਸਿੰਘ, ਪਰਵਿੰਦਰ ਕੌਰ, ਦਵਿੰਦਰ ਸਿੰਘ, ਸੁਰਜੀਤ ਸਿੰਘ, ਸੁਖਰਾਜ ਕੌਰ, ਹਰਭਜਨ ਸਿੰਘ, ਪਰਮਜੀਤ ਕੌਰ, ਸੁਖਦੀਪ ਸਿੰਘ, ਜਗਜੀਤ ਕੌਰ, ਅਮਨਦੀਪ ਕੌਰ, ਸਵਿਤਾ ਰਾਣੀ, ਤੀਸਤਿੰਦਰ ਕੌਰ, ਗੁਰਦੀਪ ਸਿੰਘ, ਅਰਚਨਾ ਕਮਲਦੀਪ ਸ਼ਰਮਾ

ਪ੍ਰਿੰਸੀਪਲ ਸੁਖਵੰਤ ਕੌਰ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਧੁੱਪਸੜੀ ਵਿਖੇ ਸੰਭਾਲਿਆ ਅਹੁਦਾ, ਸਟਾਫ਼ ਵੱਲੋਂ ਨਿੱਘਾ ਸਵਾਗਤ

ਬਟਾਲਾ, 13 ਅਕਤੂਬਰ (ਸੰਜੀਵ ਨਈਅਰ) ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਧੁੱਪਸੜੀ, ਜ਼ਿਲ੍ਹਾ ਗੁਰਦਾਸਪੁਰ ਵਿਖੇ ਬਦਲੀ ਉਪਰੰਤ ਪਹੁੰਚੀ ਸ਼੍ਰੀਮਤੀ ਸੁਖਵੰਤ ਕੌਰ ਨੇ ਸਕੂਲ ਦੇ ਪ੍ਰਿੰਸੀਪਲ ਵਜੋਂ ਆਪਣਾ ਅਹੁਦਾ ਸੰਭਾਲ ਲਿਆ। ਇਸ ਤੋਂ ਪਹਿਲਾਂ ਉਹ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੇਖਵਾਂ ਵਿਖੇ ਆਪਣੀਆਂ ਸੇਵਾਵਾਂ ਨਿਭਾਅ ਰਹੇ ਸਨ। ਸਕੂਲ ਵਿਖੇ ਪਹੁੰਚਣ 'ਤੇ ਸਮੂਹ ਅਧਿਆਪਕਾਂ ਅਤੇ ਵਿਦਿਆਰਥੀਆਂ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ ਅਤੇ ਨਵੀਂ ਜ਼ਿੰਮੇਵਾਰੀ ਲਈ ਸ਼ੁਭਕਾਮਨਾਵਾਂ ਭੇਟ ਕੀਤੀਆਂ ਗਈਆਂ। ਇਸ ਮੌਕੇ ਕਰਵਾਏ ਗਏ ਵਿਸ਼ੇਸ਼ ਸਵਾਗਤੀ ਸਮਾਗਮ ਦੌਰਾਨ ਵੱਖ-ਵੱਖ ਸਕੂਲਾਂ ਦੇ ਪ੍ਰਿੰਸੀਪਲਾਂ, ਲੈਕਚਰਾਰਾਂ ਅਤੇ ਅਧਿਆਪਕ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਸ਼ਿਰਕਤ ਕਰਦਿਆਂ ਸ਼੍ਰੀਮਤੀ ਸੁਖਵੰਤ ਕੌਰ ਨੂੰ ਨਵੀਂ ਜ਼ਿੰਮੇਵਾਰੀ ਸੰਭਾਲਣ 'ਤੇ ਵਧਾਈ ਦਿੱਤੀ। ਸਮਾਗਮ ਦਾ ਮੰਚ ਸੰਚਾਲਨ ਅੰਗਰੇਜ਼ੀ ਦੇ ਲੈਕਚਰਾਰ ਪਵਨ ਕੁਮਾਰ ਨੇ ਬਾਖੂਬੀ ਕੀਤਾ। ਸਮਾਗਮ ਦੌਰਾਨ ਪ੍ਰਿੰਸੀਪਲ ਪਰਮਜੀਤ ਕੌਰ, ਪ੍ਰਿੰਸੀਪਲ ਰਾਮ ਲਾਲ, ਪ੍ਰਿੰਸੀਪਲ ਰਵਿੰਦਰਪਾਲ ਸਿੰਘ, ਪ੍ਰਿੰਸੀਪਲ ਲਖਵਿੰਦਰ ਸਿੰਘ ਹਰਚੋਵਾਲ, ਪ੍ਰਿੰਸੀਪਲ ਕੰਵਲਜੀਤ ਕੌਰ ਸਕੂਲ ਡੱਲਾ, ਪ੍ਰਿੰਸੀਪਲ ਜਤਿੰਦਰ ਮਹਾਜਨ, ਲੈਕਚਰਾਰ ਰਾਜਿੰਦਰ ਸਿੰਘ, ਲੈਕਚਰਾਰ ਬਲਰਾਜ ਸਿੰਘ ਬਾਜਵਾ, ਲੈਕਚਰਾਰ ਮਨਜੋਤਪਾਲ ਕੌਰ, ਲੈਕਚਰਾਰ ਪਵਨ ਕੁਮਾਰ, ਲੈਕਚਰਾਰ ਜਤਿੰਦਰ ਸਿੰਘ, ਡੀ.ਟੀ.ਐੱਫ. ਦੇ ਪ੍ਰਧਾਨ ਹਰਜਿੰਦਰ ਸਿੰਘ, ਪ੍ਰਧਾਨ ਤਰਸੇਮ ਪਾਲ, ਪ੍ਰਧਾਨ ਮਨਪ੍ਰੀਤ ਸਿੰਘ, ਲੈਕਚਰਾਰ ਰਾਜਵਿੰਦਰ ਸਿੰਘ, ਲੈਕਚਰਾਰ ਕੰਸ ਰਾਜ, ਤੇਜਿੰਦਰ ਸਿੰਘ ਚੀਮਾ, ਲੈਕਚਰਾਰ ਵਰਿੰਦਰ ਸਿੰਘ, ਨਵਦੀਪ ਸਿੰਘ ਅਤੇ ਲੈਕਚਰਾਰ ਸੁਖਦੇਵ ਸਿੰਘ ਸਮੇਤ ਹੋਰ ਸ਼ਖ਼ਸੀਅਤਾਂ ਨੇ ਮੰਚ ਤੋਂ ਆਪਣੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਨੇ ਸ਼੍ਰੀਮਤੀ ਸੁਖਵੰਤ ਕੌਰ ਦੀ ਨਵੀਂ ਪਾਰੀ ਲਈ ਸ਼ੁਭਕਾਮਨਾਵਾਂ ਦਿੰਦਿਆਂ ਆਸ ਪ੍ਰਗਟਾਈ ਕਿ ਉਨ੍ਹਾਂ ਦੀ ਅਗਵਾਈ ਹੇਠ ਸਕੂਲ ਸਿੱਖਿਆ ਦੇ ਖੇਤਰ ਵਿੱਚ ਹੋਰ ਤਰੱਕੀ ਕਰੇਗਾ। ਇਸ ਮੌਕੇ ਨਵ-ਨਿਯੁਕਤ ਪ੍ਰਿੰਸੀਪਲ ਸ਼੍ਰੀਮਤੀ ਸੁਖਵੰਤ ਕੌਰ ਨੇ ਸਮੂਹ ਸਟਾਫ਼ ਅਤੇ ਹਾਜ਼ਰ ਸ਼ਖ਼ਸੀਅਤਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਆਪਣੀ ਜ਼ਿੰਮੇਵਾਰੀ ਪੂਰੀ ਤਨਦੇਹੀ, ਲਗਨ ਅਤੇ ਇਮਾਨਦਾਰੀ ਨਾਲ ਨਿਭਾਉਣਗੇ। ਉਨ੍ਹਾਂ ਨੇ ਭਰੋਸਾ ਦਿਵਾਇਆ ਕਿ ਸਕੂਲ ਵਿੱਚ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਨ, ਅਨੁਸ਼ਾਸਨ ਨੂੰ ਮਜ਼ਬੂਤ ਬਣਾਉਣ ਅਤੇ ਸਹਿ-ਵਿੱਦਿਅਕ ਗਤੀਵਿਧੀਆਂ ਨੂੰ ਉਤਸ਼ਾਹਿਤ ਕਰਨ ਲਈ ਵਿਸ਼ੇਸ਼ ਯਤਨ ਕੀਤੇ ਜਾਣਗੇ, ਤਾਂ ਜੋ ਸਕੂਲ ਨੂੰ ਸਿੱਖਿਆ ਦੇ ਨਾਲ-ਨਾਲ ਹੋਰਨਾਂ ਖੇਤਰਾਂ ਵਿੱਚ ਵੀ ਨਵੀਆਂ ਬੁਲੰਦੀਆਂ ਤੱਕ ਪਹੁੰਚਾਇਆ ਜਾ ਸਕੇ। ਸਮਾਗਮ ਦੌਰਾਨ ਬਲਜੀਤ ਸਿੰਘ, ਹਰਜਿੰਦਰ ਸਿੰਘ, ਦਵਿੰਦਰ ਸਿੰਘ, ਜਗਰੂਪ ਕੌਰ, ਕਿੰਦਰਜੀਤ ਕੌਰ, ਅਮਨਦੀਪ ਕੌਰ, ਨਿਸ਼ਾ ਦੇਵੀ, ਜਗਦੀਪ ਕੌਰ, ਗੁਰਪਿੰਦਰ ਸਿੰਘ, ਗਗਨਦੀਪ ਸਿੰਘ, ਜੋਗਿੰਦਰ ਸਿੰਘ, ਰਾਜਵਿੰਦਰ ਸਿੰਘ, ਨਰਿੰਦਰ ਪਾਲ ਅਤੇ ਬਲਵਿੰਦਰ ਸਿੰਘ ਸਮੇਤ ਸਕੂਲ ਦਾ ਸਮੂਹ ਸਟਾਫ਼ ਹਾਜ਼ਰ ਸੀ।

ਸਾਈ ਕਾਲਜ ਆਫ਼ ਐਜੂਕੇਸ਼ਨ, ਜਾਡਲਾ ਵਿਖੇ 'ਆਗਾਜ਼' ਓਰੀਐਂਟੇਸ਼ਨ ਪ੍ਰੋਗਰਾਮ ਦਾ ਸ਼ਾਨਦਾਰ ਆਯੋਜਨ

ਬਲਾਚੌਰ 13 ਅਕਤੂਬਰ (ਤਜਿੰਦਰ ਜੋਤ ਜਸਵਿੰਦਰ ਕੌਰ) ਸਾਈ ਕਾਲਜ ਆਫ਼ ਐਜੂਕੇਸ਼ਨ, ਜਾਡਲਾ ਵਿਖੇ ਨਵੇਂ ਵਿਦਿਆਰਥੀਆਂ ਦੇ ਸਵਾਗਤ ਅਤੇ ਉਨ੍ਹਾਂ ਦੇ ਵਿੱਦਿਅਕ ਸਫ਼ਰ ਦੀ ਸ਼ੁਭ ਸ਼ੁਰੂਆਤ ਕਰਨ ਲਈ 'ਆਗਾਜ਼' ਨਾਮਕ ਓਰੀਐਂਟੇਸ਼ਨ ਪ੍ਰੋਗਰਾਮ ਦਾ ਆਯੋਜਨ ਚੇਅਰਮੈਨ ਸ਼੍ਰੀ ਪੀ. ਕੇ. ਜੌਹਰ ਜੀ ਦੇ ਮਾਰਗਦਰਸ਼ਨ ਹੇਠ ਬੜੀ ਧੂਮਧਾਮ ਨਾਲ ਕੀਤਾ ਗਿਆ। ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਕਾਲਜ ਦੇ ਵਿੱਦਿਅਕ ਮਾਹੌਲ, ਅਨੁਸ਼ਾਸਨ, ਨੈਤਿਕ ਕਦਰਾਂ-ਕੀਮਤਾਂ ਅਤੇ ਗੁਣਵੱਤਾਪੂਰਨ ਸਿੱਖਿਆ ਪ੍ਰਤੀ ਸੰਸਥਾ ਦੀ ਵਚਨਬੱਧਤਾ ਤੋਂ ਜਾਣੂ ਕਰਵਾਉਣਾ ਸੀ। ਪ੍ਰੋਗਰਾਮ ਦਾ ਰਸਮੀ ਆਗਾਜ਼ ਪ੍ਰੋਗਰਾਮ ਦੀ ਸ਼ੁਰੂਆਤ ਮੰਚ ਸੰਚਾਲਕ ਸਹਾਇਕ ਪ੍ਰੋਫੈਸਰ ਕਿਰਨਦੀਪ ਕੌਰ ਵੱਲੋਂ ਕੀਤੀ ਗਈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਸ਼੍ਰੀ ਪੀ. ਕੇ. ਜੌਹਰ ਜੀ ਦੀ ਸ਼ਖ਼ਸੀਅਤ ਅਤੇ ਸੰਸਥਾ ਪ੍ਰਤੀ ਉਨ੍ਹਾਂ ਦੇ ਅਤੁੱਲ ਯੋਗਦਾਨ ਬਾਰੇ ਜਾਣੂ ਕਰਵਾਇਆ। ਇਸ ਉਪਰੰਤ ਮੁੱਖ ਮਹਿਮਾਨ ਇੰਜੀਨੀਅਰ ਗੌਰਵ ਜੌਹਰ (ਵਾਈਸ ਚੇਅਰਮੈਨ, ਸਾਈ ਕਾਲਜਿਜ਼), ਸ਼੍ਰੀਮਤੀ ਅਨੁਪਮ ਜੌਹਰ (ਮੈਨੇਜਿੰਗ ਡਾਇਰੈਕਟਰ, ਸਾਈ ਕਾਲਜਿਜ਼) ਅਤੇ ਵਿਸ਼ੇਸ਼ ਮਹਿਮਾਨ ਡਾ. ਕਾਮਿਨੀ (ਪ੍ਰਿੰਸੀਪਲ, ਸਾਈ ਕਾਲਜ ਆਫ਼ ਐਜੂਕੇਸ਼ਨ, ਸਰਦੂਲਾਪੁਰ) ਦਾ ਫੁੱਲਾਂ ਦੇ ਗੁਲਦਸਤਿਆਂ ਨਾਲ ਨਿੱਘਾ ਸਵਾਗਤ ਕੀਤਾ ਗਿਆ। ਇਸ ਤੋਂ ਬਾਅਦ ਸ਼ਮ੍ਹਾਂ ਰੋਸ਼ਨ ਕਰਕੇ ਅਤੇ ਕਾਲਜ ਦੀ ਪ੍ਰਾਰਥਨਾ ਨਾਲ ਸਮਾਗਮ ਦੀ ਰਸਮੀ ਸ਼ੁਰੂਆਤ ਹੋਈ। ਮੁੱਖ ਬੁਲਾਰਿਆਂ ਦੇ ਵਿਚਾਰ ਮੈਨੇਜਿੰਗ ਡਾਇਰੈਕਟਰ ਸ਼੍ਰੀਮਤੀ ਅਨੁਪਮ ਜੌਹਰ ਨੇ ਵਿਦਿਆਰਥੀਆਂ ਨੂੰ ਆਤਮ-ਵਿਸ਼ਵਾਸ, ਸਕਾਰਾਤਮਕ ਸੋਚ ਅਤੇ ਦ੍ਰਿੜ੍ਹ ਇਰਾਦੇ ਨਾਲ ਆਪਣੇ ਟੀਚਿਆਂ ਵੱਲ ਵਧਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਕਾਲਜ ਵੱਲੋਂ ਮਿਲਣ ਵਾਲੇ ਮੌਕਿਆਂ ਦਾ ਪੂਰਾ ਲਾਭ ਉਠਾਉਣ ਅਤੇ ਵਿੱਦਿਅਕ ਤੇ ਸਹਿ-ਵਿੱਦਿਅਕ ਗਤੀਵਿਧੀਆਂ ਵਿੱਚ ਵਧ-ਚੜ੍ਹ ਕੇ ਹਿੱਸਾ ਲੈਣ ਲਈ ਉਤਸ਼ਾਹਿਤ ਕੀਤਾ। ਕਾਲਜ ਪ੍ਰਿੰਸੀਪਲ ਡਾ. ਸੁਨੀਲਾ ਧੀਰ ਨੇ ਅਧਿਆਪਕ ਸਿੱਖਿਆ ਦੀ ਮਹੱਤਤਾ ਬਾਰੇ ਚਾਨਣਾ ਪਾਉਂਦਿਆਂ ਕਿਹਾ ਕਿ ਅਧਿਆਪਕ ਸਮਾਜ ਦੇ ਨਿਰਮਾਤਾ ਹੁੰਦੇ ਹਨ। ਭਵਿੱਖ ਦੇ ਅਧਿਆਪਕਾਂ ਲਈ ਗਿਆਨ ਦੇ ਨਾਲ-ਨਾਲ ਅਨੁਸ਼ਾਸਨ, ਨੈਤਿਕਤਾ, ਸਮਰਪਣ ਅਤੇ ਜ਼ਿੰਮੇਵਾਰੀ ਦੀ ਭਾਵਨਾ ਵੀ ਬਹੁਤ ਜ਼ਰੂਰੀ ਹੈ। ਡਾ. ਕਾਮਿਨੀ (ਪ੍ਰਿੰਸੀਪਲ, ਸਰਦੂਲਾਪੁਰ) ਨੇ ਨਿਰੰਤਰ ਸਿੱਖਣ, ਪੇਸ਼ੇਵਰ ਯੋਗਤਾ ਦੇ ਵਿਕਾਸ ਅਤੇ ਅਧਿਆਪਨ ਦੇ ਖੇਤਰ ਵਿੱਚ ਨਵੀਆਂ ਆਧੁਨਿਕ ਤਕਨੀਕਾਂ ਨੂੰ ਅਪਣਾਉਣ ਤੇ ਜ਼ੋਰ ਦਿੱਤਾ। ਵਿਸ਼ੇਸ਼ ਸਨਮਾਨ ਸਮਾਰੋਹ ਸਮਾਗਮ ਦੌਰਾਨ ਅੰਤਰਰਾਸ਼ਟਰੀ ਕਾਨਫਰੰਸ ਵਿੱਚ ਆਪਣਾ ਖੋਜ ਪੱਤਰ ਪੇਸ਼ ਕਰਨ ਵਾਲੇ ਕਾਲਜ ਦੇ ਅਧਿਆਪਕਾਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ, ਜੋ ਕਿ ਉਨ੍ਹਾਂ ਦੀ ਅਕਾਦਮਿਕ ਯੋਗਤਾ ਅਤੇ ਖੋਜ ਪ੍ਰਤੀ ਰੁਚੀ ਦਾ ਪ੍ਰਤੀਕ ਹੈ। ਇਸ ਤੋਂ ਇਲਾਵਾ, ਕਾਲਜ ਦੀ ਹੋਣਹਾਰ ਸਾਬਕਾ ਵਿਦਿਆਰਥਣ ਜਪਲੀਨ ਛਾਬੜਾ (ਸੈਸ਼ਨ 2025-27), ਜਿਸ ਨੇ ਦੂਜੇ ਸਮੈਸਟਰ ਵਿੱਚ ਯੂਨੀਵਰਸਿਟੀ ਦੀ ਮੈਰਿਟ ਸੂਚੀ ਵਿੱਚ ਸਥਾਨ ਹਾਸਲ ਕੀਤਾ ਸੀ, ਨੂੰ ਵੀ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਉਸ ਦੀ ਇਸ ਪ੍ਰਾਪਤੀ ਨੇ ਨਵੇਂ ਵਿਦਿਆਰਥੀਆਂ ਵਿੱਚ ਮਿਹਨਤ ਅਤੇ ਸਮਰਪਣ ਦਾ ਜਜ਼ਬਾ ਭਰਿਆ। ਸੱਭਿਆਚਾਰਕ ਪੇਸ਼ਕਾਰੀਆਂ ਪ੍ਰੋਗਰਾਮ ਨੂੰ ਹੋਰ ਵੀ ਦਿਲਚਸਪ ਅਤੇ ਯਾਦਗਾਰੀ ਬਣਾਉਣ ਲਈ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਭੰਗੜਾ ਅਤੇ ਗਾਇਕੀ ਦੇ ਜੌਹਰ ਵਿਖਾਏ ਗਏ। ਇਨ੍ਹਾਂ ਸੱਭਿਆਚਾਰਕ ਵੰਨਗੀਆਂ ਨੇ ਸਮਾਗਮ ਵਿੱਚ ਜੋਸ਼, ਖੁਸ਼ੀ ਅਤੇ ਪੰਜਾਬੀ ਸੱਭਿਆਚਾਰ ਦਾ ਰੰਗ ਬੰਨ੍ਹ ਦਿੱਤਾ। ਧੰਨਵਾਦੀ ਮਤਾ ਸਮਾਗਮ ਦੇ ਅੰਤ ਵਿੱਚ ਸ਼੍ਰੀਮਤੀ ਮਨਜਿੰਦਰ ਕੌਰ ਵੱਲੋਂ ਧੰਨਵਾਦੀ ਮਤਾ ਪੇਸ਼ ਕੀਤਾ ਗਿਆ। ਉਨ੍ਹਾਂ ਨੇ ਸਮੂਹ ਪ੍ਰਬੰਧਕਾਂ, ਮੁੱਖ ਮਹਿਮਾਨਾਂ, ਪ੍ਰਿੰਸੀਪਲਾਂ, ਅਧਿਆਪਕਾਂ ਅਤੇ ਵਿਦਿਆਰਥੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਪ੍ਰੋਗਰਾਮ ਦੀ ਸਫ਼ਲਤਾ ਸਮੂਹ ਅਧਿਆਪਕਾਂ ਦੀ ਮਿਹਨਤ, ਸਹਿਯੋਗ ਅਤੇ ਟੀਮ ਭਾਵਨਾ ਦਾ ਨਤੀਜਾ ਹੈ। ਇਸ ਤਰ੍ਹਾਂ 'ਆਗਾਜ਼' ਓਰੀਐਂਟੇਸ਼ਨ ਪ੍ਰੋਗਰਾਮ ਨਵੇਂ ਵਿਦਿਆਰਥੀਆਂ ਲਈ ਨਵੀਆਂ ਉਮੀਦਾਂ, ਸੁਪਨਿਆਂ ਅਤੇ ਵਿੱਦਿਅਕ ਉੱਤਮਤਾ ਵੱਲ ਵਧਣ ਦੀ ਪ੍ਰੇਰਣਾ ਦਿੰਦਿਆਂ ਸਫ਼ਲਤਾਪੂਰਵਕ ਨੇਪਰੇ ਚੜ੍ਹਿਆ।

ਨਵ-ਨਿਯੁਕਤ ਪ੍ਰਿੰ.ਜਾਰਜ ਪਾਲ ਨੂੰ ਸਮਾਜ ਸੇਵਕ ਮੱਟੂ ਨੇ ਦਿੱਤੀ ਵਧਾਈ

ਅੰਮ੍ਰਿਤਸਰ ਅਕਤੂਬਰ 13 ਅਕਤੂਬਰ (ਰਾਜੇਸ਼ ਡੈਨੀ) ਮਾਣ ਧੀਆਂ ਤੇ ਸਮਾਜ ਭਲਾਈ ਸੋਸਾਇਟੀ (ਰਜਿ) ਅੰਮ੍ਰਿਤਸਰ ਦੇ ਪ੍ਰਧਾਨ ਗੁਰਿੰਦਰ ਸਿੰਘ ਮੱਟੂ (ਇੰਡੀਆ ਬੁੱਕ ਰਿਕਾਰਡ ਹੋਲਡਰ ਅਤੇ ਸਮਾਜ ਸੇਵਕ) ਵੱਲੋਂ ਅੱਜ ਸੇਂਟ ਪੀਟਰ ਕਾਨਵੈਂਟ ਹਾਈ ਸਕੂਲ, ਨਰਾਇਣਗੜ ਅੰਮ੍ਰਿਤਸਰ ਦੇ ਨਵ-ਨਿਯੁਕਤ ਪ੍ਰਿੰ.ਜਾਰਜ ਪਾਲ ਨੂੰ ਵਧਾਈ ਦਿੱਤੀ ਇਸ ਮੌਕੇ ਸਕੂਲ ਦੀ ਚੇਅਰਪਰਸਨ ਸ੍ਰੀਮਤੀ ਰਣਜੀਤ ਕੌਰ ਸੰਧੂ,ਪ੍ਰਧਾਨ ਗੁਰਿੰਦਰ ਸਿੰਘ ਮੱਟੂ,ਸਕੂਲ ਮੈਨੇਜਮੈਂਟ,ਬਿਸ਼ਪ ਪੀ.ਕੇ. ਜੌਨ,ਪ੍ਰਿੰ.ਸ੍ਰੀਮਤੀ ਸੋਨੀਆ ਜੌਨ,ਪ੍ਰਿੰ.ਮਰੀਆ ਗੋਰਤੀਆ,ਪ੍ਰਿੰ. ਜੌਨ ਜਾਰਜ,ਪ੍ਰਿੰ.ਐਸ.ਵਾਈ. ਸੰਧੂ,ਬ੍ਰਿਗੇਡੀਅਰ ਪ੍ਰਿਥਪਾਲ ਢਿੱਲੋਂ,ਕਿਰਨ ਜੌਨ,ਡੈਨਿਸ਼ ਸੰਧੂ,ਜੋਸਫ਼, ਆਈਵਨ ਜੌਨ ਤੋਂ ਇਲਾਵਾ ਅਧਿਆਪਕਾਂ, ਵਿਦਿਆਰਥੀਆਂ ਅਤੇ ਸਕੂਲ ਦਾ ਸਮੂਹ ਸਟਾਫ਼ ਵੱਲੋਂ ਵਧਾਈ ਦਿੱਤੀ 9 ਆਖਿਰ ਵਿੱਚ ਨਵ ਨਿਯੁਕਤ ਪ੍ਰਿੰਸੀਪਲ ਜਾਰਜ ਪਾਲ ਨੇ ਪ੍ਰਧਾਨ ਗੁਰਿੰਦਰ ਸਿੰਘ ਮੱਟੂ ਅਤੇ ਸਮੂਹ ਸਟਾਫ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਪ੍ਰਗਟ ਕੀਤਾ ਕਿ ਉਨ੍ਹਾਂ ਦੀ ਯੋਗ ਅਗਵਾਈ ਹੇਠ ਸਕੂਲ ਸਿੱਖਿਆ,ਅਨੁਸ਼ਾਸਨ, ਖੇਡਾਂ ਅਤੇ ਸਹਿ-ਪਾਠਕ੍ਰਮ ਗਤੀਵਿਧੀਆਂ ਦੇ ਖੇਤਰ ਵਿੱਚ ਹੋਰ ਤਰੱਕੀ ਕਰੇਗਾ। ਮੈਂ ਸਕੂਲ ਦੀ ਗੁਣਵੱਤਾ ਵਿੱਚ ਨਿਰੰਤਰ ਸੁਧਾਰ, ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਅਤੇ ਸਕੂਲ ਦੇ ਉੱਜਵਲ ਭਵਿੱਖ ਲਈ ਪੂਰੀ ਇਮਾਨਦਾਰੀ ਅਤੇ ਸਮਰਪਣ ਨਾਲ ਕੰਮ ਕਰਨਗੇ।

ਗਲੋਬਲ ਇੰਸਟੀਚਿਊਟ ਦੀ 22ਵੀਂ ਵਰ੍ਹੇਗੰਢ ਮੌਕੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿੱਚ ਹੋਵੇਗਾ ਸ਼ਾਨਦਾਰ ਸਮਾਗਮ

ਅੰਮ੍ਰਿਤਸਰ 13 ਅਕਤੂਬਰ (ਰਾਜੇਸ਼ ਡੈਨੀ) ਦਿਵਿਆਂਗ ਬੱਚਿਆਂ ਦੀ ਭਲਾਈ ਅਤੇ ਪੁਨਰਵਾਸ ਦੇ ਖੇਤਰ ਵਿੱਚ ਮੋਹਰੀ ਸੰਸਥਾ ਗਲੋਬਲ ਇੰਸਟੀਚਿਊਟ ਫਾਰ ਚਾਈਲਡਹੁੱਡ ਡਿਸਐਬਿਲਿਟੀ ਵੱਲੋਂ ਆਪਣੀ ਸਫ਼ਲ ਯਾਤਰਾ ਦੇ 22 ਸਾਲ ਪੂਰੇ ਹੋਣ ਦੇ ਮੌਕੇ 'ਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਵਿਖੇ ਇੱਕ ਸ਼ਾਨਦਾਰ ਸਮਾਗਮ ਕਰਵਾਇਆ ਜਾਵੇਗਾ। ਇਹ ਸਮਾਗਮ ਸੰਸਥਾ ਦੇ ਸੰਸਥਾਪਕ ਸ੍ਰੀ ਅਰੁਣ ਖੰਨਾ ਅਤੇ ਸਰਪ੍ਰਸਤ ਡਾ. ਸਵਰਾਜ ਗਰੋਵਰ ਦੇ ਮਾਰਗਦਰਸ਼ਨ ਹੇਠ ਆਯੋਜਿਤ ਕੀਤਾ ਜਾਵੇਗਾ। ਇਸ ਸਮਾਗਮ ਦਾ ਮੁੱਖ ਉਦੇਸ਼ ਅੰਮ੍ਰਿਤਸਰ ਜ਼ਿਲ੍ਹੇ ਦੀਆਂ ਵੱਖ-ਵੱਖ ਦਿਵਿਆਂਗ ਸੰਸਥਾਵਾਂ ਨਾਲ ਜੁੜੇ ਬੱਚਿਆਂ ਨੂੰ ਆਪਣੀ ਕਲਾ, ਪ੍ਰਤਿਭਾ ਅਤੇ ਰਚਨਾਤਮਕ ਯੋਗਤਾਵਾਂ ਦਾ ਪ੍ਰਦਰਸ਼ਨ ਕਰਨ ਲਈ ਵਿਸ਼ਾਲ ਮੰਚ ਪ੍ਰਦਾਨ ਕਰਨਾ ਅਤੇ ਉਨ੍ਹਾਂ ਨੂੰ ਸਮਾਜ ਦੀ ਮੁੱਖ ਧਾਰਾ ਨਾਲ ਜੋੜਨਾ ਹੈ। ਇਸ ਮਾਣਮੱਤੇ ਸਮਾਗਮ ਵਿੱਚ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਕਰਮਜੀਤ ਸਿੰਘ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ। ਸਮਾਗਮ ਦੀ ਰੂਪ-ਰੇਖਾ ਅਤੇ ਪ੍ਰਬੰਧਾਂ ਸਬੰਧੀ ਵਿਚਾਰ-ਵਟਾਂਦਰਾ ਕਰਨ ਲਈ ਗਲੋਬਲ ਇੰਸਟੀਚਿਊਟ ਦੇ ਸੰਸਥਾਪਕ ਸ੍ਰੀ ਅਰੁਣ ਖੰਨਾ, ਸਰਪ੍ਰਸਤ ਡਾ. ਸਵਰਾਜ ਗਰੋਵਰ, ਵਾਈਸ ਪ੍ਰੈਜ਼ੀਡੈਂਟ ਸ੍ਰੀ ਰਾਜੀਵ ਖੰਨਾ ਅਤੇ ਵਾਈਸ ਪ੍ਰੈਜ਼ੀਡੈਂਟ ਸ੍ਰੀ ਦੀਪਕ ਖੰਨਾ ਨੇ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਕਰਮਜੀਤ ਸਿੰਘ ਨਾਲ ਮੁਲਾਕਾਤ ਕੀਤੀ ਇਸ ਮੌਕੇ ਵਾਈਸ ਚਾਂਸਲਰ ਨੇ ਯੂਨੀਵਰਸਿਟੀ ਕੈਂਪਸ ਵਿੱਚ ਸਮਾਗਮ ਕਰਵਾਉਣ ਲਈ ਖੁਸ਼ੀ-ਖੁਸ਼ੀ ਸਹਿਮਤੀ ਦਿੱਤੀ ਅਤੇ ਸੰਸਥਾ ਨੂੰ ਪੂਰਨ ਸਹਿਯੋਗ ਦੇਣ ਦਾ ਭਰੋਸਾ ਦਿਵਾਇਆ। ਉਨ੍ਹਾਂ ਨੇ ਦਿਵਿਆਂਗ ਬੱਚਿਆਂ ਦੀ ਭਲਾਈ ਅਤੇ ਉਨ੍ਹਾਂ ਦੇ ਸਰਵਪੱਖੀ ਵਿਕਾਸ ਲਈ ਗਲੋਬਲ ਇੰਸਟੀਚਿਊਟ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਦੀ ਭਰਪੂਰ ਸ਼ਲਾਘਾ ਵੀ ਕੀਤੀ।

ਜ਼ਿਲ੍ਹੇ ਦੀਆਂ ਮੰਡੀਆਂ 'ਚ 229421 ਮੀਟ੍ਰਿਕ ਟਨ ਝੋਨੇ ਦੀ ਆਮਦ, 203535 ਮੀਟ੍ਰਿਕ ਟਨ ਖਰੀਦੀ- ਡਿਪਟੀ ਕਮਿਸ਼ਨਰ

ਗੁਰਦਾਸਪੁਰ, 13 ਅਕਤੂਬਰ (ਗੁਲਸ਼ਨ ਰਣੀਆਂ)ਜ਼ਿਲ੍ਹੇ ਦੀਆਂ ਮੰਡੀਆਂ ਵਿਚ 229421 ਮੀਟ੍ਰਿਕ ਟਨ ਝੋਨੇ ਦੀ ਆਮਦ (12 ਅਕਤੂਬਰ ਤਕ) ਮੰਡੀਆਂ ਵਿਚ ਦਰਜ ਕੀਤੀ ਗਈ ਹੈ, ਜਿਸ ਵਿਚੋਂ 203535 ਮੀਟ੍ਰਿਕ ਟਨ ਏਜੰਸੀਆਂ ਵਲੋਂ ਖਰੀਦੀ ਜਾ ਚੁੱਕੀ ਹੈ।ਡਿਪਟੀ ਕਮਿਸ਼ਨਰ ਆਦਿਤਿਆ ਉੱਪਲ ਨੇ ਦੱਸਿਆ ਕਿ ਜ਼ਿਲ੍ਹੇ ਵਿਚ ਫਸਲ ਦੀ ਖਰੀਦ ਸੁਚੱਜੇ ਢੰਗ ਨਾਲ ਚੱਲ ਰਹੀ ਹੈ ਅਤੇ ਕਿਸਾਨਾਂ ਦੀ ਫਸਲ ਤੈਅ ਸਮੇਂ ਵਿਚ ਖਰੀਦਣ ਦੇ ਨਾਲ-ਨਾਲ ਅਦਾਇਗੀਆਂ ਵੀ ਯਕੀਨੀ ਬਣਾਈਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਹੁਣ ਤੱਕ ਕਿਸਾਨਾਂ ਦੇ ਖਾਤਿਆਂ ਵਿਚ 403.14 ਕ

ਐੱਸ.ਆਈ.ਆਰ: ਵੋਟਰ ਸੂਚੀਆਂ ਦੀ ਗਹਿਰੀ ਸੁਧਾਈ-2026 ਦੌਰਾਨ ਪ੍ਰਾਪਤ ਦਾਅਵੇ ਅਤੇ ਇਤਰਾਜ਼ਾਂ ਦਾ ਨਿਪਟਾਰਾ ਕਰਨ ਉਪਰੰਤ ਅੰਤਿਮ ਪ੍ਰਕਾਸ਼ਨਾ ਕੀਤੀ

ਜ਼ਿਲ੍ਹੇ ਵਿੱਚ ਕੁੱਲ 8,84,308 ਵੋਟਰ; ਵੋਟਰਾਂ ਵਿੱਚ 4,56,337 ਮਰਦ, 04,27,954 ਔਰਤ ਵੋਟਰ ਅਤੇ ਤੀਜੇ ਲਿੰਗ ਵਾਲੇ 17 ਵੋਟਰ ਸ਼ਾਮਿਲ

ਸੰਗਰੂਰ, 13 ਅਕਤੂਬਰ (ਜਸਪਾਲ ਸਰਾਓ)ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਯੋਗਤਾ ਮਿਤੀ 01 ਅਕਤੂਬਰ 2026 ਦੇ ਆਧਾਰ ਤੇ ਰਾਜਨੀਤਿਕ ਪਾਰਟੀਆਂ ਦੇ ਪ੍ਰਤੀਨਿਧਿਆਂ ਨਾਲ ਵੋਟਰ ਸੂਚੀਆਂ ਦੀ ਗਹਿਰੀ ਸੁਧਾਈ-2026 ਦੌਰਾਨ ਪ੍ਰਾਪਤ ਦਾਅਵੇ ਅਤੇ ਇਤਰਾਜ਼ਾਂ ਦਾ ਨਿਪਟਾਰਾ ਕਰਨ ਉਪਰੰਤ ਮਿਤੀ 12.10.2026 ਨੂੰ ਅੰਤਿਮ ਪ੍ਰਕਾਸ਼ਨਾ ਕੀਤੀ ਗਈ। ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸ਼੍ਰੀਮਤੀ ਪੂਨਮਦੀਪ ਕੌਰ ਨੇ ਅੰਤਿਮ ਪ੍ਰਕਾਸ਼ਿਤ ਫੋਟੋ ਵੋਟਰ ਸੂਚੀਆਂ ਸਬੰਧੀ ਜ਼ਿਲ੍ਹੇ ਦੇ ਸਮੂਹ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ ਗਈ ਅਤੇ ਉਨ੍ਹਾਂ ਨੂੰ ਪੰਜ ਵਿਧਾਨ ਸਭਾ ਚੋਣ ਹਲਕਿਆਂ ਦੀ ਅੰਤਿਮ ਪ੍ਰਕਾਸ਼ਿਤ ਫੋਟੋ ਵੋਟਰ ਸੂਚੀਆਂ-2026 ਦਾ ਇੱਕ-ਇੱਕ ਸੈੱਟ (ਹਾਰਡ ਕਾਪੀ) ਅਤੇ ਇੱਕ-ਇੱਕ ਸੀ.ਡੀ. (ਸਾਫਟ ਕਾਪੀ ਬਿਨਾ ਫੋਟੋ ਵਾਲੀ) ਸੌਂਪੀ ਗਈ। ਇਸ ਸਬੰਧੀ ਵੱਖ-ਵੱਖ ਰਾਜਸੀ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸ਼੍ਰੀਮਤੀ ਪੂਨਮਦੀਪ ਕੌਰ ਨੇ ਦੱਸਿਆ ਕਿ ਵੋਟਰ ਸੂਚੀ ਅਨੁਸਾਰ ਹੁਣ ਜ਼ਿਲ੍ਹੇ ਵਿੱਚ ਕੁੱਲ 8,84,308 ਵੋਟਰ ਹੋ ਗਏ ਹਨ। ਇਹਨਾਂ ਵਿੱਚ 4,56,337 ਮਰਦ, 4,27,954 ਔਰਤ ਵੋਟਰ ਅਤੇ ਤੀਜੇ ਲਿੰਗ ਵਾਲੇ 17 ਵੋਟਰ ਸ਼ਾਮਿਲ ਹਨ। ਪੋਲਿੰਗ ਸਟੇਸ਼ਨਾਂ ਦੀ ਕੁੱਲ ਗਿਣਤੀ 1042 ਹੈ। ਜ਼ਿਲ੍ਹਾ ਚੋਣ ਅਫ਼ਸਰ ਨੇ ਰਾਜਸੀ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਦੱਸਿਆ ਕਿ ਉਹ ਵੋਟਰ ਸੂਚੀਆਂ ਦੀ ਫਾਈਨਲ ਪ੍ਰਕਾਸ਼ਨਾ ਤੋਂ ਬਾਅਦ ਪ੍ਰਾਪਤ ਵੋਟਰ ਸੂਚੀਆਂ ਵਿਚ ਸ਼ਾਮਿਲ ਨਾਵਾਂ ਦੀ ਚੈਕਿੰਗ ਆਪਣੇ ਪੱਧਰ ਉੱਤੇ ਕਰ ਲੈਣ। ਉਹਨਾਂ ਕਿਹਾ ਕਿ ਜਿਹਨਾਂ ਨਾਗਰਿਕਾਂ ਦੀ ਉਮਰ ਮਿਤੀ 01 ਅਕਤੂਬਰ 2026 ਨੂੰ 18 ਸਾਲ ਜਾਂ ਇਸ ਤੋਂ ਵੱਧ ਹੈ ਅਤੇ ਉਨਾਂ ਦੀ ਵੋਟ ਨਹੀਂ ਬਣੀ, ਉਹ ਆਪਣੀ ਵੋਟ ਬਣਾਉਣ ਜਾਂ ਦਰੁਸਤੀ ਕਰਾਉਣ ਲਈ ਸਬੰਧਤ ਬੀ ਐਲ ਓ ਕੋਲ ਜਾਂ ਐੱਸ ਡੀ ਐੱਮ ਦਫ਼ਤਰ ਵਿੱਚ ਜਾ ਕੇ ਫਾਰਮ ਭਰ ਕੇ ਦੇ ਸਕਦੇ ਹਨ। ਇਸ ਤੋਂ ਇਲਾਵਾ ਭਾਰਤ ਚੋਣ ਕਮਿਸ਼ਨ ਦੀ ਵੈਬਸਾਈਟ @ਤੇ ਜਾ ਕੇ ਆਨਲਾਈਨ ਫਾਰਮ ਵੀ ਭਰਿਆ ਜਾ ਸਕਦਾ ਹੈ। ਜੇਕਰ ਫਿਰ ਵੀ ਕਿਸੇ ਕਿਸਮ ਦੀ ਪ੍ਰੇਸ਼ਾਨੀ ਆਉਂਦੀ ਹੈ ਤਾਂ 1950 ਟੋਲ ਫ੍ਰੀ ਨੰਬਰ @ਤੇ ਮੁਫ਼ਤ ਫੋਨ ਕਰ ਕੇ ਵੀ ਜਾਣਕਾਰੀ ਪ੍ਰਾਪਤ ਕੀਤੀ ਜਾ ਸਕਦੀ ਹੈ। ਜੇਕਰ ਕਿਸੇ ਵੀ ਵੋਟਰ ਨੂੰ ਆਪਣੇ ਵੋਟਰ ਕਾਰਡ ਵਿੱਚ ਕੋਈ ਵੀ ਦਰੁਸਤੀ ਕਰਵਾਉਣੀ ਹੈ ਜਾਂ ਆਪਣੀ ਵੋਟ ਕਟਵਾਉਣੀ ਹੈ ਤਾਂ ਉਹ ਵੀ ਫਾਰਮ ਭਰ ਕੇ ਦੇ ਸਕਦੇ ਹਨ। ਅਖੀਰ ਵਿੱਚ ਉਨ੍ਹਾਂ ਸਾਰੀਆਂ ਰਾਜਸੀ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਅਪੀਲ ਕੀਤੀ ਕਿ ਉਹ ਭਾਰਤ ਚੋਣ ਕਮਿਸ਼ਨ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਨ ਵਿੱਚ ਆਪਣਾ ਪੂਰਾ ਸਹਿਯੋਗ ਕਰਨਗੇ। ਇਸ ਮੌਕੇ ਸ਼੍ਰੀ ਰੌਂਕੀ ਬਾਂਸਲ (ਕਾਂਗਰਸ), ਸ਼੍ਰੀ ਪਵਿੱਤਰ ਸਿੰਘ (ਬਹੁਜਨ ਸਮਾਜ ਪਾਰਟੀ) ਅਤੇ ਸ਼੍ਰੀ ਸ਼ੇਰ ਸਿੰਘ ਬਾਲੇਵਾਲ (ਸ਼੍ਰੋਮਣੀ ਅਕਾਲੀ ਦਲ) ਤੋਂ ਇਲਾਵਾ ਚੋਣ ਤਹਿਸੀਲਦਾਰ ਸ਼੍ਰੀਮਤੀ ਪਰਮਜੀਤ ਕੌਰ ਸਮੇਤ ਚੋਣ ਸਟਾਫ ਮੌਜੂਦ ਸਨ।

ਪਰਵਿੰਦਰ ਸਿੰਘ ਝੋਟਾ ਦੇ ਕਤਲ ਮਾਮਲੇ 'ਚ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਦੀ ਮੰਗ, ਰਛਪਾਲ ਸਿੰਘ ਨੇ ਪੰਜਾਬ ਸਰਕਾਰ ਖ਼ਿਲਾਫ਼ ਕੀਤੀ ਨਾਅਰੇਬਾਜ਼ੀ

ਕੋਟਕਪੂਰਾ 13 ਅਕਤੂਬਰ ਗੁਰਪ੍ਰੀਤ ਸਿੰਘ ਔਲਖ) ਮੁਲਜ਼ਮਾਂ ਨੂੰ ਜਲਦ ਗ੍ਰਿਫ਼ਤਾਰ ਕਰਕੇ ਪੀੜਤ ਪਰਿਵਾਰ ਨੂੰ ਇਨਸਾਫ਼ ਦਿਵਾਉਣ ਦੀ ਕੀਤੀ ਮੰਗ ਪਰਵਿੰਦਰ ਸਿੰਘ ਝੋਟਾ ਦੇ ਕਤਲ ਮਾਮਲੇ ਨੂੰ ਲੈ ਕੇ ਰਛਪਾਲ ਸਿੰਘ, ਵਾਰਿਸ ਪੰਜਾਬ ਦੇ, ਨੇ ਪੰਜਾਬ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕਰਦਿਆਂ ਮਾਮਲੇ ਵਿੱਚ ਸ਼ਾਮਲ ਮੁਲਜ਼ਮਾਂ ਨੂੰ ਜਲਦ ਗ੍ਰਿਫ਼ਤਾਰ ਕਰਨ ਦੀ ਮੰਗ ਕੀਤੀ। ਇਸ ਮੌਕੇ ਵਾਰਿਸ ਪੰਜਾਬ ਦੇ ਸੀਨੀਅਰ ਆਗੂ ਰਛਪਾਲ ਸਿੰਘ ਨੇ ਕਿਹਾ ਕਿ ਪਰਵਿੰਦਰ ਸਿੰਘ ਝੋਟਾ ਦੇ ਕਤਲ ਮਾਮਲੇ ਵਿੱਚ ਪੁਲਿਸ ਨੂੰ ਜਲਦ ਕਾਰਵਾਈ ਕਰਨੀ ਚਾਹੀਦੀ ਹੈ ਅਤੇ ਮਾਮਲੇ ਦੀ ਨਿਰਪੱਖ ਜਾਂਚ ਕਰਕੇ ਦੋਸ਼ੀਆਂ ਨੂੰ ਕਾਨੂੰਨ ਅਨੁਸਾਰ ਸਜ਼ਾ ਮਿਲਣੀ ਚਾਹੀਦੀ। ਉਨ੍ਹਾਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਇਸ ਮਾਮਲੇ ਵਿੱਚ ਦੇਰੀ ਨਾ ਕੀਤੀ ਜਾਵੇ ਅਤੇ ਪੀੜਤ ਪਰਿਵਾਰ ਨੂੰ ਇਨਸਾਫ਼ ਦਿਵਾਉਣ ਲਈ ਢੁੱਕਵੇਂ ਕਦਮ ਚੁੱਕੇ ਜਾਣਗੇ ਸੀਨੀਅਰ ਆਗੂ ਨੇ ਪੰਜਾਬ ਸਰਕਾਰ ਦੀ ਤਿੱਖੀ ਆਲੋਚਨਾ ਕਰਦਿਆਂ ਕਹਿ ਕੇ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਅਤੇ ਗੈਂਗਸਟਰ ਨਸ਼ਿਆਂ ਨੂੰ ਖਤਮ ਕਰਨ ਅਤੇ ਗੈਂਗਸਟਰਵਾਦ ਨੂੰ ਖਤਮ ਕਰਨ ਦੇ ਤੁਹਾਡੇ ਵੱਡੇ ਵੱਡੇ ਦਾਅਵੇ ਕਰ ਕੇ ਲੋਕਾਂ ਅੱਗੇ ਕੇਵਲ ਅੰਕੜਿਆਂ ਦੀ ਖੇਡ ਪੇਸ਼ ਕੀਤੀ ਜਾ ਰਹੀ ਹੈ ਜਦ ਕਿ ਅਸਲੀਅਤ ਤੱਥ ਕੁਝ ਹੋਰ ਹਨ ਉਹਨਾਂ ਪੰਜਾਬ ਸਰਕਾਰ ਦੀ ਆਲੋਚਨਾ ਕਰਦਿਆਂ ਕਿਹਾ ਕਿ ਨਸ਼ਿਆਂ ਦਾ ਕਾਰੋਬਾਰ ਖਤਮ ਹੋਣ ਦੀ ਬਜਾਏ ਉਟੱਲਾ ਦਿਨੋਂ ਦਿਨ ਅੰਬਰ ਵੇਲ ਵਾਂਗ ਵੱਧਦਾ ਜਾ ਰਿਹਾ ਹੈ

ਸਵਿਟਜ਼ਰਲੈਂਡ ਦੀਆਂ ਪ੍ਰਮੁੱਖ ਰਾਜਸੀ ਸ਼ਖ਼ਸੀਅਤਾਂ ਦੀ ਹਾਜ਼ਰੀ ਵਿੱਚ ਬਾਬਾ ਬਲਬੀਰ ਸਿੰਘ ਜੀ 96 ਕਰੋੜੀ ਵੱਲੋਂ ਪੰਥਕ ਸੇਵਾਵਾਂ ਲਈ ਸ. ਰਣਜੀਤ ਸਿੰਘ ਮਸੂਤਾ ਦਾ ਸਨਮਾਨ

ਸ੍ਰੀ ਅਨੰਦਪੁਰ ਸਾਹਿਬ:- 13 ਅਕਤੂਬਰ (ਦਮਨ ਅਰੋੜਾ) ਗੁਰਦੁਆਰਾ ਸਾਹਿਬ ਸਵਿਟਜ਼ਰਲੈਂਡ, ਲਾਂਗੇਨਥਾਲ ਦੇ 20ਵੇਂ ਸਥਾਪਨਾ ਦਿਵਸ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸਿੰਘ ਸਾਹਿਬ ਜਥੇਦਾਰ ਅਕਾਲੀ ਬਾਬਾ ਬਲਬੀਰ ਸਿੰਘ ਜੀ 96 ਕਰੋੜੀ ਮੁਖੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖ਼ਤ ਵੱਲੋਂ ਪੰਥਕ ਸੇਵਾਵਾਂ ਅਤੇ ਗੁਰੂ-ਘਰ ਦੀ ਸਥਾਪਨਾ ਵਿੱਚ ਅਹਿਮ ਯੋਗਦਾਨ ਲਈ ਉੱਘੇ ਉਦਯੋਗਪਤੀ ਸ. ਰਣਜੀਤ ਸਿੰਘ ਮਸੂਤਾ ਨੂੰ ਸ੍ਰੀ ਸਾਹਿਬ ਅਤੇ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਜਥੇਦਾਰ ਗੁਰਚਰਨ ਸਿੰਘ ਜੀ, ਸ੍ਰੀ ਅਨੰਦਪੁਰ ਸਾਹਿਬ ਵੀ ਹਾਜ਼ਰ ਸਨ। ਜ਼ਿਕਰਯੋਗ ਹੈ ਕਿ ਸ. ਮਸੂਤਾ ਨੂੰ ਸਵਿਸ ਸਰਕਾਰ ਵੱਲੋਂ ਗੋਲਡ ਮੈਡਲ ਨਾਲ ਵੀ ਨਿਵਾਜਿਆ ਗਿਆ । ਸਮਾਗਮ ਵਿੱਚ ਲਾਂਗੇਨਥਾਲ ਦੇ ਸ਼ਹਿਰ ਦੇ ਮੇਅਰ ਸ੍ਰੀ ਪੈਟ੍ਰਿਕ ਫਰੌਂਇਡੀਗਰ, ਬਰਨ ਕੈਂਟਨ ਦੇ ਸਾਬਕਾ ਗ੍ਰਹਿ ਮੰਤਰੀ ਸ੍ਰੀ ਹਾਨਸ-ਯੂਰਗ ਕੋਜ਼ਰ, ਬਰਨ ਕੈਂਟਨ ਸਰਕਾਰ ਦੇ ਮੌਜੂਦਾ ਮੈਂਬਰ ਸ੍ਰੀ ਰੇਟੋ ਮੂਲਰ ਅਤੇ ਸਵਿਟਜ਼ਰਲੈਂਡ ਦੇ ਸਾਬਕਾ ਸੰਘੀ ਰਾਸ਼ਟਰਪਤੀ ਸ੍ਰੀਮਤੀ ਸਿਮੋਨੇਟਾ ਸੋਮਾਰੂਗਾ, ਸ੍ਰੀ ਯੋਹਾਨ ਸ਼ਨਾਈਡਰ-ਅਮਾਨ ਅਤੇ ਸ੍ਰੀਮਤੀ ਮਿਸ਼ਲੀਨ ਕਾਲਮੀ-ਰੇ ਸਮੇਤ ਕਈ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕੀਤੀ। ਗੁਰਦੁਆਰਾ ਸਾਹਿਬ ਦਾ ਨਿਰਮਾਣ 2002 ਵਿੱਚ ਸ਼ੁਰੂ ਹੋਇਆ ਸੀ ਅਤੇ 23 ਸਤੰਬਰ 2006 ਨੂੰ ਇਸ ਦਾ ਉਦਘਾਟਨ ਕੀਤਾ ਗਿਆ। ਦੋ ਦਹਾਕਿਆਂ ਤੋਂ ਇਹ ਗੁਰੂ-ਘਰ ਗੁਰਮਤਿ, ਸੇਵਾ, ਸਿਮਰਨ ਅਤੇ ਸੰਗਤ ਦੀ ਸਾਂਝ ਦਾ ਕੇਂਦਰ ਬਣਿਆ ਹੋਇਆ ਹੈ। ਇਸ ਮੌਕੇ ਸਿੱਖ ਯੂਥ ਸਵਿਟਜ਼ਰਲੈਂਡ ਦੇ ਸੰਸਥਾਪਕ ਸ. ਕਰਨਵੀਰ ਸਿੰਘ, ਜਥੇਬੰਦੀ ਦੇ ਪ੍ਰਧਾਨ ਸ. ਜੰਗਸ਼ੇਰ ਸਿੰਘ ਅਤੇ ਹਾਜ਼ਰ ਸਿੱਖ ਨੌਜਵਾਨਾਂ ਨੇ ਸ. ਰਣਜੀਤ ਸਿੰਘ ਮਸੂਤਾ ਦੀਆਂ ਲੰਮੇ ਸਮੇਂ ਤੋਂ ਨਿਭਾਈਆਂ ਜਾ ਰਹੀਆਂ ਪੰਥਕ ਸੇਵਾਵਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਸ. ਮਸੂਤਾ ਦਾ ਤਜਰਬਾ, ਸਮਰਪਣ ਅਤੇ ਮਾਰਗਦਰਸ਼ਨ ਨੌਜਵਾਨ ਪੀੜ੍ਹੀ ਲਈ ਪ੍ਰੇਰਨਾ ਦਾ ਸਰੋਤ ਹੈ। ਸਮਾਗਮ ਦੌਰਾਨ ਗੁਰਦੁਆਰਾ ਸਾਹਿਬ ਦੀ ਸਥਾਪਨਾ ਵਿੱਚ ਯੋਗਦਾਨ ਪਾਉਣ ਵਾਲੀ ਸੰਗਤ, ਦਾਨੀ ਸੱਜਣਾਂ ਅਤੇ ਸੇਵਾਦਾਰਾਂ ਦੀਆਂ ਸੇਵਾਵਾਂ ਨੂੰ ਵੀ ਯਾਦ ਕੀਤਾ ਗਿਆ।

ਪਿੰਡ ਪੂਹਲੀ ਵਿਖੇ 'ਆਪ' ਦੀ ਮੀਟਿੰਗ ਨੂੰ ਮਿਲਿਆ ਭਰਵਾਂ ਹੁੰਗਾਰਾ : ਐਡਵੋਕੇਟ ਲੇਖਪ੍ਰੀਤ ਸਿੰਘ

ਭੁੱਚੋ ਮੰਡੀ, 13 ਅਕਤੂਬਰ (ਚਰਨਜੀਤ ਧੁਰਮੀ) ਵਿਧਾਨ ਸਭਾ ਹਲਕਾ ਭੁੱਚੋ ਮੰਡੀ ਤੋਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਸੰਭਾਵੀ ਉਮੀਦਵਾਰ ਐਡਵੋਕੇਟ ਲੇਖਪ੍ਰੀਤ ਸਿੰਘ ਨੇ ਕਿਹਾ ਕਿ ਹਲਕੇ ਦੇ ਲੋਕਾਂ ਵੱਲੋਂ ਮਿਲ ਰਹੇ ਮਾਣ-ਸਨਮਾਨ ਅਤੇ ਪਾਰਟੀ ਦੀਆਂ ਮੀਟਿੰਗਾਂ ਵਿੱਚ ਲੋਕਾਂ ਦੀ ਸ਼ਮੂਲੀਅਤ ਪਾਰਟੀ ਪ੍ਰਤੀ ਉਨ੍ਹਾਂ ਦੇ ਵਿਸ਼ਵਾਸ ਨੂੰ ਦਰਸਾਉਂਦੀ ਹੈ। ਉਹ ਫੋਨ ਰਾਹੀਂ ਪੱਤਰਕਾਰਾਂ ਨਾਲ ਗੱਲਬਾਤ ਕਰ ਰਹੇ ਸਨ।ਉਨ੍ਹਾਂ ਦੱਸਿਆ ਕਿ ਆਮ ਆਦਮੀ ਪਾਰਟੀ ਵੱਲੋਂ ਵਿਧਾਨ ਸਭਾ ਹਲਕਾ ਭੁੱਚੋ ਮੰਡੀ ਦੇ ਵੱਖ-ਵੱਖ ਪਿੰਡਾਂ ਵਿੱਚ ਲਗਾਤਾਰ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਇਸੇ ਲੜੀ ਤਹਿਤ ਨੇੜਲੇ ਪਿੰਡ ਪੂਹਲੀ ਵਿਖੇ ਮੀਟਿੰਗ ਕੀਤੀ ਗਈ, ਜਿਸ ਨੂੰ ਪਾਰਟੀ ਵੱਲੋਂ ਭਰਵਾਂ ਹੁੰਗਾਰਾ ਮਿਲਣ ਦਾ ਦਾਅਵਾ ਕੀਤਾ ਗਿਆ ਹੈ। ਐਡਵੋਕੇਟ ਲੇਖਪ੍ਰੀਤ ਸਿੰਘ ਨੇ ਕਿਹਾ ਕਿ ਪਿੰਡਾਂ ਵਿੱਚ ਹੋ ਰਹੀਆਂ ਮੀਟਿੰਗਾਂ ਦੌਰਾਨ ਲੋਕਾਂ ਵੱਲੋਂ ਦਿਖਾਇਆ ਜਾ ਰਿਹਾ ਉਤਸ਼ਾਹ ਪਾਰਟੀ ਆਗੂਆਂ ਅਤੇ ਵਰਕਰਾਂ ਲਈ ਹੌਸਲੇ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਲੋਕਾਂ ਵੱਲੋਂ ਮਿਲ ਰਹੇ ਪਿਆਰ ਅਤੇ ਸਮਰਥਨ ਨਾਲ ਪਾਰਟੀ ਦੀਆਂ ਸਰਗਰਮੀਆਂ ਨੂੰ ਹੋਰ ਤੇਜ਼ ਕਰਨ ਲਈ ਪ੍ਰੇਰਨਾ ਮਿਲਦੀ ਹੈ। ਉਨ੍ਹਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪ੍ਰਤੀ ਲੋਕਾਂ ਦੇ ਪਿਆਰ ਦਾ ਜ਼ਿਕਰ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਹਲਕੇ ਦੇ ਪਿੰਡਾਂ ਵਿੱਚ ਮੀਟਿੰਗਾਂ ਦਾ ਸਿਲਸਿਲਾ ਅੱਗੇ ਵੀ ਜਾਰੀ ਰੱਖਿਆ ਜਾਵੇਗਾ। ਉਨ੍ਹਾਂ ਦਾਅਵਾ ਕੀਤਾ ਕਿ ਮੌਜੂਦਾ ਸਿਆਸੀ ਹਾਲਾਤਾਂ ਦੇ ਮੱਦੇਨਜ਼ਰ ਸਾਲ 2027 ਵਿੱਚ ਮੁੜ ਭਗਵੰਤ ਸਿੰਘ ਮਾਨ ਦੇ ਮੁੱਖ ਮੰਤਰੀ ਬਣਨ ਦੀ ਉਨ੍ਹਾਂ ਨੂੰ ਉਮੀਦ ਹੈ। ਇਸ ਮੌਕੇ ਜਸਪ੍ਰੀਤ ਸਿੰਘ ਮੈਂਬਰ, ਸੁਖਬੀਰ ਸਿੰਘ, ਇਟਵਾਲ ਸਿੰਘ, ਗੁਰਤੇਜ ਸਿੰਘ, ਗੋਬਿੰਦ ਸਿੰਘ, ਰਾਜਿੰਦਰ ਸਿੰਘ, ਕੁਲਦੀਪ ਸਿੰਘ, ਬਸੰਤ ਸਿੰਘ, ਮਨਦੀਪ ਸਿੰਘ, ਸੁਖਮੰਦਰ ਸਿੰਘ, ਸੰਦੀਪ ਸਿੰਘ ਖਾਲਸਾ, ਜੋਗਿੰਦਰ ਸਿੰਘ ਚੇਅਰਮੈਨ ਅਤੇ ਹਰਮੇਲ ਐਮ.ਸੀ. ਸਮੇਤ ਹੋਰ ਪਤਵੰਤੇ ਸੱਜਣ ਹਾਜ਼ਰ ਸਨ।

ਰਣਜੋਧ ਹਡਾਣਾ ਵਲੋਂ ਮੀਰਪੁਰ-ਧਾਂਦੀਆ ਤੋਂ ਸ਼ੇਖੂਪੁਰ ਜਾਂਦੀ ਸੜਕ ਦੀ ਅਚਨਚੇਤ ਚੈਕਿੰਗ

ਭੁਨਰਹੇੜੀ /ਦੇਵੀਗੜ੍ਹ , 13 ਅਕਤੂਬਰ (ਰਾਜਿੰਦਰ ਸਿੰਘ ਬਿੰਦ): ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਅੱਜ ਮੀਰਪੁਰ-ਧਾਂਦੀਆ ਤੋਂ ਪਿੰਡ ਸ਼ੇਖੂਪੁਰ ਨੂੰ ਜਾਂਦੀ ਸੜਕ ਦੇ ਚੱਲ ਰਹੇ ਨਿਰਮਾਣ ਕਾਰਜ ਦੀ ਅਚਨਚੇਤ ਚੈਕਿੰਗ ਕੀਤੀ। ਇਸ ਮੌਕੇ ਉਨ੍ਹਾਂ ਸੜਕ ਉੱਤੇ ਪਾਏ ਜਾ ਰਹੇ ਮਟੀਰੀਅਲ ਦੀ ਬਾਰੀਕੀ ਨਾਲ ਜਾਂਚ ਕੀਤੀ ਅਤੇ ਮੌਕੇ @ਤੇ ਪ੍ਰੀਮਿਕਸ ਘੱਟ ਪਾਏ ਜਾਣ ਤੇ ਘਟੀਆ ਮਟੀਰੀਅਲ ਵਰਤਣ ਦਾ ਸਖ਼ਤ ਨੋਟਿਸ ਲੈਂਦਿਆਂ ਮੌਜੂਦ ਅਧਿਕਾਰੀਆਂ ਸਮੇਤ ਠੇਕੇਦਾਰ ਦੀ ਚੰਗੀ ਝਾੜ-ਝੰਬ ਕੀਤੀ। ਮੌਕੇ @ਤੇ ਸਖ਼ਤ ਰੁਖ਼ ਅਖ਼ਤਿਆਰ ਕਰਦਿਆਂ ਹਡਾਣਾ ਨੇ ਚੇਤਾਵਨੀ ਦਿੱਤੀ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵਿੱਚ ਲੋਕਾਂ ਦੇ ਪੈਸੇ ਦੀ ਦੁਰਵਰਤੋਂ ਜਾਂ ਵਿਕਾਸ ਕਾਰਜਾਂ ਵਿੱਚ ਕਿਸੇ ਕਿਸਮ ਦੀ ਕੁਤਾਹੀ ਬਿਲਕੁਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਜੇਕਰ ਭਵਿੱਖ ਵਿੱਚ ਕਿਸੇ ਵੀ ਪ੍ਰੋਜੈਕਟ ਅੰਦਰ ਅਜਿਹੀ ਲਾਪਰਵਾਹੀ ਜਾਂ ਘਟੀਆ ਮਟੀਰੀਅਲ ਦੀ ਵਰਤੋਂ ਸਾਹਮਣੇ ਆਈ ਤਾਂ ਸਬੰਧਤ ਅਧਿਕਾਰੀਆਂ ਅਤੇ ਠੇਕੇਦਾਰ ਖ਼ਿਲਾਫ਼ ਸਿੱਧੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਹਡਾਣਾ ਨੇ ਮੌਕੇ @ਤੇ ਹੀ ਹਦਾਇਤ ਕੀਤੀ ਕਿ ਨਿਯਮਾਂ ਅਨੁਸਾਰ ਪੂਰੀ ਮਾਤਰਾ ਵਿੱਚ ਪ੍ਰੀਮਿਕਸ ਪਾ ਕੇ ਸੜਕ ਨੂੰ ਪੂਰੇ ਮਿਆਰ ਨਾਲ ਮੁੜ ਤਿਆਰ ਕੀਤਾ ਜਾਵੇ। ਉਨ੍ਹਾਂ ਅੱਗੇ ਕਿਹਾ ਕਿ ਹਲਕਾ ਸਨੌਰ ਅੰਦਰ ਹੋ ਰਹੇ ਵਿਕਾਸ ਕਾਰਜਾਂ ਦੀ ਗੁਣਵੱਤਾ 'ਤੇ ਲਗਾਤਾਰ ਤਿੱਖੀ ਨਜ਼ਰ ਰੱਖੀ ਜਾ ਰਹੀ ਹੈ ਅਤੇ ਅਜਿਹੀਆਂ ਅਚਨਚੇਤ ਚੈਕਿੰਗਾਂ ਅੱਗੇ ਵੀ ਜਾਰੀ ਰਹਿਣਗੀਆਂ ਤਾਂ ਜੋ ਲੋਕਾਂ ਨੂੰ ਮਿਆਰੀ ਅਤੇ ਪਾਏਦਾਰ ਸਹੂਲਤਾਂ ਮਿਲ ਸਕਣ। ਇਸ ਦੌਰਾਨ ਇਲਾਕਾ ਨਿਵਾਸੀਆਂ ਅਤੇ ਰਾਹਗੀਰਾਂ ਨੇ ਹਡਾਣਾ ਵੱਲੋਂ ਮੌਕੇ @ਤੇ ਲਏ ਗਏ ਇਸ ਸਖ਼ਤ ਐਕਸ਼ਨ ਦੀ ਭਰਪੂਰ ਸ਼ਲਾਘਾ ਕੀਤੀ। ਇਸ ਮੌਕੇ ਉਨ੍ਹਾਂ ਨਾਲ ਕਈ ਆਪ ਅਹੁਦੇਦਾਰ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

ਸਪੀਕਰ ਸ. ਕੁਲਤਾਰ ਸਿੰਘ ਸ

ਨਸ਼ਾ ਵੇਚਣ ਵਾਲਿਆਂ ਦੇ ਹੌਸਲੇ ਐਨੇ ਬੁਲੰਦ ਵਿਰੋਧ ਕਰਨ ਵਾਲਿਆਂ ਨੂੰ ਮੌਤ ਦੇ ਘਾਟ ਉਤਾਰਿਆ ਜਾ ਰਿਹਾ-ਸ਼ਨੀ ਗਿੱਲ/ ਨਿਹਾਲ ਸਿੰਘ ਭੁੱਲਰ

ਮੋਗਾ 13 ਅਕਤੂਬਰ (**ਜਗਰਾਜ ਸਿੰਘ ਸੰਘਾ**) ਪੰਜਾਬ ਸਰਕਾਰ ਨਸ਼ਿਆਂ ਨੂੰ ਕੰਟਰੋਲ ਕਰਨ ਵਿੱਚ ਬੁਰੀ ਤਰ੍ਹਾਂ ਫੇਲ੍ਹ ਸਾਬਤ ਹੋਈ ਹੈ ਅਤੇ ਨਸ਼ੇ ਦੇ ਸੌਦਾਗਰ ਸਿਆਸੀ ਸਹਿ ਤੇ ਸ਼ਰੇਆਮ ਨਸ਼ੇ ਵੇਚਦੇ ਆ ਰਹੇ ਹਨ ਅਤੇ ਉਨ੍ਹਾਂ ਦੇ ਹੌਸਲੇ ਐਨੇ ਬੁਲੰਦ ਹੋ ਗਏ ਹਨ ਕਿ ਵਿਰੋਧ ਕਰਨ ਵਾਲਿਆਂ ਨੂੰ ਸ਼ਰੇਆਮ ਮੌਤ ਦੇ ਘਾਟ ਉਤਾਰਿਆ ਜਾ ਰਿਹਾ ਹੈ ਅਤੇ ਅੱਜ ਮਾਨਸਾ ਵਿਖੇ ਨਸ਼ਾ ਰੋਕੂ ਮੁਹਿੰਮ ਵਿੱਢਣ ਵਾਲੇ ਪਰਵਿੰਦਰ ਸਿੰਘ ਝੋਟੇ ਨੂੰ ਇੱਕ ਮੈਡੀਕਲ ਨਸ਼ਾ ਵੇਚਣ ਵਾਲੇ ਦੁਕਾਨਦਾਰ ਨੇ ਸ਼ਰੇਆਮ ਗੋਲੀਆਂ ਮਾਰਕੇ ਮੌਤ ਦੇ ਘਾਟ ਉਤਾਰ ਦਿੱਤਾ ਅਤੇ ਇਸ ਲਈ ਪੰਜਾਬ ਦੀ ਵਿਗੜ ਚੁੱਕੀ ਕਾਨੂੰਨ ਵਿਵਸਥਾ ਜ਼ਿੰਮੇਵਾਰ ਹੈ ਅਤੇ ਸਰਕਾਰ ਸੂਬੇ ਵਿੱਚ ਕਾਨੂੰਨ ਵਿਵਸਥਾ ਨੂੰ ਬਣਾਈ ਰੱਖਣ ਵਿਚ ਵੀ ਫੇਲ੍ਹ ਸਾਬਿਤ ਹੋਈ ਅਤੇ ਸ਼ਰੇਆਮ ਲੋਕ ਗੋਲੀਆਂ ਮਾਰਕੇ ਮਾਰੇ ਜਾ ਰਹੇ ਹਨ ਅਤੇ ਆਖਰ ਕਦੋਂ ਤੱਕ ਮਾਵਾਂ ਆਪਣੇ ਪੁੱਤਰ ਮਰਵਾਉਂਦੀਆਂ ਰਹਿਣਗੀਆਂ ਇਹ ਵੱਡੇ ਸਵਾਲ ਖੜ੍ਹੇ ਹੋ ਰਹੇ ਹਨ ਅਤੇ ਸਰਕਾਰ ਲੋਕਾਂ ਦੀ ਕਚਹਿਰੀ ਵਿੱਚ ਜਵਾਬਦੇਹ ਬਣੇ । ਇਹ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਹਲਕਾ ਮੋਗਾ ਦੇ ਇੰਚਾਰਜ ਸੰਜੀਤ ਸਿੰਘ ਸੰਨੀ ਗਿੱਲ ਅਤੇ ਜਿਲ੍ਹਾ ਪ੍ਰਧਾਨ ਨਿਹਾਲ ਸਿੰਘ ਭੁੱਲਰ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕੀਤਾ। ਉਨ੍ਹਾਂ ਕਿਹਾ ਅੱਜ ਪੰਜਾਬ ਵਿੱਚ ਫੈਲੇ ਨਸ਼ਿਆਂ ਦੇ ਜਾਲ ਨੇ ਸਾਡੀ ਜਵਾਨੀ ਨੂੰ ਬੁਰੀ ਤਰ੍ਹਾਂ ਗ੍ਰਿਫ਼ਤ ਵਿਚ ਲੈ ਲਿਆ ਹੈ ਅਤੇ ਹਰ ਰੋਜ਼ ਨੌਜਵਾਨ ਚਿੱਟੇ ਦੀ ਓਵਰਡੋਜ ਨਾਲ ਮੌਤ ਦੇ ਮੂੰਹ ਵਿੱਚ ਜਾ ਰਹੇ ਹਨ ਅਤੇ ਨਸ਼ਿਆਂ ਨੂੰ ਲੈਕੇ ਚਾਰੇ ਪਾਸੇ ਹਾਹਾਕਾਰ ਮੱਚੀ ਪਈ ਹੈ ਪਰ ਸਰਕਾਰ ਹੱਥ ਤੇ ਹੱਥ ਧਰਕੇ ਬੈਠੀ ਇਹ ਸਭ ਕੁੱਝ ਵੇਖ ਰਹੀ ਹੈ। ਸੰਨੀ ਗਿੱਲ ਨੇ ਕਿਹਾ ਕਿ ਸੂਬੇ ਦੀ ਆਪ ਸਰਕਾਰ ਹਰ ਫਰੰਟ ਤੇ ਫੇਲ ਸਾਬਤ ਹੋਈ ਹੈ ਅਤੇ ਸੂਬੇ ਦੇ ਹਾਲਾਤ ਐਨੇ ਕੁ ਮਾੜੇ ਹੋ ਚੁੱਕੇ ਹਨ ਕਿ ਹਰ ਆਦਮੀ ਆਪਣੇ ਆਪ ਨੂੰ ਸੁਰੱਖਿਅਤ ਮਹਿਸੂਸ ਨਹੀਂ ਕਰਦਾ ਅਤੇ ਲੋਕ ਤਰਾਹ ਤਰਾਹ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਸੂਬੇ ਦੀਆਂ ਵਿਧਾਨ ਸਭਾ ਚੋਣਾਂ ਵਿੱਚ ਕੁੱਝ ਮਹੀਨੇ ਬਾਕੀ ਹਨ ਅਤੇ ਆਪ ਵਾਲਿਆਂ ਤੋਂ ਅੱਕੇ ਸੂਬੇ ਦੇ ਲੋਕ ਆਪਣੀ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਲਿਆਉਣ ਲਈ ਤਿਆਰ ਬੈਠੇ ਹਨ ਅਤੇ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਆਉਣ ਤੇ ਸਭ ਤੋਂ ਪਹਿਲਾਂ ਪੰਜਾਬ ਵਿੱਚ ਨਸ਼ਿਆਂ ਦਾ ਖਾਤਮਾ ਕਰਕੇ ਸੂਬੇ ਨੂੰ ਗੁੰਡਾ ਅਨਸਰਾਂ ਤੋਂ ਮੁਕਤ ਕਰਵਾਕੇ ਸੂਬੇ ਨੂੰ ਅਮਨ ਸ਼ਾਂਤੀ ਦੇ ਰਾਹ ਤੋਰਿਆ ਜਾਵੇਗਾ।

ਅਕਾਲੀ ਦਲ ਵਾਰਿਸ ਪੰਜਾਬ ਦੇ ਪਾਰਟੀ ਦੀ ਰਜਿਸਟਰੇਸ਼ਨ 'ਤੇ ਰੋਕ ਲਾਉਣਾ ਕੇਂਦਰ ਅਤੇ ਪੰਜਾਬ ਸਰਕਾਰ ਵੱਲੋਂ ਲੋਕਤੰਤਰ ਦਾ ਘਾਣ- ਬਿੱਟੂ ਚੌਹਾਨ

ਮਾਲੇਰਕੋਟਲਾ 13 ਅਕਤੂਬਰ, (ਮੁਨਸ਼ੀ ਫ਼ਾਰੂਕ) ਪੰਜਾਬ ਦੇ ਲੋਕ ਸਭਾ ਹਲਕਾ ਸ੍ਰੀ ਖਡੂਰ ਸਾਹਿਬ ਤੋਂ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੀ ਅਗਵਾਈ ਵਾਲੀ ਨਵੀਂ ਸਿਆਸੀ ਪਾਰਟੀ ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਰਜਿਸਟਰੇਸ਼ਨ ਦਾ ਮਾਮਲਾ ਹੁਣ ਕਾਨੂੰਨੀ ਅਤੇ ਸਿਆਸੀ ਗਲਿਆਰਿਆਂ ਵਿੱਚ ਜਿੱਥੇ ਭਖ ਰਿਹਾ ਹੈ ਉੱਥੇ ਹੀ ਪਾਰਟੀ ਦੇ ਸੀਨੀਅਰ ਆਗੂਆਂ ਦੇ ਬਿਆਨ ਵੀ ਇਸ ਮਾਮਲੇ ਤੇ ਸਾਹਮਣੇ ਆ ਰਹੇ ਹਨ।ਅੱਜ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪਾਰਟੀ ਦੇ ਸੀਨੀਅਰ ਜ਼ਿਲ੍ਹਾ ਮੀਤ ਪ੍ਰਧਾਨ ਅਤੇ ਹਲਕਾ ਮਾਲੇਰਕੋਟਲਾ ਦੇ ਸਭ ਤੋਂ ਪੁਰਾਣੇ ਅਤੇ ਪਹਿਲੇ ਆਗੂ ਹਾਜੀ ਅਨਵਾਰ ਅਹਿਮਦ ਬਿੱਟੂ ਚੌਹਾਨ ਨੇ ਤਿੱਖੀ ਪ੍ਰਤਿਕਿਰਿਆ ਜਾਗੀ ਕਰਦੇ ਹੋਏ ਆਖਿਆ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਪਾਰਟੀ ਇਕ ਅਜਿਹੀ ਪਾਰਟੀ ਹੈ ਜੋ ਪੰਜਾਬ ਦੀ ਅਸਲ ਖੇਤਰੀ ਪਾਰਟੀ ਹੈ ਅਤੇ ਪੰਜਾਬ ਦੀਆਂ ਸਾਰੀ ਹੀ ਸਿਆਸੀਆਂ ਪਾਰਟੀਆਂ ਦੇ ਲੀਡਰ ਹੁਣ ਇਸ ਵਕਤ ਘਬਰਾਏ ਹੋਏ ਹਨ ਅਤੇ ਰਾਤਾਂ ਦੀਆਂ ਉਹਨਾਂ ਦੀਆਂ ਨਿੰਦਰਾ ਉੱਡੀਆਂ ਹੋਈਆਂ ਹਨ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਦੇ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਜਿੱਥੇ ਸਰਕਾਰ ਬਣਨ ਜਾ ਰਹੀ ਹੈ। 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਸਰਕਾਰ ਏ ਖਾਲਸਾ ਬਣ ਕੇ ਹੀ ਰਹੇਗੀ। ਜਿੱਥੇ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਤੇ ਉਨਾਂ ਦੇ ਸਾਥੀ ਜੇਲ ਵਿੱਚੋਂ ਰਿਹਾਅ ਹੋਣਗੇ ਉੱਥੇ ਹੀ ਬੰਦੀ ਸਿੰਘਾ ਨੂੰ ਵੀ ਜੇਲ੍ਹਾ ਵਿੱਚੋਂ ਰਿਹਾਅ ਕਰਵਾਇਆ ਜਾਵੇਗਾ ਅਤੇ ਪੰਜਾਬ ਦੇ ਹਰ ਇੱਕ ਵਰਗ ਦਾ ਜਿੱਥੇ ਪਹਿਲ ਦੇ ਅਧਾਰ ਤੇ ਖਿਆਲ ਰੱਖਿਆ ਜਾਵੇਗਾ ਅਤੇ ਹਰ ਕਿਸੇ ਦੀਆਂ ਮੁਸ਼ਕਿਲਾਂ ਦਾ ਹੱਲ ਹੋਵੇਗਾ।

ਰਾਮਲੀਲਾ ਦੇ ਤੀਜੇ ਦਿਨ ਮੁੱਖ ਮਹਿਮਾਨਾਂ ਨੇ ਰਿਬਨ ਕੱਟ ਕੇ ਕੀਤੀ ਸ਼ੁਰੂਆਤ, ਤਾੜਕਾ ਵਧ ਅਤੇ ਅਹਿੱਲਿਆ ਉੱਧਾਰ ਦਾ ਹੋਇਆ ਜੀਵੰਤ ਮੰਚਨ

ਰੂਪਨਗਰ 13 ਅਕਤੂਬਰ ਨਵੀਨ ਦਰਦੀ – ਸ੍ਰੀ ਹਨੂੰਮਾਨ ਮੰਦਰ, ਮਹਾਵੀਰ ਦਲ ਰੂਪਨਗਰ ਵੱਲੋਂ ਸਥਾਨਕ ਮਕਬਰਾ ਗ੍ਰਾਊਂਡ ਵਿਖੇ ਕਰਵਾਈ ਜਾ ਰਹੀ ਸਾਲਾਨਾ ਰਾਮਲੀਲਾ ਦੇ ਤੀਜੇ ਦਿਨ ਧਾਰਮਿਕ ਅਤੇ ਸੱਭਿਆਚਾਰਕ ਦ੍ਰਿਸ਼ਾਂ ਦੀ ਭਾਵਪੂਰਤ ਪੇਸ਼ਕਾਰੀ ਕੀਤੀ ਗਈ। ਤੀਜੇ ਦਿਨ ਦੇ ਪ੍ਰੋਗਰਾਮ ਦੀ ਸ਼ੁਰੂਆਤ ਮੁੱਖ ਮਹਿਮਾਨ ਅਸ਼ੋਕ ਕੁਮਾਰ ਸ਼ਰਮਾ, ਰਾਜੇਸ਼ ਕੁਮਾਰ ਭੋਲਾ ਅਤੇ ਬੇਬੀ ਜੀ ਨੇ ਸਾਂਝੇ ਤੌਰ 'ਤੇ ਰਿਬਨ ਕੱਟ ਕੇ ਕੀਤੀ। ਰਾਮਲੀਲਾ ਕਮੇਟੀ ਅਤੇ ਮਹਾਵੀਰ ਦਲ ਦੇ ਅਹੁਦੇਦਾਰਾਂ ਵੱਲੋਂ ਮੁੱਖ ਮਹਿਮਾਨਾਂ ਦਾ ਨਿੱਘਾ ਸਵਾਗਤ ਕੀਤਾ ਗਿਆ ਅਤੇ ਉਨ੍ਹਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਤੋਂ ਬਾਅਦ ਮੰਚ ਉੱਤੇ ਕਲਾਕਾਰਾਂ ਨੇ ਆਪਣੀ ਸਜੀਵ ਅਦਾਕਾਰੀ ਨਾਲ ਰਾਮਾਇਣ ਕਾਲ ਦੇ ਅਨੇਕਾਂ ਮਹੱਤਵਪੂਰਨ ਪ੍ਰਸੰਗਾਂ ਨੂੰ ਦਰਸ਼ਕਾਂ ਦੇ ਸਾਹਮਣੇ ਪੇਸ਼ ਕੀਤਾ। ਲੀਲਾ ਦੌਰਾਨ ਖਰਮਸਤੀਆ, ਰਾਜਾ ਦਸ਼ਰਥ ਦਰਬਾਰ, ਤਾੜਕਾ ਵਧ, ਮਾਰੀਚ-ਸੁਬਾਹੂ ਪ੍ਰਸੰਗ, ਜਨਕਪੁਰੀ ਤੋਂ ਪ੍ਰਾਪਤ ਰਾਜਾ ਜਨਕ ਦੀ ਚਿੱਠੀ ਅਤੇ ਅਹਿੱਲਿਆ ਉੱਧਾਰ ਦੇ ਦ੍ਰਿਸ਼ਾਂ ਦਾ ਸ਼ਾਨਦਾਰ ਮੰਚਨ ਕੀਤਾ ਗਿਆ। ਮਹਾਰਿਸ਼ੀ ਵਿਸ਼ਵਾਮਿਤਰ ਵੱਲੋਂ ਰਾਜਾ ਦਸ਼ਰਥ ਦੇ ਦਰਬਾਰ ਵਿੱਚ ਪਹੁੰਚ ਕੇ ਅਸੁਰਾਂ ਦੇ ਵਿਨਾਸ਼ ਲਈ ਸ੍ਰੀ ਰਾਮ ਅਤੇ ਲਛਮਣ ਨੂੰ ਮੰਗਣ ਮੁਨਿ ਵਿਸ਼ਵਾਮਿਤਰ ਦੇ ਯੱਗ ਦੀ ਰੱਖਿਆ ਕਰਦਿਆਂ ਪ੍ਰਭੂ ਸ੍ਰੀ ਰਾਮ ਵੱਲੋਂ ਤਾੜਕਾ ਵਧ ਅਤੇ ਮਾਰੀਚ-ਸੁਬਾਹੂ ਨੂੰ ਹਰਾਉਣ ਦੇ ਦ੍ਰਿਸ਼ਾਂ ਨੂੰ ਦਰਸ਼ਕਾਂ ਨੇ ਮੰਤਰਮੁ ਹੋ ਕੇ ਦੇਖਿਆ। ਇਸ ਤੋਂ ਬਾਅਦ ਪ੍ਰਭੂ ਸ੍ਰੀ ਰਾਮ ਵੱਲੋਂ ਚਰਨ ਸਪਰਸ਼ ਨਾਲ ਪੱਥਰ ਬਣੀ ਅਹਿੱਲਿਆ ਦਾ ਉੱਧਾਰ ਕਰਨ ਵਾਲੇ ਦ੍ਰਿਸ਼ ਨੇ ਹਾਜ਼ਰ ਸੰਗਤ ਨੂੰ ਭਾਵੁਕ ਕਰ ਦਿੱਤਾ।

ਇਸ ਮੌਕੇ ਰਾਮਲੀਲਾ ਕਮੇਟੀ ਦੇ ਪ੍ਰਧਾਨ ਸ੍ਰੀ ਯੋਗੇਸ਼ ਗੁਪਤਾ ਜੀ ਅਤੇ ਮਹਾਵੀਰ ਦਲ ਦੇ ਪ੍ਰਧਾਨ ਸ੍ਰੀ ਕਪਿਲ ਦੇਵ ਸ਼ਰਮਾ ਜੀ ਨੇ ਪੁੱਜੇ ਹੋਏ ਸਾਰੇ ਮਹਿਮਾਨਾਂ ਅਤੇ ਸ਼ਰਧਾਲੂਆਂ ਦਾ ਧੰਨਵਾਦ ਕੀਤਾ। ਮਹਾਵੀਰ ਦਲ ਦੇ ਪ੍ਰਧਾਨ ਕਪਿਲ ਦੇਵ ਸ਼ਰਮਾ ਨੇ ਸਮੂਹ ਸ਼ਹਿਰ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਭਗਵਾਨ ਸ੍ਰੀ ਰਾਮ ਦਾ ਜੀਵਨ ਸਾਨੂੰ ਅਧਰਮ ਉੱਤੇ ਧਰਮ ਦੀ ਜਿੱਤ ਅਤੇ ਵੱਡਿਆਂ ਦੀ ਆਗਿਆ ਦਾ ਪਾਲਣ ਕਰਨ ਦੀ ਪ੍ਰੇਰਣਾ ਦਿੰਦਾ ਹੈ। ਉਨ੍ਹਾਂ ਸਮੂਹ ਨਗਰ ਨਿਵਾਸੀਆਂ ਨੂੰ ਬੇਨਤੀ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਸਨਾਤਨ ਸੰਸਕ੍ਰਿਤੀ ਅਤੇ ਨੈਤਿਕ ਮੁੱਲਾਂ ਨਾਲ ਜੋੜਨ ਲਈ ਰੋਜ਼ਾਨਾ ਸਪਰਿਵਾਰ ਰਾਮਲੀਲਾ ਦੇਖਣ ਜ਼ਰੂਰ ਪਹੁੰਚਣ ਰਾਮਲੀਲਾ ਦੇ ਤੀਜੇ ਦਿਨ ਵੀ ਮਕਬਰਾ ਗ੍ਰਾਊਂਡ ਵਿੱਚ ਭਾਰੀ ਗਿਣਤੀ ਵਿੱਚ ਸ਼ਰਧਾਲੂ ਉਮੜੇ ਅਤੇ ਪੂਰਾ ਮਾਹੌਲ 'ਜੈ ਸ੍ਰੀ ਰਾਮ' ਦੇ ਜੈਕਾਰਿਆਂ ਨਾਲ ਗੂੰਜਾਇਮਾਨ ਰਿਹਾ।

ਪੰਜਾਬ ਵਿੱਚ ਲੋਕ ਸੰਪਰਕ ਮੁਹਿੰਮ ਨੂੰ ਮਿਲ ਰਿਹਾ ਵੱਡਾ ਹੁੰਗਾਰਾ, 32 ਪਰਿਵਾਰ ਹੋਏ ਭਾਜਪਾ 'ਚ ਸ਼ਾਮਲ

ਨਿਹਾਲ ਸਿੰਘ ਵਾਲਾ, 13 ਅਕਤੂਬਰ (ਜਸਵਿੰਦਰ ਸਿੰਘ ਛਿੰਦਾ) ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਹਰਿਦਰ ਸਿੰਘ ਸੇਖੋਂ ਆਈ ਟੀ ਸੈਲ ਐਗਜਿਕਿਊਟਿਵ ਮੈਂਬਰ ਪੰਜਾਬ ਵੱਲੋਂ ਮੋਗਾ ਜ਼ਿਲ੍ਹੇ ਦੇ ਵੱਖ-ਵੱਖ ਦਿਹਾਤੀ ਖੇਤਰਾਂ ਵਿੱਚ ਲਗਾਤਾਰ ਲੋਕ ਸੰਪਰਕ ਮਹਿਮ ਜਾਰੀ ਹੈ ਇਸ ਮੌਕੇ ਤੇ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਹਰਿਦਰ ਸਿੰਘ ਸੇਖੋਂ ਨੇ ਕਿਹਾ ਕਿ ਉਨ੍ਹਾਂ ਅਤੇ ਉਨ੍ਹਾਂ ਦੀ ਟੀਮ ਵੱਲੋਂ ਚਲਾਈ ਜਾ ਰਹੀ ਲੋਕ ਸੰਪਰਕ ਮੁਹਿੰਮ ਰਾਹੀਂ ਹੁਣ ਤੱਕ ਵੱਡੀ ਗਿਣਤੀ ਵਿੱਚ ਲੋਕ ਭਾਰਤੀ ਜਨਤਾ ਪਾਰਟੀ ਨਾਲ ਜੁੜ ਚੁੱਕੇ ਹਨ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਮੋਗਾ ਦੇ ਹਲਕਾ ਨਿਹਾਲ ਸਿੰਘ ਵਾਲਾ ਵਿੱਚ ਵੀ ਉਨ੍ਹਾਂ ਅਤੇ ਉਨ੍ਹਾਂ ਦੀ ਟੀਮ ਮੈਂਬਰ ਨਾਲ ਮਿਲ ਕੇ ਲੋਕ ਸਪਰੰਕ ਮਹਿਮ ਨੂੰ ਹਰਿਦਰ ਸੇਖੋਂ ਅੱਗੇ ਵਧਾਉਂਦੇ ਹੋਏ ਅੱਜ 32 ਨਵੇਂ ਪਰਿਵਾਰਾਂ ਨੇ ਵੱਖ ਵੱਖ ਪਾਰਟੀਆਂ ਛੱਡ ਕੇ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਿਲ ਹੋਏ ਪਿੰਡ ਰਾਮਾ ਹਲਕਾ ਨਿਹਾਲ ਸਿੰਘ ਵਾਲਾ ਜਿਲਾ ਮੋਗਾ ਵਿਖੇ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਿਲ ਹੋਣ ਵਾਲੇ ਪਰਿਵਾਰ ਨੱਛਤਰ ਸਿੰਘ ਰਣਜੀਤ ਕੌਰ ਮਨਜਿੰਦਰ ਸਿੰਘ ਸੁਖਵਿੰਦਰ ਕੌਰ ਰਾਜ ਕੌਰ ਗੁਰਮੀਤ ਕੌਰ ਹਰਜਿੰਦਰ ਕੌਰ ਸਿਮਰਨ ਕੌਰ ਜਸਵੀਰ ਕੌਰ ਚਰਨਜੀਤ ਕੌਰ ਹਰਜਿੰਦਰ ਕੌਰ ਗੁਰਮੇਲ ਕੌਰ ਬਲਵੀਰ ਕੌਰ ਬਲਜੀਤ ਕੌਰ ਜਸਬੀਰ ਕੌਰ ਅਮਨਦੀਪ ਕੌਰ ਜਸਵੀਰ ਕੌਰ ਹਰਜੋਤ ਕੌਰ ਕਰਮਜੀਤ ਕੌਰ ਬਲਜੀਤ ਕੌਰ ਪਰਮਜੀਤ ਕੌਰ ਪ੍ਰੀਤਮ ਕੌਰ ਸੁਖਵਿੰਦਰ ਕੌਰ ਮਲਜੀਤ ਕੌਰ ਜਸਵੀਰ ਕੌਰ ਲਾਭ ਸਿੰਘ ਭੋਲਾ ਸਿੰਘ ਮੰਗਲ ਸਿੰਘ ਕਾਕਾ ਸਿੰਘ ਰੇਸਮ ਸਿੰਘ ਰਾਮ ਸਿੰਘ ਕੇਬਲ ਸਿੰਘ ਜੰਟਾ ਸਿੰਘ ਇਹਨਾਂ ਸਾਰੇ ਪਰਿਵਾਰਾਂ ਨੇ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋਕੇ ਕਿਹਾ ਕਿ ਅਸੀਂ ਪਾਰਟੀ ਦੀ ਬੇਹਤਰੀ ਲਈ ਕੰਮ ਕਰਾਂਗੇ ਅਤੇ 2027 ਵਿੱਚ ਪੰਜਾਬ ਵਿਚ ਬੀ ਦੇ ਪੀ ਸਰਕਾਰ ਬਣਾਉਣ ਲਈ ਪੂਰਨ ਸਹਿਯੋਗ ।

ਵਿਧਾਇਕ ਕੋਹਲੀ ਤੇ ਮੇਅਰ ਨੇ 50 ਲੱਖ ਰੁਪਏ ਦੀ ਲਾਗਤ ਨਾਲ ਸੜਕ ਦਾ ਕੀਤਾ ਉਦਘਾਟਨ

ਪਟਿਆਲਾ, 12 ਅਕਤੂਬਰ(ਰਾਜਿੰਦਰ ਸਿੰਘ ਥਿੰਦ)- ਪਟਿਆਲਾ ਦੇ ਢਿੱਲੋਂ ਕਲੋਨੀ ਸਥਿਤ ਸੜਕ ਦਾ ਅੱਜ ਪਟਿਆਲਾ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਅਤੇ ਨਗਰ ਨਿਗਮ ਦੇ ਮੇਅਰ ਕੁੰਦਨ ਗੋਗੀਆ ਨੇ ਉਦਘਾਟਨ ਕੀਤਾ ਇਸ ਸੜਕ ਦੀ ਲਾਗਤ 50 ਲੱਖ ਰੁਪਏ ਆਵੇਗੀ ਇਸ ਤੋਂ ਪਹਿਲਾਂ ਵੀ ਪਟਿਆਲਾ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਚ ਸੜਕਾਂ ਬਣਾਈਆਂ ਗਈਆਂ ਹਨ। ਵਿਧਾਇਕ ਅਜੀਤਪਾਲ ਕੋਹਲੀ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਦੀਆਂ ਹਦਾਇਤਾਂ ਮੁਤਾਬਿਕ ਲੋਕਾਂ ਦੀ ਸੁਵਿਧਾ ਲਈ ਇਹ ਸੜਕਾਂ ਦਾ ਕੰਮ ਤੇਜ਼ੀ ਨਾਲ ਪਿਛਲੇ ਲੰਬੇ ਸਮੇਂ ਤੋਂ ਚੱਲ ਰਿਹਾ ਹੈ। ਵਿਧਾਇਕ ਨੇ ਕਿਹਾ ਕਿ ਇਸ ਸੜਕ ਦੇ ਬਣਨ ਨਾਲ ਇਲਾਕਾ ਨਿਵਾਸੀਆਂ ਨੂੰ ਆਵਾਜਾਈ ਵਿੱਚ ਵੱਡੀ ਰਾਹਤ ਮਿਲੇਗੀ ਅਤੇ ਖੇਤਰ ਦੀ ਦਿੱਖ ਵੀ ਹੋਰ ਸੁੰਦਰ ਬਣੇਗੀ। ਅਜੀਤ ਪਾਲ ਕੋਹਲੀ ਨੇ ਕਿਹਾ ਜੀ ਇਹ ਪਟਿਆਲਾ ਸ਼ਹਿਰ ਦੇ ਕਈ ਇਲਾਕਿਆਂ ਨੂੰ ਜੋੜਨ ਵਾਲੀ ਮੁੱਖ ਸੜਕ ਹੈ ਇੱਥੋਂ ਤੱਕ ਕਿ ਆਸ ਪਾਸ ਦੇ ਦਕਾਲਾ ਰੋਡ ਸਥਿਤ ਪਿੰਡਾਂ ਤੱਕ ਵੀ ਇਹ ਸੜਕ ਜੋੜਦੀ ਹੈ ਇਥੋਂ ਹਰ ਰੋਜ ਲੱਖਾਂ ਲੋਕ ਆਵਾਜਾਈ ਕਰਦੇ ਹਨ ਇਸ ਲਈ ਲੋਕਾਂ ਦੀਆਂ ਦਿੱਕਤਾਂ ਮੁੱਖ ਰੱਖਦੇ ਹੋਏ ਅਜਿਹੀਆਂ ਸੜਕਾਂ ਪੈਲ ਦੇ ਅਧਾਰ ਤੇ ਬਣਾਈਆਂ ਜਾ ਰਹੀਆਂ।

ਸ਼ਹਿਰ ਵਿੱਚ ਸਾਫ ਸੁਥਰਾ ਬਣਾਉਣ ਲਈ ਸ਼ਹਿਰ ਵਾਸੀ ਕਰਨ ਸਹਿਯੋਗ : ਵਿਧਾਇਕ ਕਾਕਾ ਬਰਾੜ

ਸ੍ਰੀ ਮੁਕਤਸਰ ਸਾਹਿਬ, 13 ਅਕਤੂਬਰ (ਆਦੇਸ਼)- ਪਵਿੱਤਰ ਸ਼ਹਿਰ ਸ੍ਰੀ ਮੁਕਤਸਰ ਸਾਹਿਬ ਵਿੱਚ ਨਗਰ ਕੌਂਸਲ ਆਮ ਆਦਮੀ ਪਾਰਟੀ ਦੀ ਬਨਣ ਉਪਰੰਤ ਸ਼ੁਰੂ ਹੋਇਆ ਸਫਾਈ ਅਭਿਆਨ ਲਗਾਤਾਰ ਜਾਰੀ ਹੈ। ਇਸੇ ਕੜੀ ਤਹਿਤ ਅੱਜ ਵੱਡੇ ਪੱਧਰ ਤੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਦੀ ਅਗਵਾਈ ਹੇਠ ਸ਼ਹਿਰ ਦੇ ਮੇਨ ਬਠਿੰਡਾ ਰੋਡ, ਜਲਾਲਾਬਾਦ ਰੋਡ ਤੇ ਰੇਲਵੇ ਪੁੱਲ ਦੇ ਹੇਠਾਂ ਤੋਂ ਇਲਾਵਾ ਮੋੜ ਰੋਡ ਰੇਲਵੇ ਫਾਟਕ ਤੋਂ ਲੈ ਕੇ ਜਲਾਲਾਬਾਦ ਰੋਡ ਰੇਲਵੇ ਫਾਟਕ ਤੱਕ ਸਫਾਈ ਅਭਿਆਨ ਚੱਲਿਆ। ਇਸ ਮੌਕੇ ਨਗਰ ਕੌਂਸਲ ਦੇ ਪ੍ਰਧਾਨ ਯੋਗਿਤਾ ਗੁੰਬਰ ਦੇ ਪਤੀ ਅਤੇ ਬਲਾਕ ਪ੍ਰਧਾਨ ਵਿੱਕੀ ਗੁੰਬਰ, ਸੀ ਮੀਤ ਪ੍ਰਧਾਨ ਹਰਦੀਪ ਸਿੰਘ ਕਾਲਾ, ਮੀਤ ਪ੍ਰਧਾਨ ਗੁਰਪਿੰਦਰ ਸਿੰਘ ਸ਼ੈਲੀ ਤੋਂ ਇਲਾਵਾ ਸਮੂਹ ਆਮ ਆਦਮੀ ਪਾਰਟੀ ਦੇ ਕੌਂਸਲਰ ਵੀ ਵੱਖੋਂ ਵੱਖਰੇ ਰੋਡ ਤੇ ਨਿਗਰਾਨੀ ਕਰ ਰਹੇ ਸਨ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਆਖਿਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਬਨਣ